ਸੋਮਵਾਰ, 7 ਅਪ੍ਰੈਲ, 2025
25 ਚੇਤ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 306

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • MONDAY, 7 APRIL, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਐੱਮ ਏ ਬੇਬੀ ਮਾਰਕਸੀ ਪਾਰਟੀ ਦੇ ਜਨਰਲ ਸਕੱਤਰ ਚੁਣੇ ਗਏ

ਮਦੁਰਾਇ : ਮਰੀਅਮ ਅਲੈਗਜ਼ੈਂਡਰ ਬੇਬੀ, ਜਿਨ੍ਹਾ ਨੂੰ ਐੱਮ ਏ ਬੇਬੀ ਵਜੋਂ ਜਾਣਿਆ ਜਾਂਦਾ ਹੈ, ਐਤਵਾਰ ਇੱਥੇ ਸੀ ਪੀ ਆਈ (ਐੱਮ) ਦੀ 24ਵੀਂ ਕਾਂਗਰਸ ਵਿੱਚ ਪਾਰਟੀ ਦਾ ਜਨਰਲ ਸਕੱਤਰ ਚੁਣ ਲਿਆ ਗਿਆ। ਉਹ ਸੀਤਾ ਰਾਮ ਯੇਚੁਰੀ ਦੀ ਥਾਂ ਲੈਣਗੇ, ਜਿਨ੍ਹਾ ਦਾ ਸਤੰਬਰ 2024 ਵਿੱਚ ਦੇਹਾਂਤ ਹੋ ਗਿਆ ਸੀ। 71 ਸਾਲਾ ਕਾਮਰੇਡ ਬੇਬੀ ਈ ਐੱਮ ਐੱਸ ਨੰਬੂਦਰੀਪਾਦ ਤੋਂ ਬਾਅਦ ਪਾਰਟੀ ਦੇ ਜਨਰਲ ਸਕੱਤਰ ਬਣਨ ਵਾਲੇ ਕੇਰਲਾ ਦੇ ਦੂਜੇ ਆਗੂ ਹਨ। ਕਾਮਰੇਡ ਯੇਚੁਰੀ ਦੀ ਮੌਤ ਤੋਂ ਬਾਅਦ ਪ੍ਰਕਾਸ਼ ਕਰਤ ਕੋਆਰਡੀਨੇਟਰ ਵਜੋਂ ਪਾਰਟੀ ਚਲਾ ਰਹੇ ਸਨ।

ਕੇਰਲਾ ਦੇ ਕੋਲਮ ਜ਼ਿਲ੍ਹੇ ਦੇ ਪਰਾਕੁਲਮ ਦੇ ਬੇਬੀ ਕੇਰਲਾ ਦੇ ਸਿੱਖਿਆ ਮੰਤਰੀ ਵੀ ਰਹਿ ਚੁੱਕੇ ਹਨ। ਉਹ ਪਾਰਟੀ ਦੇ ਵਿਦਿਆਰਥੀ ਵਿੰਗ ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ ਰਾਹੀਂ ਸਰਗਰਮ ਸਿਆਸਤ ਵਿੱਚ ਆਏ ਸਨ। ਉਹ 1986 ਤੋਂ 1998 ਤੱਕ ਰਾਜ ਸਭਾ ਦੇ ਲਗਾਤਾਰ ਦੋ ਵਾਰ ਮੈਂਬਰ ਰਹਿ ਚੁੱਕੇ ਹਨ। ਉਹ ਪਾਰਟੀ ਦੇ ਉਸ ਗਰੁੱਪ ਨਾਲ ਸੰਬੰਧ ਰੱਖਦੇ ਹਨ, ਜਿਸ ਦਾ ਵਿਸ਼ਵਾਸ ਹੈ ਕਿ ਪਾਰਟੀ ਨੂੰ ਜਨਤਕ ਆਧਾਰ ਬਣਾਉਣ ਲਈ ਜ਼ੋਰ ਲਾਉਣਾ ਚਾਹੀਦਾ ਹੈ।

84 ਮੈਂਬਰੀ ਨਵੀਂ ਕੇਂਦਰੀ ਕਮੇਟੀ ਨੇ ਕਾਮਰੇਡ ਬੇਬੀ ਨੂੰ ਜਨਰਲ ਸਕੱਤਰ ਚੁਣਿਆ। ਉਹ 2012 ਤੋਂ ਪਾਰਟੀ ਦੇ ਪੋਲਿਟ ਬਿਊਰੋ ਵਿੱਚ ਸਨ। ਕਿਸਾਨ ਸਭਾ ਦੇ ਪ੍ਰਧਾਨ ਅਸ਼ੋਕ ਧਵਾਲੇ, ਬੀ ਵੀ ਰਘਾਵੁੱਲੂ ਤੇ ਪੱਛਮੀ ਬੰਗਾਲ ਦੇ ਸਕੱਤਰ ਮੁਹੰਮਦ ਸਲੀਮ ਦੇ ਨਾਵਾਂ 'ਤੇ ਵੀ ਚਰਚਾ ਹੋਈ ਪਰ ਆਖਰ ਕਾਮਰੇਡ ਬੇਬੀ ਹੀ ਚੁਣੇ ਗਏ। 72 ਸਾਲਾ ਧਵਾਲੇ ਨੇ ਮਹਾਰਾਸ਼ਟਰ ਵਿੱਚ ਕਿਸਾਨਾਂ ਦਾ ਇਤਿਹਾਸਕ ਲਾਂਗ ਮਾਰਚ ਜਥੇਬੰਦ ਕੀਤਾ ਸੀ ਪਰ ਉਮਰ ਕਰਕੇ ਉਹ ਪੱਛੜ ਗਏ। ਇੱਕ ਵਰਗ ਨੇ

78 ਸਾਲਾ ਬ੍ਰਿੰਦਾ ਕਰਤ ਦੀ ਹਮਾਇਤ ਕੀਤੀ ਸੀ ਜਦਕਿ ਕੁਝ ਹੋਰ ਮਾਣਿਕ ਸਰਕਾਰ ਨੂੰ ਜਨਰਲ ਸਕੱਤਰ ਬਣਾਉਣਾ ਚਾਹੁੰਦੇ ਸੀ ਪਰ ਪਾਰਟੀ ਨੇ ਇਨ੍ਹਾਂ ਨੂੰ ਉਮਰ ਹੱਦ (75) ਵਿੱਚ ਛੋਟ ਨਹੀਂ ਦਿੱਤੀ।

ਨਵੇਂ ਚੁਣੇ ਗਏ ਪੋਲਿਟ ਬਿਊਰੋ ਦੇ 18 ਮੈਂਬਰ ਹੋਣਗੇ। ਪਹਿਲਾਂ 17 ਹੁੰਦੇ ਸਨ। ਪੋਲਿਟ ਬਿਊਰੋ ਵਿੱਚ 8 ਨਵੇਂ ਚਿਹਰੇ ਸ਼ਾਮਲ ਕੀਤੇ ਗਏ ਹਨ। ਪ੍ਰਕਾਸ਼ ਕਰਤ, ਬ੍ਰਿੰਦਾ ਕਰਤ ਤੇ ਤ੍ਰਿਪੁਰਾ ਦੇ ਸਾਬਕਾ ਮੁੱਖ ਮੰਤਰੀ ਮਾਣਿਕ ਸਰਕਾਰ ਸਣੇ 8 ਮੈਂਬਰਾਂ ਨੂੰ 75 ਸਾਲ ਤੋਂ ਉੱਪਰ ਦੇ ਹੋਣ ਕਰਕੇ ਪੋਲਿਟ ਬਿਊਰੋ ਵਿੱਚੋਂ ਹਟਾਇਆ ਗਿਆ ਹੈ। ਬਾਹਰ ਹੋਣ ਵਾਲਿਆਂ ਵਿੱਚ ਸੂਰੀਆਕਾਂਤ ਮਿਸ਼ਰਾ, ਸੁਭਾਸਨੀ ਅਲੀ, ਸ੍ਰੀਨਿਵਾਸ ਰਾਓ ਤੇ ਜੀ ਰਮਾਕ੍ਰਿਸ਼ਨਨ ਵੀ ਹਨ। 75 ਸਾਲ ਦੀ ਹੱਦ ਤੋਂ ਸਿਰਫ ਕੇਰਲਾ ਦੇ ਮੁੱਖ ਮੰਤਰੀ ਪਿਨਾਰਾਈ ਵਿਜਯਨ (79) ਨੂੰ ਛੋਟ ਦਿੱਤੀ ਗਈ ਹੈ। ਨਵੇਂ ਪੋਲਿਟ ਬਿਊਰੋ ਮੈਂਬਰਾਂ ਵਿੱਚ ਪਿਨਾਰਾਈ ਵਿਜਯਨ, ਬੀ ਵੀ ਰਘਾਵੁੱਲੂ, ਤਪਨ ਸੇਨ, ਨਿਲੋਤਪਲ ਬਾਸੂ, ਮੁਹੰਮਦ ਸਲੀਮ, ਏ ਵਿਜੇਰਾਘਵਨ, ਅਸ਼ੋਕ ਧਵਾਲੇ, ਰਾਮਚੰਦਰ ਡੋਮੇ, ਐੱਮ ਵੀ ਗੋਵਿੰਦਨ, ਕਿਸਾਨ ਸਭਾ ਦੇ ਜਨਰਲ ਸਕੱਤਰ ਵਿਜੂ ਕ੍ਰਿਸ਼ਨਨ, ਆਲ ਇੰਡੀਆ ਡੈਮੋਕਰੇਟਿਕ ਵੋਮੈਨਜ਼ ਐਸੋਸੀਏਸ਼ਨ ਦੀ ਜਨਰਲ ਸਕੱਤਰ ਮਰੀਅਮ ਧਵਾਲੇ, ਲੋਕ ਸਭਾ ਮੈਂਬਰ ਅਮਰਾ ਰਾਮ, ਅਰੁਣ ਕੁਮਾਰ, ਯੂ ਵਾਸੂਕੀ, ਕੇ ਬਾਲਾਕ੍ਰਿਸ਼ਨਨ, ਜਤਿੰਦਰ ਚੌਧਰੀ, ਸ੍ਰੀਦੀਪ ਭੱਟਾਚਾਰੀਆ, ਅਰੁਣ ਕੁਮਾਰ ਤੇ ਐੱਮ ਏ ਬੇਬੀ ਸ਼ਾਮਲ ਹਨ।

85 ਮੈਂਬਰੀ ਕੇਂਦਰੀ ਕਮੇਟੀ ਵਿੱਚ 17 ਮਹਿਲਾਵਾਂ ਸਣੇ 30 ਨਵੇਂ ਮੈਂਬਰ ਪਾਏ ਗਏ ਹਨ। ਪ੍ਰਕਾਸ਼ ਕਰਤ, ਬ੍ਰਿੰਦਾ ਕਰਤ, ਮਾਣਿਕ ਸਰਕਾਰ, ਸੁਭਾਸਨੀ ਅਲੀ, ਐੱਸ ਰਾਮਾਚੰਦਰਨ ਪਿੱਲੈ, ਬਿਮਾਨ ਬਾਸੂ ਤੇ ਹਨਨ ਮੋਲ੍ਹਾ ਕੇਂਦਰੀ ਕਮੇਟੀ ਵਿੱਚ ਸਪੈਸ਼ਲ ਇਨਵਾਇਟੀ ਹੋਣਗੇ। ਰਾਜ ਸਭਾ ਮੈਂਬਰ ਜੌਹਨ ਬ੍ਰਿਟਸ, ਸੁਧਾਨਵਾ ਦੇਸ਼ਪਾਂਡੇ, ਬਾਲ ਸਿੰਘ ਤੇ ਸੁਦੀਪ ਦੱਤਾ ਕੇਂਦਰੀ ਕਮੇਟੀ ਦੇ ਪਰਮਾਨੈਂਟ ਇਨਵਾਇਟੀ ਬਣਾਏ ਗਏ ਹਨ।

ਪਾਰਟੀ ਢਾਂਚੇ ਵਿੱਚ ਇਹ ਤਬਦੀਲੀਆਂ ਉਦੋਂ ਹੋਈਆਂ ਹਨ, ਜਦੋਂ ਪਾਰਟੀ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਖੁਸਦੇ ਜਨਤਕ ਆਧਾਰ ਨੂੰ ਬਚਾਉਣ ਲਈ ਯਤਨਸ਼ੀਲ ਹੈ। ਇਸ ਵੇਲੇ ਪਾਰਟੀ ਸਿਰਫ ਕੇਰਲਾ ਵਿੱਚ ਖੱਬੇ ਭਾਈਵਾਲਾਂ ਨਾਲ ਮਿਲ ਕੇ ਸਰਕਾਰ ਚਲਾ ਰਹੀ ਹੈ।

ਕਰਤ ਜੋੜੇ ਸਣੇ 8 ਮੈਂਬਰ ਪੋਲਿਟ ਬਿਊਰੋ 'ਚੋਂ ਬਾਹਰ

ਡੱਲੇਵਾਲ ਵੱਲੋਂ ਮਰਨ ਵਰਤ ਖਤਮ ਕਰਨ ਦਾ ਐਲਾਨ

ਚੰਡੀਗੜ੍ਹ : ਕਿਸਾਨ ਨੇਤਾ ਜਗਜੀਤ ਸਿੰਘ ਡੱਲੇਵਾਲ ਨੇ ਐਤਵਾਰ ਆਪਣਾ 131 ਦਿਨ ਤੋਂ ਚੱਲਿਆ ਆ ਰਿਹਾ ਮਰਨ ਵਰਤ ਸਰਹਿੰਦ ਵਿਖੇ ਖਤਮ ਕਰ ਦਿੱਤਾ। ਉਨ੍ਹਾ 26 ਨਵੰਬਰ 2024 ਨੂੰ ਮਰਨ ਵਰਤ ਸ਼ੁਰੂ ਕੀਤਾ ਸੀ ਅਤੇ 18 ਜਨਵਰੀ ਤੋਂ ਮੈਡੀਕਲ ਸਹੂਲਤ ਲੈਣੀ ਸ਼ੁਰੂ ਕੀਤੀ ਸੀ। ਉਹ ਕੁਝ ਦਿਨ ਪਹਿਲਾਂ ਹੀ ਹਸਪਤਾਲ 'ਚੋਂ ਡਿਸਚਾਰਜ ਹੋਏ ਸਨ। ਡੱਲੇਵਾਲ ਨੇ ਮਰਨ ਵਰਤ ਖਤਮ ਕਰਨ ਦਾ ਐਲਾਨ ਐੱਸ ਕੇ ਐੱਮ (ਗੈਰਸਿਆਸੀ) ਦੀਆਂ ਕਿਸਾਨ ਜਥੇਬੰਦੀਆਂ ਦੀ ਮਹਾਂਪੰਚਾਇਤ ਦੇ ਫੈਸਲੇ ਉਪਰੰਤ ਕੀਤਾ। ਡੱਲੇਵਾਲ ਨੇ ਕਿਹਾ ਕਿ ਉਸ ਨੂੰ ਕਿਸਾਨ ਨੇਤਾਵਾਂ ਵਲੋਂ ਵਾਰ-ਵਾਰ ਭੁੱਖ-ਹੜਤਾਲ ਖਤਮ ਕਰਨ ਲਈ ਕਿਹਾ ਜਾ ਰਿਹਾ ਸੀ ਜਿਸ ਨੂੰ ਮੁੱਖ ਰੱਖ ਕੇ ਉਨ੍ਹਾ ਇਹ ਫੈਸਲਾ ਕੀਤਾ। ਇਸ ਮਗਰੋਂ ਡੱਲੇਵਾਲ ਹੋਰ ਕਿਸਾਨ ਨੇਤਾਵਾਂ ਸਮੇਤ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਨਤਮਸਤਕ ਹੋਏ, ਜਿਥੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਹਰਪਾਲ ਸਿੰਘ ਨੇ ਜਲ ਪਿਲਾ ਕੇ ਮਰਨ ਵਰਤ ਤੁੜਵਾਇਆ।

ਡੱਲੇਵਾਲ ਨੇ ਐਲਾਨ ਕੀਤਾ ਕਿ ਭਾਵੇਂ ਕਿ ਪੰਜਾਬ ਸਰਕਾਰ ਨੇ ਹਿਰਾਸਤ ਵਿੱਚ ਲਏ ਗਏ ਕਿਸਾਨਾਂ ਨੂੰ ਰਿਹਾਅ ਕਰ ਦਿੱਤਾ ਹੈ, ਪਰ ਕਿਸਾਨਾਂ ਦੀ ਐੱਮ ਐੱਸ ਪੀ ਸਮੇਤ ਬਾਕੀ ਮੰਗਾਂ 'ਤੇ ਲੜਾਈ ਜਾਰੀ ਰਹੇਗੀ। ਜੇ ਇਨ੍ਹਾਂ ਮੰਗਾਂ ਖਾਤਰ ਮੋਰਚਾ ਦੁਬਾਰਾ ਵੀ ਲਾਉਣਾ ਪਿਆ ਤਾਂ ਲਾਵਾਂਗੇ ਅਤੇ ਅਗਲੀ ਵਾਰ ਇਸ ਤੋਂ ਵੀ ਵੱਡਾ ਸੰਘਰਸ਼ ਉਲੀਕਿਆ ਜਾਵੇਗਾ।

ਡੱਲੇਵਾਲ ਨੇ ਪੰਜਾਬ ਅਤੇ ਕੇਂਦਰ ਸਰਕਾਰ ਦੀ ਅਲੋਚਨਾ ਕਰਦਿਆਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਨੇ ਆਪਣੇ ਦਿੱਲੀ ਦੇ ਨੇਤਾਵਾਂ ਨੂੰ ਬਚਾਉਣ ਲਈ ਕੇਦਰ ਸਰਕਾਰ ਨਾਲ ਮਿਲ ਕੇ ਸਾਜ਼ਿਸ਼ ਅਧੀਨ ਉਨ੍ਹਾਂ ਨੂੰ ਮੀਟਿੰਗ ਲਈ ਬੁਲਾ ਕੇ ਗ੍ਰਿਫਤਾਰ ਕੀਤਾ ਜਿਸ ਦਾ ਆਉਣ ਵਾਲੇ ਸਮੇਂ ਵਿੱਚ ਖਮਿਆਜ਼ਾ ਭੁਗਤਣਾ ਪਵੇਗਾ। ਉਨ੍ਹਾ ਕਿਸਾਨਾਂ ਤੋਂ ਹੱਥ ਖੜ੍ਹੇ ਕਰਵਾ ਕੇ ਪ੍ਰਵਾਨਗੀ ਲਈ ਕਿ ਆਉਣ ਵਾਲੇ ਸਮੇਂ ਵਿਚ ਹੋਰ ਵੀ ਮਜ਼ਬੂਤੀ ਨਾਲ ਸੰਘਰਸ਼ ਕੀਤਾ ਜਾਵੇਗਾ।

ਕਿਸਾਨ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਮੁੜ ਕਿਸਾਨਾਂ ਦੇ ਵੱਡੇ-ਵੱਡੇ ਇਕੱਠ ਕੀਤੇ ਜਾਣਗੇ ਅਤੇ ਕਿਸਾਨਾਂ ਨੂੰ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਚਲਾਏ ਮੋਰਚਿਆਂ ਦੀਆਂ ਮੰਗਾਂ ਦੇ ਸੰਬੰਧ ਵਿੱਚ ਜਾਗਰੂਕ ਵੀ ਕੀਤਾ ਜਾਵੇਗਾ। ਇਸ ਦੇ ਨਾਲ ਹੀ ਪੰਜਾਬ ਦੇ ਨਾਲ-ਨਾਲ ਦੇਸ਼ ਭਰ ਵਿੱਚ ਵੀ ਮਹਾਂਪੰਚਾਇਤਾਂ ਕੀਤੀਆਂ ਜਾਣਗੀਆਂ। ਬੀਤੇ ਦਿਨ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਵੀ ਡੱਲੇਵਾਲ ਨੂੰ ਮਰਨ ਵਰਤ ਖਤਮ ਕਰਨ ਦੀ ਅਪੀਲ ਕੀਤੀ ਸੀ। ਕੇਂਦਰੀ ਮੰਤਰੀ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਪੋਸਟ ਸ਼ੇਅਰ ਕਰਦਿਆਂ ਗੱਲਬਾਤ ਦਾ ਦੌਰ ਜਾਰੀ ਰੱਖਣ ਦੀ ਗੱਲ ਕਹੀ ਸੀ। ਉਨ੍ਹਾ ਕਿਹਾ ਸੀ ਕਿ ਪਹਿਲਾਂ ਤੋਂ ਤੈਅ ਮਿਤੀ ਅਨੁਸਾਰ 4 ਮਈ ਨੂੰ ਸਵੇਰੇ 11 ਵਜੇ ਉਹ ਕਿਸਾਨ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਲਈ ਮਿਲਣਗੇ।

ਵਿਲ ਸਮਿੱਥ ਦਿਲਜੀਤ ਨਾਲ ਥਿਰਕਿਆ

ਨਵੀਂ ਦਿੱਲੀ : ਦਿਲਜੀਤ ਦੋਸਾਂਝ ਨੇ ਹਾਲ ਹੀ ਵਿੱਚ ਹੌਲੀਵੁੱਡ ਸਟਾਰ ਵਿਲ ਸਮਿੱਥ ਨਾਲ ਆਪਣੇ ਗੀਤ 'ਕੇਸ' ਉੱਤੇ ਨਾਲ ਭੰਗੜਾ ਪਾਇਆ। ਦਿਲਜੀਤ ਨੇ ਐਤਵਾਰ ਆਪਣੇ ਇੰਸਟਾਗ੍ਰਾਮ ਅਕਾਊਂਟ ਉੱਤੇ ਵੀਡੀਓ ਸਾਂਝੀ ਕਰਦਿਆਂ ਲਿਖਿਆ, "ਪੰਜਾਬੀ ਆ ਗਏ ਓਏ ਵਿਦ ਵਨ ਐਂਡ ਓਨਲੀ ਲਿਵਿੰਗ ਲੀਜੈਂਡ ਵਿਲ ਸਮਿੱਥ। ਕਿੰਗ ਵਿਲ ਸਮਿੱਥ ਨੂੰ ਭੰਗੜਾ ਪਾਉਂਦੇ ਦੇਖਣਾ ਤੇ ਪੰਜਾਬੀ ਢੋਲ ਬੀਟ ਦਾ ਮਜ਼ਾ ਲੈਂਦੇ ਦੇਖਣਾ ਪ੍ਰੇਰਣਾਦਾਇਕ ਹੈ।"

ਪੁਲਸ 'ਚ ਵੱਡਾ ਰੱਦੋਬਦਲ

ਚੰਡੀਗੜ੍ਹ : ਗ੍ਰਹਿ ਵਿਭਾਗ ਨੇ ਐਤਵਾਰ 97 ਆਈ ਪੀ ਐੱਸ ਅਧਿਕਾਰੀਆਂ ਦੇ ਤਬਾਦਲੇ ਕੀਤੇ ਹਨ, ਜਿਨ੍ਹਾਂ ਵਿਚ ਜ਼ਿਆਦਾ ਬਦਲੀਆਂ ਐੱਸ ਪੀਜ਼ ਦੀਆਂ ਹਨ। ਇਸੇ ਤਰ੍ਹਾਂ 65 ਡੀ ਐੱਸ ਪੀ ਬਦਲੇ ਗਏ ਹਨ। ਪੰਜਾਬ ਸਰਕਾਰ ਨੇ ਨਸ਼ਿਆਂ ਖਿਲਾਫ ਚਲਾਈ ਮੁਹਿੰਮ ਤਹਿਤ ਇਹ ਅਧਿਕਾਰੀ ਬਦਲੇ ਹਨ।

ਅਕਾਲੀ ਦਲ ਵਰਕਿੰਗ ਕਮੇਟੀ ਦੀ ਭਲਕੇ ਮੀਟਿੰਗ

ਚੰਡੀਗੜ੍ਹ : ਸ਼੍ਰੋਮਣੀ ਅਕਾਲੀ ਦਲ ਨੇ ਵਰਕਿੰਗ ਕਮੇਟੀ ਦੀ ਮੀਟਿੰਗ 8 ਅਪਰੈਲ ਨੂੰ ਦੁਪਹਿਰ 2 ਵਜੇ ਇੱਥੇ ਸੱਦੀ ਹੈ। ਅਕਾਲੀ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਟਵੀਟ ਕਰਕੇ ਇਹ ਜਾਣਕਾਰੀ ਸਾਂਝੀ ਕੀਤੀ ਹੈ।

ਵਜ਼ੀਰਾਬਾਦ ਦੇ ਮਾਲਖਾਨੇ 'ਚ ਅੱਗ ਨਾਲ 345 ਗੱਡੀਆਂ ਤਬਾਹ

ਨਵੀਂ ਦਿੱਲੀ : ਉੱਤਰ ਪੂਰਬੀ ਦਿੱਲੀ ਦੇ ਵਜ਼ੀਰਾਬਾਦ ਖੇਤਰ ਵਿੱਚ ਐਤਵਾਰ ਤੜਕੇ ਕਰੀਬ ਚਾਰ ਵਜੇ ਅੱਗ ਲੱਗਣ ਕਾਰਨ ਦਿੱਲੀ ਪੁਲਸ ਦਾ ਮਾਲਖਾਨਾ (ਸਟੋਰਹਾਊਸ) ਸੜ ਕੇ ਸੁਆਹ ਹੋ ਗਿਆ। ਕੁੱਲ 345 ਗੱਡੀਆਂ ਸੜ ਕੇ ਤਬਾਹ ਹੋ ਗਈਆਂ। ਅੱਗ 'ਤੇ ਕਾਬੂ ਪਾਉਣ ਵਿੱਚ ਦੋ ਘੰਟੇ ਲੱਗ ਗਏ। ਪਿਛਲੇ ਸਾਲ ਅਗਸਤ ਵਿੱਚ ਵੀ ਇੱਥੇ 280 ਵਾਹਨ ਸੜ ਗਏ ਸਨ। ਲੰਘੇ ਵੀਰਵਾਰ ਨਹਿਰੂ ਪਲੇਸ ਵਿੱਚ ਦਿੱਲੀ ਟਰੈਫਿਕ ਪੁਲਸ ਦੇ ਸਟੋਰ 'ਚ ਕਰੀਬ 100 ਵਾਹਨ ਸੜ ਗਏ ਸਨ।

ਫੌਜੀ ਵੱਲੋਂ ਖੁਦਕੁਸ਼ੀ

ਜੰਮੂ : ਰਾਮਬਨ ਜ਼ਿਲ੍ਹੇ ਦੇ ਆਰਮੀ ਕੈਂਪ ਵਿੱਚ ਫੌਜੀ ਨੇ ਐਤਵਾਰ ਵੱਡੇ ਤੜਕੇ ਆਪਣੀ ਹੀ ਸਰਵਿਸ ਰਾਈਫਲ ਨਾਲ ਗੋਲੀ ਮਾਰ ਕੇ ਖੁਦਕੁਸ਼ੀ ਕਰ ਲਈ। ਸਿਪਾਹੀ ਵਿਜੈ ਕੁਮਾਰ 26 ਰਾਸ਼ਟਰੀ ਰਾਈਫਲਜ਼ ਵਿੱਚ ਤਾਇਨਾਤ ਸੀ। ਉਹ ਧਾਰਮੁੰਡ ਫੌਜੀ ਹਸਪਤਾਲ ਵਿੱਚ ਸੰਤਰੀ ਦੀ ਡਿਊਟੀ 'ਤੇ ਤਾਇਨਾਤ ਸੀ ਜਦੋਂ ਉਸ ਨੇ 3:40 ਵਜੇ ਖੁਦ ਨੂੰ ਗੋਲੀ ਮਾਰ ਲਈ। ਰਾਜਸਥਾਨ ਦਾ ਵਿਜੈ ਕੁਮਾਰ ਕਰੀਬ ਦੋ ਮਹੀਨਿਆਂ ਦੀ ਛੁੱਟੀ ਕੱਟਣ ਮਗਰੋਂ 28 ਮਾਰਚ ਨੂੰ ਡਿਊਟੀ 'ਤੇ ਪਰਤਿਆ ਸੀ।

ਗੇਅ-ਪਰੇਡ ਰੱਦ

ਅੰਮ੍ਰਿਤਸਰ : ਇੱਥੇ ਹੋਣ ਵਾਲੀ ਗੇਅ-ਪਰੇਡ ਨੂੰ ਸਿੱਖ ਜਥੇਬੰਦੀਆਂ ਦੇ ਵਿਰੋਧ ਤੋਂ ਬਾਅਦ ਰੱਦ ਕਰ ਦਿੱਤਾ ਗਿਆ ਹੈ। ਇਸ ਦੀ ਜਾਣਕਾਰੀ ਖੁਦ ਪ੍ਰਬੰਧਕਾਂ ਨੇ ਸੋਸ਼ਲ ਮੀਡੀਆ ਜ਼ਰੀਏ ਦਿੱਤੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਮੈਂਬਰਾਂ ਦੀ ਸੁਰੱਖਿਆ ਕਰਨਾ ਉਨ੍ਹਾਂ ਦੀ ਤਰਜੀਹ ਹੈ।

ਦੋ ਪਿਸਤੌਲਾਂ ਤੇ ਨਕਲੀ ਕਰੰਸੀ ਨਾਲ ਫੜਿਆ

ਅੰਮ੍ਰਿਤਸਰ : ਦਿਹਾਤੀ ਪੁਲਸ ਨੇ ਜਰਮਨ ਸਿੰਘ ਨੂੰ ਹਥਿਆਰਾਂ ਅਤੇ ਨਕਲੀ ਕਰੰਸੀ ਸਮੇਤ ਗ੍ਰਿਫਤਾਰ ਕੀਤਾ ਹੈ। ਉਹ ਕਥਿਤ ਤੌਰ 'ਤੇ ਪਾਕਿਸਤਾਨ ਦੀ ਖੁਫੀਆ ਏਜੰਸੀ ਆਈ ਐੱਸ ਆਈ ਲਈ ਕੰਮ ਕਰ ਰਿਹਾ ਸੀ। ਉਸ ਕੋਲੋਂ ਇੱਕ ਗਲਾਕ (9 ਐੱਮ ਐੱਮ ਪਿਸਤੌਲ), ਇੱਕ 30 ਕੈਲੀਬਰ ਪਿਸਤੌਲ, 3 ਮੈਗਜ਼ੀਨ ਅਤੇ 2,15,500 ਰੁਪਏ ਦੀ ਨਕਲੀ ਕਰੰਸੀ ਬਰਾਮਦ ਕੀਤੀ ਗਈ ਹੈ।

ਸਮੁੰਦਰੀ ਪੁਲ ਦਾ ਉਦਘਾਟਨ

ਰਾਮੇਸ਼ਵਰਮ (ਤਾਮਿਲ ਨਾਡੂ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਰਾਮਨੌਮੀ ਮੌਕੇ ਪੰਬਨ ਸਮੁੰਦਰੀ ਪੁਲ ਦਾ ਉਦਘਾਟਨ ਕੀਤਾ। ਇਹ ਰੇਲ ਲਿੰਕ ਮੁੱਖ ਭੂਮੀ ਨੂੰ ਰਾਮੇਸ਼ਵਰਮ ਟਾਪੂ ਨਾਲ ਜੋੜੇਗਾ। ਇਹ ਦੇਸ਼ ਦਾ ਪਹਿਲਾ ਵਰਟੀਕਲ ਲਿਫਟ ਮੈਕੇਨਿਜ਼ਮ ਵਾਲਾ ਪੁਲ ਹੈ, ਜਿਸ ਨੂੰ ਕਿਸੇ ਸਮੁੰਦਰੀ ਜਹਾਜ਼ ਨੂੰ ਲਾਂਘਾ ਦੇਣ ਲਈ ਵਰਟੀਕਲ ਲਿਫਟ (ਉੱਪਰ ਚੁੱਕ ਕੇ) ਕਰਕੇ ਖੋਲ੍ਹਿਆ ਜਾ ਸਕਦਾ ਹੈ। ਪੁਲ ਦੇ ਚਾਲੂ ਹੋਣ ਨਾਲ ਦੇਸ਼-ਭਰ ਅਤੇ ਵਿਦੇਸ਼ਾਂ ਤੋਂ ਸਾਲ-ਭਰ ਆਉਣ ਵਾਲੇ ਸ਼ਰਧਾਲੂਆਂ ਦਾ ਇਸ ਅਧਿਆਤਮਿਕ ਅਸਥਾਨ ਨਾਲ ਰਾਬਤਾ ਬਿਹਤਰ ਹੋਵੇਗਾ। ਪ੍ਰਧਾਨ ਮੰਤਰੀ ਨੇ ਪੁਲ ਦੇ ਵਰਟੀਕਲ ਲਿਫਟ ਮੈਕੇਨਿਜ਼ਮ ਨੂੰ ਰਿਮੋਟਲੀ ਚਲਾਇਆ ਅਤੇ ਰਾਮੇਸ਼ਵਰਮ-ਤਾਂਬਰਮ ਐਕਸਪ੍ਰੈੱਸ ਅਤੇ ਇੱਕ ਕੋਸਟ ਗਾਰਡ ਜਹਾਜ਼ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਨਵਾਂ ਪੰਬਨ ਪੁਲ ਅਤੇ ਇਸ ਦਾ ਵਰਟੀਕਲ ਲਿਫਟ ਸਪੈਨ ਦੇਸ਼ ਵਿੱਚ ਆਪਣੀ ਕਿਸਮ ਦਾ ਪਹਿਲਾ ਹੈ।

ਮਾਲੇਗਾਓਂ ਧਮਾਕਾ ਕੇਸ ਸੁਣ ਰਹੇ ਜੱਜ ਦਾ ਤਬਾਦਲਾ

ਮੁੰਬਈ : 2008 ਮਾਲੇਗਾਓਂ ਧਮਾਕਾ ਕੇਸ ਦੀ ਸੁਣਵਾਈ ਕਰ ਰਹੇ ਵਿਸ਼ੇਸ਼ ਐੱਨ ਆਈ ਏ ਕੋਰਟ ਦੇ ਜੱਜ ਏ ਕੇ ਲਾਹੋਟੀ ਨੂੰ ਨਾਸਿਕ ਤਬਦੀਲ ਕਰ ਦਿੱਤਾ ਗ

7-APRIL-PAGE-1.qxd 4/6/2025 9:22 PM Page 2

ਆਸ਼ਾ ਵਰਕਰਾਂ ਨੇ ਪੰਜਾਬ ਸਰਕਾਰ ਦੇ ਬਜਟ 'ਤੇ ਨਿਰਾਸ਼ਾ ਪ੍ਰਗਟਾਈ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਜਿਲਾ ਪ੍ਰਧਾਨ ਮਨਦੀਪ ਕੌਰ ਦੀਦਾਰੇਵਾਲਾ ਨੇ ਨਿਰਾਸ਼ਾ ਭਰੇ ਸ਼ਬਦਾਂ ਵਿਚ ਕਿਹਾ ਪੰਜਾਬ ਭਰ ਦੀਆਂ ਆਸ਼ਾ ਵਰਕਰਾਂ ਪੰਜਾਬ ਸਰਕਾਰ ਦੇ ਬੱਜਟ ਤੋਂ ਬਹੁਤ ਉਮੀਦਾਂ ਲਾਈਂ ਬੈਠੀਆਂ ਸਨ, ਪ੍ਰੰਤੂ ਅਫ਼ਸੋਸ ਹੋਇਆ ਕਿ ਪੰਜਾਬ ਸਰਕਾਰ ਨੇ ਚੌਥਾ ਬੱਜਟ ਪੇਸ਼ ਕੀਤਾ, ਪਰ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਨੂੰ ਬਜਟ ਵਿੱਚ ਕੁੱਝ ਵੀ ਨਹੀਂ ਦਿੱਤਾ, ਜਦਕਿ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਉਹਨਾਂ ਨਾਲ ਵਾਅਦਾ ਕੀਤਾ ਸੀ ਕਿ ਉਨ੍ਹਾਂ ਦੇ ਮਾਣ ਭੱਤੇ ਡਬਲ ਕੀਤੇ ਜਾਣਗੇ।ਇਸ ਬਜਟ ਤੋਂ ਬਾਅਦ ਪੰਜਾਬ ਭਰ ਦੀਆਂ ਵਰਕਰਾਂ ਵਿੱਚ ਭਾਰੀ ਰੋਸ ਤੇ ਬੇਚੈਨੀ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇੱਕ ਪਾਸੇ ਤਾਂ ਸਿਹਤ ਸਹੂਲਤਾਂ ਨੂੰ ਪ੍ਰਫੁੱਲਤ ਕਰਨ ਦੇ ਲਈ ਵੱਡੇ-ਵੱਡੇ ਦਾਅਵੇ ਕਰ ਰਹੀ ਹੈ ਪਰੰਤੂ ਦੂਜੇ ਪਾਸੇ ਘਰ-ਘਰ ਸਿਹਤ ਸੇਵਾਵਾਂ ਪੁਚਾਉਣ ਵਾਲੀਆਂ ਆਸ਼ਾ ਵਰਕਰਾਂ ਨੂੰ ਨਜ਼ਰ ਅੰਦਾਜ਼ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਆਸ਼ਾ ਵਰਕਰ ਤੇ ਫਸੀਲੀਟਰ ਯੂਨੀਅਨ ਪੰਜਾਬ ਪਿਛਲੇ 15 ਸਾਲਾਂ ਤੋਂ ਆਪਣੇ ਹੱਕਾਂ ਲਈ ਸੰਘਰਸ਼ ਕਰਦੀ ਆ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਆਪਣਾ ਸੰਘਰਸ਼ ਜਾਰੀ ਰੱਖੇਗੀ। ਉਨ੍ਹਾਂ ਦੀ ਮੰਗ ਹੈ ਕਿ ਪੰਜਾਬ ਸਰਕਾਰ ਆਸ਼ਾ ਵਰਕਰਾਂ ਦੀਆਂ ਜਾਇਜ਼ ਮੰਗਾਂ ਨੂੰ ਪ੍ਰਵਾਨ ਕਰਦੇ ਹੋਏ ਲਾਗੂ ਕਰੇ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰਾਂ ਸਿਹਤ ਵਿਭਾਗ ਵਿੱਚ ਆਫ ਲਾਇਨ ਤੇ ਆਨਲਾਈਨ ਕੰਮ ਕਰਨ ਦੀ ਪਹਿਲੀ ਕਤਾਰ ਵਿੱਚ ਲੋਕ ਭਲਾਈ, ਲੋਕ ਸੇਵਾ ਕਰਦੀਆਂ ਹਨ, ਸਰਕਾਰ ਨੂੰ ਚਾਹੀਦਾ ਸੀ ਕਿ ਬਜ਼ਟ ਸਾਡੇ ਹੱਕਾਂ ਲਈ ਰਾਖਵਾਂ ਰੱਖਿਆ ਜਾਂਦਾ, ਪ੍ਰੰਤੂ ਅਜਿਹਾ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਚੱਲ ਰਹੀ ਸਰਕਾਰ ਅਸਲ ਮੁੱਦਿਆਂ ਤੋਂ ਭਟਕ ਚੁੱਕੀ ਹੈ।

ਸੇਖਾ ਕਲਾਂ ਤੋਂ ਮਾੜੀ ਮੁਸਤਫ਼ਾ ਤੱਕ ਸੜਕ ਬਣਾਉਣ ਲਈ ਫੰਡ ਜਾਰੀ ਕਰਨ 'ਤੇ ਕੀਤਾ ਧੰਨਵਾਦ

ਬਾਘਾ ਪੁਰਾਣਾ (ਮਨੀ ਸਿੰਗਲਾ)-ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਭਰਾ ਸੋਨੀ ਧਾਲੀਵਾਲ ਤੇ ਪਿੰਡ ਮਾੜੀ ਮੁਸਤਫਾ ਦੇ ਸਰਪੰਚ ਗੁਰਭੇਜ ਸਿੰਘ ਨੇ ਕਿਹਾ ਕਿ ਜੋ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਪਿੰਡ ਮਾੜੀ ਮੁਸਤਫਾ ਤੋਂ ਪਿੰਡ ਸੇਖਾ ਕਲਾਂ ਤੱਕ ਸੜਕ ਬਣਾਉਣ ਲਈ ਜੋ ਫੰਡ ਜਾਰੀ ਕੀਤੇ ਹਨ, ਉਸ ਲਈ ਉਹ ਹਲਕਾ ਵਿਧਾਇਕ ਦਾ ਧੰਨਵਾਦ ਕਰਦੇ ਹਨ, ਕਿਉਂਕਿ ਪਿਛਲੇ ਲੰਮੇ ਸਮੇਂ ਤੋਂ ਇਸ ਸੜਕ ਦੀ ਉਸਾਰੀ ਦਾ ਕੰਮ ਰੁਕਿਆ ਹੋਇਆ ਸੀ, ਕਿਉਂਕਿ ਸਮੇਂ ਦੀਆਂ ਸਰਕਾਰ ਦੇ ਨੁਮਾਇੰਦੇ ਉਕਤ ਪਿੰਡਾਂ ਦੇ ਲੋਕਾਂ ਨੂੰ ਸਿਰਫ ਆਪਣੀ ਵੋਟ ਬੈਂਕ ਤੱਕ ਹੀ ਸੀਮਤ ਰੱਖਦੇ ਸਨ, ਪਰ ਐਮ.ਐਲ.ਏ ਸੁਖਾਨੰਦ ਨੇ ਪਿੰਡ ਮਾੜੀ ਮੁਸਤਫ਼ਾ ਤੋਂ ਸੇਖਾ ਕਲਾਂ ਤੱਕ ਪੰਜ ਕਿਲੋਮੀਟਰ ਤੱਕ ਬਣਨ ਵਾਲੀ ਸੜਕ, ਜਿਸ ਦੇ ਨਿਰਮਾਣ 'ਤੇ ਲਗਭਗ ਦੋ ਕਰੋੜ ਰੁਪਏ ਖਰਚ ਹੋਣਗੇ ਤੇ ਇਸ ਸੜਕ ਦੇ ਬਣਨ ਦੇ ਬਾਅਦ ਇਲਾਕੇ ਦੇ ਵਸਨੀਕਾਂ ਨੂੰ ਆਵਾਜਾਈ ਵਿਚ ਅਸਾਨੀ ਮਿਲੇਗੀ।ਸੋਨੀ ਧਾਲੀਵਾਲ ਤੇ ਪਿੰਡ ਮਾੜੀ ਮੁਸਤਫਾ ਦੇ ਸਰਪੰਚ ਗੁਰਭੇਜ ਸਿੰਘ ਨੇ ਕਿਹ ਕਿ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਰਹਿਨੁਮਾਈ ਹੇਠ ਹਲਕੇ ਦਾ ਸਰਬਪੱਖੀ ਵਿਕਾਸ ਹੋ ਰਿਹਾ ਹੈ ਤੇ ਵਿਧਾਇਕ ਪੰਜਾਬ ਸਰਕਾਰ ਵੱਲੋਂ ਬਾਘਾ ਪੁਰਾਣਾ ਅੰਦਰ ਕਰੋੜਾਂ ਰੁਪਏ ਦੇ ਪ੍ਰਾਜੈਕਟ ਲਾਉਣ ਦੇ ਇਲਾਵਾ ਹਲਕਾ ਵਾਸੀਆਂ ਨੂੰ ਸਿਹਤ ਸੇਵਾਵਾਂ ਦੇਣ ਵੱਲ ਵੀ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਿਧਾਇਕ ਸੁਖਾਨੰਦ ਨੇ ਹਲਕੇ ਦੇ ਸਰਕਾਰੀ ਸਕੂਲਾਂ ਦੀ ਹਾਲਤ ਸੁਧਾਰਨ ਲਈ ਵੀ ਪੰਜਾਬ ਸਰਕਾਰ ਦੇ ਤੋਂ ਕਰੋੜਾਂ ਰੁਪਏ ਦੇ ਫੰਡ ਜਾਰੀ ਕਰਵਾਏ ਹਨ ਤਾਂ ਜੁ ਸਕੂਲਾਂ ਵਿਚ ਬੱਚਿਆਂ ਨੂੰ ਕਿਸੇ ਵੀ ਤਰ੍ਹਾਂ ਦੀ ਕਿਸੇ ਵੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।ਅਖੀਰ ਸੋਨੀ ਧਾਲੀਵਾਲ ਨੇ ਕਿਹਾ ਕਿ ਪਿੰਡ ਮਾੜੀ ਮੁਸਤਫ਼ਾ ਦੇ ਲੋਕਾਂ ਵਿਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ, ਕਿਉਂਕਿ ਇਸ ਸੜਕ ਬਣਨ ਦੇ ਨਾਲ ਪਿੰਡ ਦੇ ਲੋਕਾਂ ਨੂੰ ਸੁੱਖ ਸਹੂਲਤਾਂ ਮਿਲਣਗੀਆਂ ਤੇ ਜਿੱਥੇ ਪਹਿਲਾਂ ਲੰਮਾ ਪੈਂਡਾ ਤੈਅ ਕਰ ਕੇ ਪਿੰਡ ਦੇ ਲੋਕਾਂ ਸੇਖਾ ਕਲਾਂ ਜਾਣਾ ਪੈਂਦਾ ਸੀ ਤੇ ਹੁਣ ਉਨ੍ਹਾਂ ਨੂੰ ਪਿੰਡ ਸੇਖਾ ਕਲਾਂ ਵਿਚ ਜਾਣ ਲਈ ਅਸਾਨੀ ਹੋਵੇਗੀ।

ਵਰਦੀਆਂ ਤੇ ਖੇਡਾਂ ਦਾ ਸਮਾਨ ਵੰਡਿਆ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਪਿੰਡ ਮਾਛੀਕੇ ਦੇ ਕਬੱਡੀ ਖਿਡਾਰੀਆਂ ਲਈ ਵਰਦੀਆਂ ਤੇ ਗੋਲ ਕੋਨਾ ਤੇ ਚੌਰਸ ਕੋਨਾ ਛੋਟੇ ਹਰਡਲ, ਵੱਡੇ ਹਰਡਲ ਮਨਜੀਤ ਸਿੰਘ ਬਿਲਾਸਪੁਰ ਐੱਮ ਐੱਲ ਏ ਵੱਲੋਂ ਜਾਰੀ ਕੀਤੀ ਗਈ ਗ੍ਰਾਂਟ ਦੁਆਰਾ ਸਰਪੰਚ ਜਗਮੋਹਨ ਸਿੰਘ ਤੇ ਸਮੂਹ ਗ੍ਰਾਮ ਪੰਚਾਇਤ ਤੇ ਬਲਾਕ ਪਰਧਾਨ ਡਾਕਟਰ ਬੱਬੂ ਮਾਛੀਕੇ ਤੇ ਆਮ ਆਦਮੀ ਪਾਰਟੀ ਦੀ ਟੀਮ ਦੁਆਰਾ ਵੰਡੀਆਂ ਗਈਆਂ।

ਪ੍ਰਭ ਆਸਰਾ ਨਿਆਸਰਿਆਂ ਦੇ ਘਰ ਲਈ ਹਰ ਤਰ੍ਹਾਂ ਦੇ ਯੋਗਦਾਨ ਦੇਣ ਦਾ ਵਾਅਦਾ

ਜਗਰਾਉਂ (ਸੰਜੀਵ ਅਰੋੜਾ)-ਪ੍ਰਭ ਆਸਰਾ ਨਿਆਂਸਰਿਆਂ ਦੇ ਘਰ ਪਿੰਡ ਫੇਰੂਰਾਈਂ 'ਚ ਮੰਦਬੁੱਧੀ ਬੱਚਿਆਂ ਤੇ ਬਜ਼ੁਰਗਾਂ ਦੀ ਸੇਵਾ ਤੇ ਸੰਭਾਲ ਬਹੁਤ ਹੀ ਸੁਚੱਜੇ ਢੰਗ ਨਾਲ ਕੀਤੀ ਜਾ ਰਹੀ ਹੈ। ਸੰਸਥਾ ਵਿਖੇ ਕੋਈ ਨਾ ਕੋਈ ਸਮਾਜ ਦਰਦੀ ਬਜ਼ੁਰਗਾਂ ਤੋਂ ਆਸ਼ੀਰਵਾਦ ਲੈਣ ਆਉਂਦਾ ਰਹਿੰਦਾ ਹੈ। ਫੇਰੂਰਾਈਂ ਪਿੰਡ ਦੀ ਸਮੁੱਚੀ ਪੰਚਾਇਤ ਨੇ ਪ੍ਰਭ ਆਸਰਾ ਵਿਖੇ ਆ ਕੇ ਬਜ਼ੁਰਗਾਂ ਨਾਲ ਕਾਫੀ ਸਮਾਂ ਬਤੀਤ ਕੀਤਾ ਤੇ ਬਜ਼ੁਰਗਾਂ ਨਾਲ ਗੱਲਾਂ ਬਾਤਾਂ ਕੀਤੀਆਂ। ਪਿੰਡ ਦੇ ਸਰਪੰਚ ਜੀਤਾ ਤੇ ਨੀਲਾ ਮਹੰਤ ਨੇ ਸਾਂਝੇ ਤੌਰ ਦੱਸਿਆ ਕਿ ਪ੍ਰਭ ਆਸਰਾ ਸੰਸਥਾ ਵੱਲੋਂ ਅਨੇਕਾਂ ਹੀ ਸਮਾਜ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ, ਜੋ ਬਹੁਤ ਹੀ ਸ਼ਲਾਘਾਯੋਗ ਹਨ। ਅਸਲ ਵਿੱਚ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਉੱਤਮ ਸੇਵਾ ਹੈ। ਪਿੰਡ ਫੇਰੂਰਾਈਂ ਦੀ ਸਮੁੱਚੀ ਪੰਚਾਇਤ ਨੇ ਫੇਰੂਰਾਈਂ ਵਿਖੇ ਚੱਲ ਰਹੇ ਸਮਾਜ ਭਲਾਈ ਦੇ ਕੰਮਾਂ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ ਲਈ ਵੀ ਆਖਿਆ। ਨਰਿੰਦਰ ਸਿੰਘ ਗੋਰਾ ਕੈਨੇਡਾ ਨੇ ਪਿੰਡ ਦੀ ਪੰਚਾਇਤ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਖਾਦਾਂ ਦੀਆਂ ਕੀਮਤਾਂ 'ਚ ਵਾਧੇ ਨਾਲ ਕਿਸਾਨ ਹਰ ਪੱਖੋਂ ਹੋਵੇਗਾ ਕਮਜ਼ੋਰ : ਦੌਲਤਪੁਰਾ

ਮੋਗਾ (ਇਕਬਾਲ ਸਿੰਘ ਖਹਿਰਾ)-ਖ਼ਾਦ ਕੰਪਨੀਆਂ ਵੱਲੋਂ ਕਿਸਾਨਾਂ ਨੂੰ ਇਕ ਹੋਰ ਆਰਥਿਕ ਝਟਕਾ ਦਿੰਦਿਆਂ ਦੇਸ਼ 'ਚ ਸਭ ਤੋਂ ਵੱਧ ਵਰਤੀ ਜਾਂਦੀ ਐਨ.ਪੀ.ਕੇ. ਖ਼ਾਦ 'ਚ 460 ਰੁਪਏ ਪ੍ਰਤੀ ਕਵਿੰਟਲ (230 ਰੁਪਏ ਪ੍ਰਤੀ ਬੋਰੀ 50 ਕਿੱਲੋ) ਵਾਧਾ ਕੀਤਾ ਗਿਆ ਹੈ।ਭਾਰਤੀ ਯੂਨੀਅਨ ਕਿਸਾਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਦੱਸਿਆ ਕਿ ਖ਼ਾਦ ਕੰਪਨੀਆਂ ਨੇ ਐਨ.ਪੀ.ਕੇ. ਖ਼ਾਦ ਗਰੇਡ 12:32:16 ਤੇ ਗਰੇਡ 10:26:26 ਦੀ ਕੀਮਤ 1700 ਰੁਪਏ ਪ੍ਰਤੀ ਬੋਰੀ ਕਰ ਦਿੱਤੀ ਹੈ, ਜਦਕਿ ਪਹਿਲਾਂ 1470 ਰੁਪਏ ਪ੍ਰਤੀ ਗੱਟਾ ਸੀ।ਭੁਪਿੰਦਰ ਸਿੰਘ ਮਹੇਸ਼ਰੀ ਸੂਬਾ ਆਗੂ ਨੇ ਕਿਹਾ ਕਿ ਦੇਸ਼ ਦੇ ਕਿਸਾਨ ਡੀ.ਏ.ਪੀ. ਖ਼ਾਦ ਨਾਲੋਂ ਵੱਧ ਐਨ.ਪੀ.ਕੇ. ਖ਼ਾਦ ਦੀ ਵਰਤੋਂ ਕਰਦੇ ਹਨ। ਪੰਜਾਬ ਦੇ ਕਿਸਾਨਾਂ ਨੇ ਨਵੰਬਰ 2024 ਚ ਡੀ.ਏ.ਪੀ. ਦੀ ਘਾਟ ਕਾਰਨ ਐਨ. ਪੀ. ਕੇ. (12:32:16) ਖਾਦ ਦੀ ਵਰਤੋਂ ਕਰਕੇ ਕਣਕ ਦੀ ਬਿਜਾਈ ਕੀਤੀ ਸੀ।ਉਨ੍ਹਾਂ ਦੱਸਿਆ ਕਿ ਦੇਸ਼ 'ਚ ਲਗਭਗ ਐਨ. ਪੀ. ਕੇ. ਖ਼ਾਦ ਦੀ ਖਪਤ 105 ਲੱਖ ਟਨ, ਡੀ.ਏ.ਪੀ. ਖ਼ਾਦ ਦੀ ਸਾਲਾਨਾ ਖਪਤ 103 ਲੱਖ ਟਨ, ਪੋਟਾਸ਼ ਦੀ ਖਪਤ 38 ਲੱਖ ਟਨ ਤੇ ਯੂਰੀਆ 325 ਲੱਖ ਟਨ ਦੀ ਵਰਤੋਂ ਕੀਤੀ ਜਾਂਦੀ ਹੈ। ਕਿਸਾਨ ਸੂਬਾ ਆਗੂ ਗੁਲਜ਼ਾਰ ਸਿੰਘ ਘੱਲ ਕਲਾਂ, ਸੂਬਾ ਆਗੂ ਮੰਦਰਜੀਤ ਸਿੰਘ ਮਨਾਵਾਂ, ਜਿਲਾ ਆਗੂ ਬਲਕਰਨ ਸਿੰਘ ਢਿੱਲੋਂ, ਬਲਾਕ ਆਗੂ ਲਖਵਿੰਦਰ ਸਿੰਘ ਰੌਲੀ, ਜ਼ਿਲ੍ਹਾ ਦਫ਼ਤਰ ਇੰਚਾਰਜ ਪ੍ਰਕਾਸ਼ ਸਿੰਘ, ਜ਼ਿਲ੍ਹਾ ਆਗੂ ਰਸ਼ਪਾਲ ਸਿੰਘ ਪਟਵਾਰੀ, ਪਰਮਜੀਤ ਸਿੰਘ ਘਲ ਕਲਾਂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਖਾਦਾਂ ਦੀ ਸਬਸਿਡੀ 'ਚ ਹੋਰ ਵਾਧਾ ਕਰਕੇ ਖਾਦਾਂ ਦੇ ਰੇਟਾਂ ਨੂੰ ਘਟਾ ਕੇ ਦੇਸ਼ ਦੇ ਕਿਸਾਨਾਂ ਨੂੰ ਰਾਹਤ ਦੇਵੇ।

ਅਧਿਆਪਕਾਂ, ਮਾਪਿਆਂ ਤੇ ਕਿਸਾਨਾਂ 'ਤੇ ਕੀਤੇ ਤਸ਼ੱਦਦ ਦੀ ਨਿਖ਼ੇਧੀ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੂਬਾਈ ਆਗੂਆਂ ਵਰਿੰਦਰ ਸਿੰਘ ਮੋਮੀ, ਬਲਿਹਾਰ ਸਿੰਘ ਕਟਾਰੀਆ, ਜਗਰੂਪ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪੰਨੂੰ, ਪਵਨਦੀਪ ਸਿੰਘ, ਸ਼ੇਰ ਸਿੰਘ ਖੰਨਾ, ਸਿਮਰਨਜੀਤ ਸਿੰਘ ਨੀਲੋਂ, ਜਸਪ੍ਰੀਤ ਗਗਨ, ਸੁਰਿੰਦਰ ਕੁਮਾਰ ਤੇ ਜਗਸੀਰ ਸਿੰਘ ਭੰਗੂ ਨੇ ਆਪ ਸਰਕਾਰ ਵੱਲੋਂ ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ, ਮਾਪਿਆਂ ਤੇ ਕਿਸਾਨਾਂ 'ਤੇ ਕਰਵਾਏ ਅੰਨ੍ਹੇ ਤਸ਼ੱਦਦ ਤੇ ਸੰਘਰਸ਼ਸੀਲ ਲੋਕਾਂ ਨੂੰ ਪੁਲਿਸ ਸਟੇਸ਼ਨਾਂ ਵਿੱਚ ਡੱਕਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਅਤਿ-ਨਿੰਦਣਯੋਗ ਕਾਰਵਾਈ ਨੇ ਸਰਕਾਰ ਦੇ ਲੋਕ-ਹਿਤੈਸ਼ੀ ਹੋਣ ਦੇ ਦਾਅਵਿਆਂ ਦੀ ਪੂਰੀ ਤਰ੍ਹਾਂ ਪੋਲ ਖੋਲ੍ਹ ਦਿੱਤੀ ਹੈ। ਪੰਜਾਬ ਸਰਕਾਰ ਦੀ ਸ਼ਹਿ 'ਤੇ ਪੁਲਸ ਪ੍ਰਸ਼ਾਸਨ ਵੱਲੋਂ ਕੀਤੇ ਤਸ਼ੱਦਦ ਦੀ ਕਾਰਵਾਈ ਨੇ ਨਕਲੀ ਜਮਹੂਰੀਅਤ ਦਾ ਪਰਦਾਫਾਸ਼ ਕਰ ਦਿੱਤਾ ਹੈ ਅਤੇ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਹੱਕੀ ਆਵਾਜ਼ ਨੂੰ ਡੰਡੇ ਦੇ ਜ਼ੋਰ ਦਬਾ ਕੇ ਸੂਬੇ ਨੂੰ ਪੁਲਸ ਰਾਜ ਵਿੱਚ ਤਬਦੀਲ ਕੀਤਾ ਹੋਇਆ ਹੈ। ਆਦਰਸ਼ ਸਕੂਲ ਦੇ ਅਧਿਆਪਕਾਂ, ਮਾਪਿਆਂ ਦੀਆਂ ਵਾਜਬ ਮੰਗਾਂ ਨੂੰ ਪੰਜਾਬ ਸਰਕਾਰ ਨੇ ਪੂਰੀ ਤਰ੍ਹਾਂ ਦਰਕਿਨਾਰ ਕੀਤਾ ਹੋਇਆ ਹੈ। ਆਗੂਆਂ ਨੇ ਕਿਹਾ ਕਿ ਆਦਰਸ਼ ਸਕੂਲ ਦੇ ਅਧਿਆਪਕਾਂ, ਮਾਪਿਆਂ ਦੀਆਂ ਮੰਗਾਂ ਬਿਲਕੁਲ ਵਾਜਬ ਹਨ। ਪੰਜਾਬ ਸਰਕਾਰ ਇਹਨਾਂ ਮੰਗਾਂ ਪ੍ਰਤੀ ਸੰਜੀਦਗੀ ਨਾ ਦਿਖਾ ਕੇ ਆਦਰਸ਼ ਸਕੂਲ ਦੇ ਅਧਿਆਪਕਾਂ, ਮਾਪਿਆਂ ਅਤੇ ਹੋਰ ਸਮੂਹ ਸੰਘਰਸ਼ਸੀਲ ਧਿਰਾਂ ਨੂੰ ਸੰਘਰਸ਼ ਕਰਨ ਲਈ ਮਜ਼ਬੂਰ ਕਰ ਰਹੀ ਹੈ। ਆਗੂਆਂ ਨੇ ਮੰਗ ਕੀਤੀ ਕਿ ਸਕੂਲ ਦੇ ਅਧਿਆਪਕਾਂ, ਮਾਪਿਆਂ ਦੀਆਂ ਸਮੂਹ ਮੰਗਾਂ ਨੂੰ ਫੌਰੀ ਪ੍ਰਵਾਨ ਕੀਤਾ ਜਾਵੇ ਅਤੇ ਗ੍ਰਿਫ਼ਤਾਰ ਕੀਤੇ ਅਧਿਆਪਕਾਂ ਨੂੰ ਫੌਰੀ ਰਿਹਾਅ ਕੀਤਾ ਜਾਵੇ।

ਇਲੈਕਟ੍ਰੋ ਹੋਮਿਓਪੈਥਿਕ ਡਾਕਟਰ ਮੈਡੀਕਲ ਐਸੋਸੀਏਸ਼ਨ ਵੱਲੋਂ 170 ਯੂਨਿਟ ਖ਼ੂਨਦਾਨ

ਮੋਗਾ (ਇਕਬਾਲ ਸਿੰਘ)-ਇਲੈਕਟ੍ਰੋ ਹੋਮਿਓਪੈਥਿਕ ਡਾਕਟਰ ਮੈਡੀਕਲ ਐਸੋਸੀਏਸ਼ਨ ਪੰਜਾਬ ਵੱਲੋਂ ਇਲੈਕਟ੍ਰੋ ਹੋਮਿਓਪੈਥੀ ਦੇ ਜਨਮ ਦਾਤਾ ਕਾਉਂਟ ਸੀਜਰ ਮੈਟੀ ਜੀ ਦੀ 129ਵੀਂ ਬਰਸੀ ਦੇ ਮੌਕੇ ਲਾਈਫ ਕੇਅਰ ਇਲੈਕਟਰੋ ਹੋਮਿਓਪੈਥਿਕ ਸੈਂਟਰ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ। ਇਸ ਖ਼ੂਨਦਾਨ ਕੈਂਪ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਇਲੈਕਟ੍ਰੋ ਹੋਮਿਓਪੈਥਿਕ ਡਾਕਟਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਕੈਂਪ ਦੌਰਾਨ ਡਾਕਟਰਾਂ ਤੋਂ ਇਲਾਵਾ ਮੋਗਾ ਸ਼ਹਿਰ ਤੇ ਪਿੰਡਾਂ ਦੇ ਖ਼ੂਨਦਾਨੀਆਂ ਵੱਲੋਂ 170 ਯੂਨਿਟ ਖ਼ੂਨਦਾਨ ਕੀਤਾ ਗਿਆ।ਖ਼ੂਨਦਾਨ ਕੈਂਪ ਦਾ ਆਰੰਭ ਮੋਗਾ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ ਵੱਲੋਂ ਕਾਊਂਟ ਸੀਜਰ ਮੈਟੀ ਦੇ ਆਦਮਕੱਦ ਬੁੱਤ 'ਤੇ ਜੋਤ ਜਗਾ ਕੇ ਤੇ ਫੁੱਲ ਅਰਪਣ ਕਰਕੇ ਕੀਤਾ ਗਿਆ। ਉਨ੍ਹਾਂ ਨਾਲ ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੋਖੋਂ, ਪ੍ਰਧਾਨ ਡਾਕਟਰ ਜਗਮੋਹਣ ਸਿੰਘ ਧੂੜਕੋਟ, ਕੋਰ ਕਮੇਟੀ ਮੈਂਬਰ ਡਾਕਟਰ ਜਸਵਿੰਦਰ ਸਿੰਘ ਸਮਾਧ ਭਾਈ, ਡਾਕਟਰ ਮਨਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ, ਡਾਕਟਰ ਸ਼ਿੰਦਰ ਸਿੰਘ ਕਲੇਰ, ਡਾਕਟਰ ਜਗਜੀਤ ਸਿੰਘ ਗਿੱਲ, ਡਾਕਟਰ ਕਮਲਜੀਤ ਕੌਰ ਸੋਖੋਂ ਨੇ ਦੱਸਿਆ ਕਿ ਇਹ ਖ਼ੂਨਦਾਨ ਕੈਂਪ ਕਾਊਂਟ ਸੀਜ਼ਰ ਮੈਰਟੀ ਜੀ ਦੇ ਬਰਸੀ ਦੇ ਸੰਬੰਧ ਵਿੱਚ ਹਰ ਸਾਲ ਲਾਇਆ ਜਾਂਦਾ ਹੈ, ਜਿਸ ਦਾ ਮੁੱਖ ਮਨੋਰਥ ਇਲੈਕਟ੍ਰੋਪੈਥਿਕ ਦਾ ਪ੍ਰਚਾਰ ਤੇ ਪ੍ਰਸਾਰ ਕਰਨ ਤੋਂ ਇਲਾਵਾ ਸਿਵਲ ਹਸਪਤਾਲ ਵਿੱਚ ਵਧੇਰੇ ਅਜਿਹੇ ਬੱਚੇ ਹਨ, ਜੋ ਥੈਲੇਸੀਮੀਆ ਦੇ ਮਰੀਜ਼ ਹਨ, ਉਨ੍ਹਾਂ ਨੂੰ ਦੋ-ਤਿੰਨ ਮਹੀਨਿਆਂ ਬਾਅਦ ਖ਼ੂਨ ਦੀ ਜ਼ਰੂਰਤ ਪੈਂਦੀ ਹੈ। ਇਸ ਤੋਂ ਇਲਾਵਾ ਸੜਕੀ ਦੁਰਘਟਨਾਵਾਂ ਜ਼ਖ਼ਮੀ ਲੋਕਾਂ ਨੂੰ ਤੇ ਜਣੇਪੇ ਵਾਲੀਆਂ ਔਰਤਾਂ ਨੂੰ ਅਕਸਰ ਖ਼ੂਨ ਦੀ ਲੋੜ ਪੈਂਦੀ ਹੈ, ਜਿਸ ਦੀ ਪੂਰਤੀ ਲਈ ਇਲੈਕ

7 Apr Page-3.qxd 4/6/2025 9:37 PM Page 1

ਯੁੱਧ ਨਸ਼ਿਆਂ ਵਿਰੁੱਧ ਜਿੱਤਣ ਲਈ ਨੈਤਿਕ ਕਦਰਾਂ-ਕੀਮਤਾਂ ਦਾ ਵਿਸ਼ਾ ਪੜ੍ਹਾਉਣਾ ਲਾਜ਼ਮੀ ਹੋਵੇ : ਵਰਮਾ, ਸੈਣੀ ਤੇ ਧੰਦਲ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਬੈਨਰ ਹੇਠ ਕੱਢੇ ਗਏ ਵਿਸ਼ਾਲ ਮਾਰਚ ਦੌਰਾਨ ਜਿੱਥੇ ਨਸ਼ੇ ਦੇ ਵਪਾਰੀਆਂ ਨੂੰ ਸੁਚੇਤ ਕੀਤਾ ਗਿਆ, ਉੱਥੇ ਹੀ ਰਾਜਪਾਲ ਨੇ ਸਟੇਜ ਤੋਂ ਸੰਬੋਧਨ ਕਰਦਿਆਂ ਇਸ ਦੇ ਸੇਵਨ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ। ਇਸ ਦੌਰਾਨ ਜਗਤ ਪੰਜਾਬੀ ਸਭਾ ਕੈਨੇਡਾ ਦੀ ਪੰਜਾਬ ਇਕਾਈ ਦੇ ਪ੍ਰਧਾਨ ਮੁਕੇਸ਼ ਵਰਮਾ, ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਸਿੰਘ ਸੈਣੀ ਸਟੇਟ ਐਵਾਰਡੀ, ਜ਼ਿਲ੍ਹਾ ਗਾਈਡੈਂਸ ਕਾਊਂਸਲਰ ਅਤੇ ਵਾਈਸ ਪ੍ਰਧਾਨ ਸਰਵਣ ਸਿੰਘ ਧੰਦਲ ਡਾਇਰੈਕਟਰ ਸੋਂਟ ਵਾਰੀਅਰਜ਼ ਸਕੂਲ ਨੇ ਕਟਾਰੀਆ ਨੂੰ ਪੰਜਾਬ ਰਾਜ ਦੇ ਸਕੂਲਾਂ ਵਿੱਚ ਨੈਤਿਕਤਾ ਨਾਲ ਸਬੰਧਤ ਵਿਸ਼ਾ ਪੜ੍ਹਾਉਣ ਦੀ ਬੇਨਤੀ ਕਰਦਿਆਂ ਨੈਤਿਕ ਕਦਰਾਂ-ਕੀਮਤਾਂ ਨਾਲ ਸਬੰਧਤ ਕਿਤਾਬਾਂ ਭੇਟ ਕੀਤੀਆਂ ।ਇਸ ਮੌਕੇ ਪੰਜਾਬ ਇਕਾਈ ਦੇ ਪ੍ਰਧਾਨ ਮੁਕੇਸ਼ ਵਰਮਾ, ਪਰਮਿੰਦਰ ਸੈਣੀ ਅਤੇ ਸਰਵਣ ਧੰਦਲ ਨੇ ਦੱਸਿਆ ਕਿ ਜਗਤ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਅਜੈਬ ਸਿੰਘ ਚੱਠਾ ਅਤੇ ਪ੍ਰਧਾਨ ਸਰਦੂਲ ਸਿੰਘ ਖਿਆੜਾ ਦੇ ਨਿਰਦੇਸ਼ਾਂ 'ਤੇ ਅੱਜ ਇਹ ਬੇਨਤੀ ਪੱਤਰ ਰਾਜਪਾਲ ਨੂੰ ਸੌਂਪਿਆ ਗਿਆ। ਜਗਤ ਪੰਜਾਬੀ ਸਭਾ ਦੀ ਟੀਮ ਨੇ ਸਮੂਹਿਕ ਤੌਰ 'ਤੇ ਕਿਹਾ ਕਿ ਜੇਕਰ ਅੱਜ ਪੰਜਾਬ 'ਚ ਨਸ਼ੇ ਦਾ ਬੋਲਬਾਲਾ ਹੈ ਤਾਂ ਨੈਤਿਕ ਜ਼ਿੰਮੇਵਾਰੀਆਂ ਤੋਂ ਦੂਰ ਰਹਿਣਾ ਅਤੇ ਬਜ਼ੁਰਗਾਂ ਦਾ ਸਤਿਕਾਰ ਨਾ ਕਰਨਾ ਵੀ ਇਸ ਦਾ ਇਕ ਅਹਿਮ ਕਾਰਨ ਹੈ। ਅੱਜ ਨਿਊਕਲੀਅਰ ਪਰਿਵਾਰ ਅਤੇ ਇਲੈਕਟ੍ਰਾਨਿਕ ਯੰਤਰਾਂ ਕਾਰਨ ਨੌਜਵਾਨ ਆਪਣੇ ਮਾਪਿਆਂ ਤੋਂ ਦੂਰੀ ਬਣਾ ਰਹੇ ਹਨ ਮਾਨਸਿਕ ਤਣਾਉ ਕਾਰਨ ਨਸ਼ਿਆਂ ਦੇ ਜਾਲ ਵਿੱਚ ਫਸਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਨੌਜਵਾਨਾਂ ਨੂੰ ਨੈਤਿਕ ਵਿਸ਼ਿਆਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੂੰ ਦੱਸਣਾ ਹੋਵੇਗਾ ਕਿ ਸਮੱਸਿਆ ਦਾ ਹੱਲ ਬਾਹਰੋਂ ਨਹੀਂ ਸਗੋਂ ਆਪਣੇ ਪਰਵਾਰ ਤੋਂ ਹੀ ਲੱਭਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਨੈਤਿਕ ਸਿੱਖਿਆ ਰਾਹੀਂ ਨਵੇਂ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਇਸ ਲਈ ਪੰਜਾਬ ਸਰਕਾਰ ਵੱਲੋਂ ਸਕੂਲਾਂ ਵਿੱਚ ਨੈਤਿਕ ਸਿੱਖਿਆ ਬਾਰੇ ਇੱਕ ਕਿਤਾਬ ਜ਼ਰੂਰ ਛਾਪੀ ਜਾਣੀ ਚਾਹੀਦੀ ਹੈ। ਇਸ ਮੌਕੇ ਰਾਜਪਾਲ ਕਟਾਰੀਆ ਨਾਲ ਡੀ ਆਈ ਜੀ ਸਤਿੰਦਰ ਸਿੰਘ, ਏ ਡੀ ਸੀ ਜਨਰਲ ਹਰਜਿੰਦਰ ਸਿੰਘ ਬੇਦੀ, ਐਸ ਡੀ ਐਮ ਵੀਰਪਾਲ ਕੌਰ, ਡੀ ਪੀ ਆਰ ਓ ਹਰਜਿੰਦਰ ਸਿੰਘ ਕਲਸੀ, ਜ਼ਿਲ੍ਹਾ ਗਾਈਡੈਂਸ ਕਾਊਂਸਲਰ ਪਰਮਿੰਦਰ ਸਿੰਘ ਸੈਣੀ ਸਟੇਟ ਐਵਾਰਡੀ, ਸਰਵਣ ਸਿੰਘ ਡਾਇਰੈਕਟਰ ਸੋਂਟ ਵਾਰੀਅਰਜ਼ ਸਕੂਲ, ਪਵਨ ਭਾਰਦਵਾਜ, ਜਨਰਲ ਸਕੱਤਰ ਜਗਤ ਪੰਜਾਬੀ ਸਭਾ, ਪ੍ਰਿੰਸੀਪਲ ਪਰਮਵੀਰ ਸਿੰਘ, ਰੈਂਡ ਕਰਾਸ ਦੇ ਸਕੱਤਰ ਰਾਜੀਵ ਚੌਧਰੀ ਆਦਿ ਹਾਜ਼ਰ ਸਨ।

ਸ਼ਿਵਾਲਿਕ ਪਬਲਿਕ ਸਕੂਲ ਦਾ ਪੰਜਵੀਂ ਤੇ ਅੱਠਵੀਂ ਦਾ ਨਤੀਜਾ ਸੌ ਫੀਸਦੀ ਰਿਹਾ

ਝਬਾਲ (ਮੱਖਣ ਮਨੋਜ)- ਸ਼ਿਵਾਲਿਕ ਪਬਲਿਕ ਸਕੂਲ ਝਬਾਲ ਦਾ ਪੰਜਵੀਂ ਅਤੇ ਅੱਠਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲਈ ਗਈ ਅੱਠਵੀਂ ਅਤੇ ਪੰਜਵੀਂ ਜਮਾਤ ਦਾ ਸਲਾਨਾ ਨਤੀਜਾ ਘੋਸ਼ਿਤ ਕੀਤਾ ਗਿਆ, ਜਿਸ ਵਿੱਚ ਸ਼ਿਵਾਲਿਕ ਪਬਲਿਕ ਸਕੂਲ ਝਬਾਲ ਦਾ ਨਤੀਜਾ ਸੌ ਫਸਦੀ ਰਿਹਾ।ਅੱਠਵੀਂ ਜਮਾਤ ਦੇ ਸੁਖਮਨਪ੍ਰੀਤ ਸਿੰਘ ਨੇ 94.33% ਅੰਕ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਲਵਪ੍ਰੀਤ ਸਿੰਘ, ਮਹਿਕਪ੍ਰੀਤ ਕੌਰ, ਸੁਖਮਨਦੀਪ ਕੌਰ ਅਤੇ ਅਰਸ਼ਨੂਰ ਸਿੰਘ ਨੇ 90% ਤੋਂ ਵੱਧ ਅੰਕ ਹਾਸਲ ਕੀਤੇ।ਸਕੂਲ ਦੇ 11 ਬੱਚਿਆਂ ਨੇ 80% ਤੋਂ ਉੱਪਰ ਅੰਕ ਹਾਸਲ ਕੀਤੇ। ਇਸ ਤਰ੍ਹਾਂ ਪੰਜਵੀ ਕਲਾਸ ਦਾ ਨਤੀਜਾ ਸੌ ਫੀਸਦੀ ਰਿਹਾ। ਆਲਮਬੀਰ ਸਿੰਘ ਤੇ ਮੁਸਕਾਨ ਕੌਰ ਨੇ 94.6% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਦਸ ਬੱਚਿਆਂ ਦੇ ਨੰਬਰ 90% ਤੋਂ ਵੱਧ ਅਤੇ ਬਾਕੀ ਸਾਰੀ ਕਲਾਸ ਦੇ ਨੰਬਰ 80% ਤੋਂ ਵੱਧ ਆਏ ।ਸਕੂਲ ਦੇ ਐਮ ਡੀ ਅਮਰਜੀਤ ਸਿੰਘ ਸੋਹਲ ਨੇ ਦੱਸਿਆ ਕਿ 15 ਅਪ੍ਰੈਲ ਤੋਂ ਬੱਚਿਆਂ ਦੀ ਫ੍ਰੀ ਕੋਚਿੰਗ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਉਪਰੋਕਤ ਨਤੀਜਾ ਸਕੂਲ ਦੇ ਮੈਨੇਜਮੈਂਟ ਕਮੇਟੀ ਅਤੇ ਅਧਿਆਪਕਾਂ ਵਲੋਂ ਕਰਵਾਈ ਮਿਹਨਤ ਕਰਕੇ ਹੈ। ਇਸ ਮੌਕੇ ਐਮ ਡੀ ਅਮਰਜੀਤ ਸਿੰਘ ਸੋਹਲ, ਪ੍ਰਿੰਸੀਪਲ ਨਿਰਮਲ ਸਿੰਘ, ਗੁਰਪਿੰਦਰ ਸਿੰਘ, ਨਰਿੰਦਰਜੀਤ ਕੌਰ ਸੋਹਲ, ਹੈਵਨ ਸੋਹਲ, ਦਲਜੀਤ ਕੌਰ, ਸ਼ੀਤਲ ਕੁਮਾਰ, ਦਲਜੀਤ ਕੌਰ, ਮਲਕੀਅਤ ਕੌਰ, ਕੰਵਲਜੀਤ ਕੌਰ ਅਤੇ ਸਾਰਾ ਸਟਾਫ ਹਾਜ਼ਰ ਸੀ।

ਬੇਅਦਬੀ ਦਾ ਮੁੱਦਾ ਪੁੱਜਿਆ ਸ੍ਰੀ ਅਕਾਲ ਤਖਤ ਸਾਹਿਬ, ਜਥੇਦਾਰ ਨੇ ਕਾਰਵਾਈ ਦਾ ਦਿੱਤਾ ਭਰੋਸਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਮਿਲ ਕੇ ਮਾਤਾ ਦਲਜੀਤ ਕੌਰ ਸਮੇਤ ਕਿਸਾਨ ਆਗੂਆਂ ਵੱਲੋਂ 19 ਮਾਰਚ ਨੂੰ ਖਨੌਰੀ ਬਾਰਡਰ ਉੱਪਰ ਅਖੰਡ ਜਾਪ ਨੂੰ ਵਿਚਾਲੇ ਰੁਕਵਾਉਣ ਅਤੇ ਅਖੰਡ ਜੋਤ ਨੂੰ ਬੰਦ ਕਰਵਾ ਕੇ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੀ ਲਈ ਜਥੇਦਾਰ ਅਕਾਲ ਤਖਤ ਭਾਈ ਕੁਲਦੀਪ ਸਿੰਘ ਗੜਗੱਜ ਨੂੰ ਪੱਤਰ ਦਿੱਤਾ ਗਿਆ।ਖਨੌਰੀ ਬਾਰਡਰ ਉੱਪਰ 19 ਮਾਰਚ ਨੂੰ ਜਪੁਜੀ ਸਾਹਿਬ ਦੇ ਚੱਲ ਰਹੇ ਅਖੰਡ ਜਾਪ ਨੂੰ ਵਿਚਾਲੇ ਰੁਕਵਾਉਣ ਅਤੇ ਅਖੰਡ ਜੋਤ ਨੂੰ ਬੰਦ ਕਰਵਾ ਕੇ ਘੋਰ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਲਈ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਮਿਲ ਕੇ ਮਾਤਾ ਦਿਲਜੀਤ ਕੌਰ ਜੋ ਕਿ ਉਸ ਸਮੇਂ ਖਨੌਰੀ ਬਾਰਡਰ ਉੱਪਰ ਜਪੁਜੀ ਸਾਹਿਬ ਦੀ ਵੱਡੀ ਪੋਥੀ ਸਾਹਿਬ ਤੋਂ ਅਖੰਡ ਜਾਪ ਕਰ ਰਹੇ ਸਨ ਅਤੇ ਖਨੌਰੀ ਮੋਰਚੇ ਦੇ ਆਗੂਆਂ ਵਿੱਚ ਸ਼ਾਮਲ ਸੁਖਜੀਤ ਸਿੰਘ ਹਰਦੋ ਝੰਡੇ, ਲਖਵਿੰਦਰ ਸਿੰਘ ਔਲੱਖ, ਗੁਰਸਾਹਿਬ ਸਿੰਘ ਚਾਟੀਵਿੰਡ, ਮੰਗਲ ਸਿੰਘ ਰਾਮਪੁਰ, ਜਗਜੀਤ ਸਿੰਘ ਮੰਡ, ਹਰਸ਼ਦੀਪ ਸਿੰਘ, ਪਾਲ ਸਿੰਘ ਰਾਈਆਂ ਵੱਲੋਂ ਮਿਲ ਕੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਲਈ ਬੇਨਤੀ ਪੱਤਰ ਦਿੱਤਾ। ਖਨੌਰੀ ਮੋਰਚੇ ਦੇ ਆਗੂਆਂ ਵੱਲੋਂ ਦੱਸਿਆ ਗਿਆ ਕਿ 25 ਮਾਰਚ ਨੂੰ ਉਹਨਾਂ ਵੱਲੋਂ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਔਨਲਾਈਨ ਦਰਖਾਸਤ ਭੇਜੀ ਗਈ ਸੀ ਜਿਸ ਉਪਰੰਤ ਅੱਜ ਜਥੇਦਾਰ ਸਾਹਿਬ ਵੱਲੋਂ ਉਹਨਾਂ ਨੂੰ ਬੁਲਾਇਆ ਗਿਆ ਸੀ ਜਿਸ ਉਪਰੰਤ ਮੌਕੇ ਉੱਪਰ ਮੌਜੂਦ ਗਵਾਹਾਂ ਅਤੇ ਵਫਦ ਵੱਲੋਂ ਜਥੇਦਾਰ ਕੋਲ ਆਪਣੇ ਬਿਆਨ ਦਰਜ ਕਰਵਾ ਦਿੱਤੇ ਗਏ ਹਨ। ਕਿਸਾਨ ਆਗੂਆਂ ਨੇ ਦੱਸਿਆ ਕਿ ਖਨੌਰੀ ਬਾਰਡਰ ਉੱਪਰ 24 ਘੰਟੇ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਸੇਵਾ ਕਰਨ ਵਾਲੇ ਗੋਰਾ ਸਿੰਘ ਜਿਨ੍ਹਾਂ ਨੂੰ ਪੁਲਸ ਵੱਲੋਂ 19 ਮਾਰਚ ਨੂੰ ਆਪਣੀ ਹਿਰਾਸਤ ਵਿੱਚ ਲੈ ਲਿਆ ਗਿਆ ਸੀ ਉਹਨਾਂ ਵੱਲੋਂ ਬਾਹਰ ਆ ਕੇ ਦੱਸਿਅ ਕਿ ਦੋ ਸੁੰਦਰ ਗੁਟਕਾ ਸਾਹਿਬ ਜਿਨ੍ਹਾਂ ਵਿੱਚ 38,38 ਬਾਣੀਆਂ ਦੇ ਪਾਠ ਹੁੰਦੇ ਹਨ ਅਤੇ ਦੋ ਸੌਚੀਆਂ ਜੋ ਕਿ ਪਾਲਕੀ ਸਾਹਿਬ ਦੇ ਵਿੱਚ ਸਨ ਅਤੇ ਦੋ ਵੱਡੀਆਂ ਰਵਾਇਤੀ ਕਿਰਪਾਨਾਂ ਅਤੇ ਇੱਕ ਸ਼੍ਰੀ ਸਾਹਿਬ ਜਿਸ ਨਾਲ ਭੋਗ ਲਵਾਏ ਜਾਂਦੇ ਸਨ ਉਹ ਵੀ ਗਾਇਬ ਹਨ ।ਜਥੇਦਾਰ ਸਾਹਿਬ ਵੱਲੋਂ ਖਨੌਰੀ ਬਾਰਡਰ ਉੱਪਰ 19 ਮਾਰਚ ਨੂੰ ਹੋਈ ਬੇਅਦਬੀ ਦੀ ਜਾਂਚ ਕਰਨ ਸਬੰਧੀ ਸਬ ਕਮੇਟੀ ਬਣਾਉਣ ਦੇ ਆਦੇਸ਼ ਦੇ ਦਿੱਤੇ ਗਏ ਹਨ ਅਤੇ ਉਸ ਕਮੇਟੀ ਵੱਲੋਂ ਇੱਕ ਹਫਤੇ ਦੇ ਵਿੱਚ ਜਾਂਚ ਕਰਕੇ ਉਸ ਦੀ ਰਿਪੋਰਟ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਦਿੱਤੀ ਜਾਵੇਗੀ।

ਪਠਾਨਕੋਟ ਦੀਆਂ 205 ਸੜਕਾਂ ਦੀ 100 ਕਰੋੜ ਰੁਪਏ ਖਰਚ ਕਰਕੇ ਬਦਲੀ ਜਾਵੇਗੀ ਨੁਹਾਰ : ਕਟਾਰੂਚੱਕ

ਪਠਾਨਕੋਟ (ਦਵਿੰਦਰ ਸਿੰਘ) ਪੰਜਾਬ ਸਰਕਾਰ ਵੱਲੋਂ ਜਿਲ੍ਹਾ ਪਠਾਨਕੋਟ ਨੂੰ ਬਹੁਤ ਹੀ ਵਧੀਆ ਤੋਹਫਾ ਦਿੱਤਾ ਹੈ ਪਿਛਲੇ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੀਆਂ ਸੜਕਾਂ ਨੂੰ ਧਿਆਨ ਵਿੱਚ ਰੱਖ ਕੇ ਬਹੁਤ ਵੱਡੇ ਕਾਰਜ ਕੀਤੇ ਜਾ ਰਹੇ ਹਨ ਜਿਸ ਅਧੀਨ ਜਿਲ੍ਹਾ ਪਠਾਨਕੋਟ ਦੀਆਂ 205 ਰੋਡ ਜਿਸ ਦੀ ਲੰਬਾਈ 360 ਕਿਲੋ ਮੀਟਰ ਬਣਦੀ ਹੈ ਅਤੇ ਇਨ੍ਹਾਂ ਸੜਕਾਂ ਦੇ ਨਿਰਮਾਣ ਦੇ ਕਰੀਬ 100 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਪਠਾਨਕੋਟ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਨਰੇਸ਼ ਕੁਮਾਰ ਸੈਣੀ ਜਿਲ੍ਹਾ ਪ੍ਰਧਾਨ ਬੀ ਸੀ ਵਿੰਗ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਵਿਜੈ ਕਟਾਰੂਚੱਕ, ਖੁਸ਼ਬੀਰ ਕਾਟਲ, ਭੁਪਿੰਦਰ ਸਿੰਘ ਮੂੰਨਾ, ਸਰਪੰਚ ਭੋਆ ਸੁਨੀਲ ਕੁਮਾਰ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਅੱਜ ਪੰਜਾਬ ਸਰਕਾਰ ਵੱਲੋਂ ਜਿਲ੍ਹਾ ਪਠਾਨਕੋਟ ਨੂੰ ਬਹੁਤ ਵੱਡਾ ਤੋਹਫਾ ਦਿੱਤਾ ਗਿਆ ਹੈ।ਜਿਸ ਵਿੱਚ ਜਿਲ੍ਹਾ ਪਠਾਨਕੋਟ ਦੀਆਂ 205 ਸੜਕਾਂ ਨੂੰ ਬਣਾਇਆ ਜਾਵੇਗਾ ਜਿਸ ਦੀ ਲੰਬਾਈ 360 ਕਿਲੋਮੀਟਰ ਬਣਦੀ ਹੈ ਅਤੇ ਇਨ੍ਹਾਂ ਸੜਕਾਂ ਦੇ ਨਿਰਮਾਣ ਤੇ ਕਰੀਬ 100 ਕਰੋੜ ਰੁਪਏ ਖਰਚ ਕੀਤੇ ਜਾਣੇ ਹਨ। ਉਨ੍ਹਾਂ ਕਿਹਾ ਕਿ ਜਿਲ੍ਹਾ ਪਠਾਨਕੋਟ ਦੀਆਂ ਬਹੁਤ ਸਾਰੀਆਂ ਅਜਿਹੀਆਂ ਸੜਕਾਂ ਹਨ ਜਿਨ੍ਹਾਂ ਨੂੰ ਕਰੀਬ 10 ਤੋਂ 15 ਸਾਲ ਪਹਿਲਾ ਬਣਾਇਆ ਗਿਆ ਸੀ ਅਤੇ ਉਸ ਤੋਂ ਬਾਅਦ ਦੀਆਂ ਸਰਕਾਰਾਂ ਨੇ ਇਨ੍ਹਾਂ ਸੜਕਾਂ ਵੱਲ ਧਿਆਨ ਨਹੀਂ ਦਿੱਤਾ।

ਦਸ਼ਮੇਸ਼ ਸਕੂਲ ਮਹਿਤਾ ਦੀਆਂ ਤਿੰਨ ਵਿਦਿਆਰਥਣਾਂ ਨੇ ਹਾਸਲ ਕੀਤੀ ਸਟੇਟ ਮੈਰਿਟ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ) ਬੀਤੇ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ ਜਮਾਤ ਦਾ ਨਤੀਜਾ ਐਲਾਨਿਆ ਗਿਆ।ਜਿਸ ਵਿੱਚ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਦੀਆਂ ਤਿੰਨ ਵਿਦਿਆਰਥਣਾਂ ਵੱਲੋਂ ਸਟੇਟ ਮੈਰਿਟਾਂ ਹਾਸਲ ਕਰਕੇ ਜਿੱਥੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ, ਉੱਥੇ ਉਹਨਾਂ ਵਿਦਿਆਰਥਣਾਂ ਵੱਲੋਂ ਆਪਣੇ ਮਾਪਿਆਂ ਅਤੇ ਪਿੰਡ ਦਾ ਨਾਮ ਵੀ ਰੌਸ਼ਨ ਕੀਤਾ।ਸਕੂਲ ਦੀ ਵਿਦਿਆਰਥਣ ਗੁਰਸਿਮਰਨਪ੍ਰੀਤ ਕੌਰ ਨੇ 596/600 (99.33%) ਨੰਬਰ ਹਾਸਲ ਕਰਕੇ ਪੰਜਾਬ ਭਰ ਵਿੱਚੋਂ ਪੰਜਵਾਂ ਸਥਾਨ ਹਾਸਲ ਕੀਤਾ ਹੈ।ਇਸੇ ਤਰ੍ਹਾਂ ਹੀ ਗੁਰਵੀਨ ਕੌਰ ਨੇ 589/600 (98.16%) ਹਾਸਲ ਕਰਕੇ ਪੰਜਾਬ ਭਰ ਵਿੱਚੋਂ 12ਵਾਂ ਅਤੇ ਸਮਰੀਤ ਕੌਰ ਕੌਰ ਨੇ 588/600 (98%) ਅੰਕ ਪ੍ਰਾਪਤ ਕਰਕੇ ਪੰਜਾਬ ਭਰ ਵਿੱਚੋਂ 13ਵਾਂ ਸਥਾਨ ਪ੍ਰਾਪਤ ਕੀਤਾ ਹੈ।ਸਕੂਲ ਦਾ ਸ਼ਾਨਦਾਰ ਨਤੀਜਾ ਆਉਣ ਤੇ ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਸਮੁੱਚੇ ਸਟਾਫ ਨੂੰ ਵਧਾਈ ਦਿੰਦਿਆਂ ਹੋਇਆਂ ਆਖਿਆ ਇਹ ਸਭ ਕੁਝ ਪਰਮਾਤਮਾ ਦੇ ਓਟ ਆਸਰੇ, ਸਮੁੱਚੇ ਸਟਾਫ ਦੀ ਯੋਗ ਅਗਵਾਈ, ਬੱਚਿਆਂ ਦੀ ਮਿਹਨਤ ਅਤੇ ਮਾਤਾ ਪਿਤਾ ਦੀ ਪ੍ਰੇਰਨਾ ਸਦਕਾ ਹੀ ਸੰਭਵ ਹੋ ਸਕਿਆ ਹੈ। ਵਿਦਿਆਰਥਣਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਭਵਿੱਖ ਵਿੱਚ ਉਹ ਆਈ ਪੀ ਐਸ ਅਫਸਰ ਬਣ ਕੇ ਤਨਦੇਹੀ ਨਾਲ ਦੇਸ਼ ਦੀ ਸੇਵਾ ਕਰਨਾ ਚਾਹੁੰਦੀਆਂ ਹਨ। ਅੱਠਵੀਂ ਜਮਾਤ ਦਾ ਸ਼ਾਨਦਾਰ ਨਤੀਜਾ ਆਉਣ ਤੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਵਿੱਚ ਅਤਿਅੰਤ ਖੁਸ਼ੀ ਦੀ ਲਹਿਰ ਪਾਈ ਗਈ।ਸੰਸਥਾ ਦੇ ਮੈਨੇਜਰ ਹਰਸ਼ਦੀਪ ਸਿੰਘ ਰੰਧਾਵਾ ਵੱਲੋ ਵੀ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਬੱਚਿਆਂ ਨੂੰ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ।ਉਹਨਾਂ ਨੇ ਗੱਲਬਾਤ ਕਰਦਿਆਂ ਇਹ ਵੀ ਕਿਹਾ ਕਿ ਸਕੂਲ ਦੇ ਸਾਰੇ ਵਿਦਿਆਰਥੀਆ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ ਹੈ ਅਤੇ ਸਕੂਲ ਦੇ ਅੱਠਵੀਂ ਕਲਾਸ ਦੇ ਸਾਰੇ ਵਿਦਿਆਰਥੀਆਂ ਦੁਆਰਾ ਪ੍ਰੀਖਿਆ ਫਸਟ ਪੁਜ਼ੀਸ਼ਨ ਹਾਸਿਲ ਕਰਕੇ ਪਾਸ ਕੀਤੀ ਗਈ ਹੈ।ਇਸ ਮੌਕੇ ਪ੍ਰਿੰਸੀਪਲ ਗੁਰਬੀਰ ਕੌਰ, ਮਨਪ੍ਰੀਤ ਸਿੰਘ ਟੱਕਰ (ਡਾਇਰੈਕਟਰ), ਅੰਮ੍ਰਿਤਪਾਲ ਸਿੰਘ (ਕੋਆਰਡੀਨੇਟਰ), ਰਵਿੰਦਰ ਕੌਰ, ਬਲਜੀਤ ਕੌਰ ਅਤੇ ਅਨੂਦੀਪ ਕੌਰ ਹਾਜ਼ਰ ਸਨ।

ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਨਵੇਂ ਚੁਣੇ ਗਏ ਪ੍ਰਧਾਨ ਤੇ ਮੀਤ ਪ੍ਰਧਾਨ ਗੁਰਦੁਆਰਾ ਦਰਬਾਰ ਸਾਹਿਬ ਵਿਖੇ ਹੋਏ ਨਤਮਸਤਕ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਨਵੇ ਚੁਣੇ ਪ੍ਰਧਾਨ ਸ਼੍ਰੀਮਤੀ ਸ਼ਿਖਾ ਗੁਪਤਾ ਅਤੇ ਮੀਤ ਪ੍ਰ

ਨਵਾਂ ਜ਼ਮਾਨਾ
ਸੋਮਵਾਰ, 7 ਅਪ੍ਰੈਲ 2025

ਟਰੰਪ-ਮਸਕ ਜੋੜੀ ਖਿਲਾਫ ਰੋਹ

ਰਾਸ਼ਟਰਪਤੀ ਡੋਨਾਲਡ ਟਰੰਪ ਤੇ ਉਸ ਦੇ ਖਰਬਾਂਪਤੀ ਜੋਟੀਦਾਰ ਐਲਨ ਮਸਕ ਖਿਲਾਫ ਸਨਿੱਚਰਵਾਰ ਅਮਰੀਕਾ ਤੇ ਯੂਰਪੀ ਦੇਸ਼ਾਂ ਵਿੱਚ ਵੱਡੇ ਮੁਜ਼ਾਹਰੇ ਹੋਏ। 'ਹੈਂਡਜ਼ ਔਫ' (ਹੱਥ ਪਰ੍ਹੇ ਰੱਖੋ) ਨਾਂਅ ਦੇ ਇਸ ਅੰਦੋਲਨ ਤਹਿਤ ਅਮਰੀਕਾ ਦੇ ਸਾਰੇ 50 ਰਾਜਾਂ 'ਚ 1200 ਤੋਂ ਵੱਧ ਰੈਲੀਆਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਹਜ਼ਾਰਾਂ ਲੋਕਾਂ ਨੇ ਹਿੱਸਾ ਲਿਆ। ਮਨੁੱਖੀ ਅਧਿਕਾਰ ਕਾਰਕੁੰਨਾਂ, ਸਾਬਕਾ ਫੌਜੀਆਂ, ਟਰੇਡ ਯੂਨੀਅਨਾਂ, ਐੱਲ ਜੀ ਬੀ ਟੀ ਕਿਊ+ਭਾਈਚਾਰੇ ਤੇ ਹੋਰਨਾਂ ਜਥੇਬੰਦੀਆਂ ਦੇ ਮੈਂਬਰਾਂ ਨੇ ਸਰਕਾਰੀ ਨੌਕਰੀਆਂ ਵਿੱਚ ਕਟੌਤੀ, ਜਨਤਕ ਸੇਵਾਵਾਂ 'ਚ ਕਮੀ ਤੇ ਵਿਵਾਦਗ੍ਰਸਤ ਸਮਾਜੀ ਨੀਤੀਆਂ ਖਿਲਾਫ ਆਵਾਜ਼ ਬੁਲੰਦ ਕੀਤੀ। ਲੋਕਾਂ ਨੇ 'ਸਾਡੀ ਜਮਹੂਰੀਅਤ ਤੋਂ ਹੱਥ ਪਰ੍ਹੇ ਰੱਖੋ', 'ਵਿਭਿੰਨਤਾ, ਬਰਾਬਰੀ ਤੇ ਸਮਾਵੇਸ਼ ਅਮਰੀਕਾ ਨੂੰ ਮਜ਼ਬੂਤ ਕਰਦੇ ਹਨ' ਵਰਗੇ ਨਾਅਰਿਆਂ ਵਾਲੀਆਂ ਤਖਤੀਆਂ ਫੜੀਆਂ ਹੋਈਆਂ ਸਨ।

ਅਮਰੀਕਾ ਦੇ ਲੋਕ ਟਰੰਪ ਪ੍ਰਸ਼ਾਸਨ ਵੱਲੋਂ ਮਸਕ ਦੀ ਅਗਵਾਈ ਵਿੱਚ ਕਾਇਮ ਕੀਤੇ ਗਏ 'ਡਿਪਾਰਟਮੈਂਟ ਆਫ ਗਵਰਨਮੈਂਟ ਐਫੀਸ਼ਿਐਂਸੀ' ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਨੀਤੀਆਂ ਤੋਂ ਬਹੁਤ ਖ਼ਫਾ ਹਨ। ਟੈਸਲਾ, ਸਪੇਸਐਕਸ ਤੇ ਐਕਸ ਦੇ ਮਾਲਕ ਮਸਕ ਦੀ ਸੋਚ ਹੈ ਕਿ ਵੱਡੇ ਪੈਮਾਨੇ 'ਤੇ ਸਰਕਾਰੀ ਖਰਚ ਵਿੱਚ ਕਟੌਤੀ ਨਾਲ ਟੈਕਸ ਦਾਤਿਆਂ ਦੇ ਅਰਬਾਂ ਡਾਲਰ ਬਚਾਏ ਜਾ ਰਹੇ ਹਨ। ਹਾਲਾਂਕਿ ਲੋਕਾਂ ਦਾ ਕਹਿਣਾ ਹੈ ਕਿ ਇਹ ਕਦਮ ਜ਼ਰੂਰੀ ਸੇਵਾਵਾਂ ਨੂੰ ਨਸ਼ਟ ਕਰ ਰਹੇ ਹਨ। ਸਮਾਜੀ ਸੁਰੱਖਿਆ ਦਫਤਰਾਂ ਨੂੰ ਬੰਦ ਕਰਨ, ਕੇਂਦਰੀ ਮੁਲਾਜ਼ਮਾਂ ਦੀ ਵੱਡੇ ਪੈਮਾਨੇ 'ਤੇ ਛਾਂਟੀ, ਸਿਹਤ ਸੇਵਾਵਾਂ ਤੇ ਏਡਜ਼ ਤੋਂ ਰੋਕਥਾਮ ਲਈ ਫੰਡਿੰਗ ਵਿੱਚ ਕਟੌਤੀ ਨੇ ਲੋਕਾਂ ਦੇ ਗੁੱਸੇ ਨੂੰ ਭੜਕਾਇਆ ਹੈ। ਐੱਲ ਜੀ ਬੀ ਟੀ ਕਿਊ+ਭਾਈਚਾਰੇ ਦੀ ਸੁਰੱਖਿਆ ਵਿੱਚ ਕਮੀ ਵੀ ਪ੍ਰਮੁੱਖ ਮੁੱਦਾ ਹੈ। ਵਾਸ਼ਿੰਗਟਨ ਡੀ ਸੀ ਵਿੱਚ ਰੈਲੀ ਨੂੰ ਸੰਬੋਧਨ ਕਰਦਿਆਂ ਕਾਰਕੁੰਨ ਗ੍ਰੇਲੇਨ ਹਗਲਰ ਨੇ ਕਿਹਾ-ਉਨ੍ਹਾਂ ਇੱਕ ਸੁੱਤੇ ਹੋਏ ਦਾਨਵ ਨੂੰ ਜਗਾ ਦਿੱਤਾ ਹੈ। ਅਜੇ ਤਾਂ ਇਹ ਸ਼ੁਰੂਆਤ ਹੈ।

ਅਮਰੀਕੀਆਂ ਦਾ ਕਹਿਣਾ ਹੈ ਕਿ ਮਸਕ ਅਣਚੁਣਿਆ ਬੰਦਾ ਹੈ, ਜਿਹੜਾ ਸਰਕਾਰ 'ਤੇ ਨਾਜਾਇਜ਼ ਦਬਾਅ ਪਾ ਰਿਹਾ ਹੈ। ਉਸ ਦੀਆਂ ਨੀਤੀਆਂ ਜਮਹੂਰੀਅਤ ਲਈ ਖਤਰਾ ਹਨ। ਉਹ ਜਮਹੂਰੀ ਅਦਾਰਿਆਂ ਨੂੰ ਕਮਜ਼ੋਰ ਕਰ ਰਿਹਾ ਹੈ। ਅਮਰੀਕਾ ਦੇ ਨਾਲ-ਨਾਲ ਜਰਮਨੀ, ਫਰਾਂਸ, ਯੂਕੇ ਤੇ ਪੁਰਤਗਾਲ ਵਰਗੇ ਦੇਸ਼ਾਂ ਵਿੱਚ ਵੀ ਲੋਕਾਂ ਨੇ ਟਰੰਪ ਤੇ ਮਸਕ ਦੀਆਂ ਨੀਤੀਆਂ ਖਿਲਾਫ ਆਵਾਜ਼ ਉਠਾਈ ਹੈ। ਪੈਰਿਸ ਵਿੱਚ 'ਤਾਨਾਸ਼ਾਹ ਖਿਲਾਫ ਮੁਜ਼ਾਹਮਤ' ਅਤੇ 'ਜਮਹੂਰੀਅਤ ਬਚਾਓ' ਜਦਕਿ ਲੰਡਨ ਵਿੱਚ 'ਕੈਨੇਡਾ ਤੋਂ ਹੱਥ ਪਰ੍ਹੇ ਰੱਖੋ' ਅਤੇ 'ਯੂਕਰੇਨ ਤੋਂ ਹੱਥ ਪਰ੍ਹੇ ਰੱਖੋ' ਦੇ ਨਾਅਰੇ ਬੁਲੰਦ ਕੀਤੇ ਗਏ। 'ਹੱਥ ਪਰ੍ਹੇ ਰੱਖੋ' ਅੰਦੋਲਨ ਟਰੰਪ ਦੇ ਦੂਜੇ ਕਾਰਜਕਾਲ ਵਿੱਚ ਸਭ ਤੋਂ ਵੱਡਾ ਜਥੇਬੰਦ ਪ੍ਰੋਟੈੱਸਟ ਬਣ ਗਿਆ ਹੈ। ਇਹ ਨਾ ਸਿਰਫ ਅਮਰੀਕੀ ਸਰਕਾਰ ਦੀਆਂ ਨੀਤੀਆਂ ਖਿਲਾਫ ਲੋਕ ਰੋਹ ਨੂੰ ਦਰਸਾਉਂਦਾ ਹੈ, ਸਗੋਂ ਐਲਨ ਮਸਕ ਵਰਗੇ ਉਦਮੀਆਂ ਦੇ ਸਿਆਸੀ ਅਸਰ-ਰਸੂਖ 'ਤੇ ਵੀ ਸਵਾਲ ਉਠਾਉਂਦਾ ਹੈ। ਟਰੰਪ ਵੱਲੋਂ ਦੁਨੀਆ-ਭਰ ਦੇ 60 ਦੇਸ਼ਾਂ 'ਤੇ ਠੋਕੇ ਗਏ ਭਾਰੀ ਟੈਰਿਫ ਦਾ ਅਸਰ ਅਮਰੀਕਾ ਵਿੱਚ ਵੀ ਨਜ਼ਰ ਆਉਣਾ ਹੈ, ਜਿੱਥੇ ਮਹਿੰਗਾਈ ਵਧਣੀ ਹੈ। ਇਸ ਨਾਲ ਟਰੰਪ ਖਿਲਾਫ ਅੰਦੋਲਨ ਆਉਣ ਵਾਲੇ ਦਿਨਾਂ ਵਿੱਚ ਹੋਰ ਪ੍ਰਚੰਡ ਹੋਣਾ ਲਾਜ਼ਮੀ ਹੈ।

ਭਾਜਪਾ ਦੇ ਫਿਰਕੂ-ਫਾਸ਼ੀਵਾਦੀ ਰੱਥ ਨੂੰ ਰੋਕਣਾ ਜ਼ਰੂਰੀ



ਮੰਗਤ ਰਾਮ ਪਾਸਲਾ

ਕੇਂਦਰ ਦੀ ਮੋਦੀ ਸਰਕਾਰ ਲੰਘੇ 11 ਸਾਲਾਂ ਤੋਂ ਜਿਸ ਢੰਗ ਨਾਲ ਕੰਮ ਕਰ ਰਹੀ ਹੈ, ਉਸ ਨਾਲ ਦੇਸ਼ ਦੇ ਸੰਵਿਧਾਨ ਦੇ ਮੂਲ ਆਧਾਰ- ਧਰਮ ਨਿਰਪੱਖਤਾ, ਲੋਕ ਰਾਜ ਤੇ ਫੈਡਰਲ (ਸੰਘਾਤਮਕ) ਢਾਂਚੇ 'ਤੇ ਹੀ ਜ਼ੋਰਦਾਰ ਹਮਲਾ ਨਹੀਂ ਕੀਤਾ ਜਾ ਰਿਹਾ, ਬਲਕਿ ਸੰਵਿਧਾਨਕ ਸੰਸਥਾਵਾਂ ਤੇ ਸੰਵਿਧਾਨਕ ਅਹੁਦਿਆਂ ਦੀ ਨਿਰਪੱਖਤਾ, ਜਵਾਬਦੇਹੀ ਤੇ ਪਾਰਦਰਸ਼ਤਾ ਵੀ ਤਾਰ-ਤਾਰ ਕਰ ਦਿੱਤੀ ਗਈ ਹੈ। ਆਰ ਐੱਸ ਐੱਸ ਵੱਲੋਂ 1925 'ਚ ਮਿਥੇ ਧਰਮ ਅਧਾਰਤ, ਕੱਟੜ ਤੇ ਪਿਛਾਖੜੀ 'ਹਿੰਦੂ ਰਾਸ਼ਟਰ' ਦੀ ਕਾਇਮੀ ਦੇ ਆਪਣੇ ਨਿਸ਼ਾਨੇ ਦੀ ਪੂਰਤੀ ਲਈ ਕੀਤੇ ਜਾ ਰਹੇ ਸੰਵਿਧਾਨਕ ਮਰਿਆਦਾਵਾਂ ਦੇ ਖਤਰਨਾਕ ਘਾਣ ਦੇ ਮਾਰੂ ਨਤੀਜੇ ਭਵਿੱਖ 'ਚ ਪੂਰੇ ਦੇਸ਼ ਨੂੰ ਭੁਗਤਣੇ ਪੈਣੇ ਹਨ। ਇਹ ਸਿਲਸਿਲਾ ਜੇਕਰ ਇਉਂ ਹੀ ਜਾਰੀ ਰਿਹਾ ਤਾਂ ਸਾਡਾ ਦੇਸ਼ ਬਿਨਾਂ ਐਲਾਨ ਕੀਤਿਆਂ ਹੀ ਤਾਨਾਸ਼ਾਹੀ ਦੇ ਜਬਾੜ੍ਹਿਆਂ ਹੇਠ ਜਕੜਿਆ ਜਾਵੇਗਾ। ਤਾਨਾਸ਼ਾਹੀ ਦੇ ਸਾਂਚੇ 'ਚ ਢਲੇ, ਧਰਮ ਅਧਾਰਤ ਰਾਜਸੀ-ਸਮਾਜਿਕ ਢਾਂਚਿਆਂ ਅਧੀਨ ਜਿਸ ਤਰ੍ਹਾਂ ਦੀ ਘੁਟਣ, ਤੰਗਦਸਤੀ, ਮਨੁੱਖੀ ਅਧਿਕਾਰਾਂ ਦੇ ਹਨਨ, ਕੱਟੜਪੰਥੀਆਂ ਦੀ ਪੁੱਗਤ ਆਦਿ ਅਲਾਮਤਾਂ ਦਾ ਟਕਰਾਅ ਅਫਗਾਨਿਸਤਾਨ, ਬੰਗਲਾ ਦੇਸ਼, ਪਾਕਿਸਤਾਨ ਤੇ ਕਈ ਅਰਬ ਦੇਸ਼ਾਂ ਦੇ ਲੋਕ ਕਰ ਰਹੇ ਹਨ, ਭਾਰਤ ਦੇ ਲੋਕਾਂ ਦੀ ਸਥਿਤੀ ਉਸ ਨਾਲੋਂ ਵੀ ਬਦਤਰ ਹੋਣ ਬਾਰੇ ਕਿਸੇ ਦੇ ਮਨ 'ਚ ਕੋਈ ਸ਼ੰਕਾ ਨਹੀਂ ਰਹਿਣੀ ਚਾਹੀਦੀ।

ਮੌਜੂਦਾ ਸਰਕਾਰ ਸਾਮਰਾਜ ਨਿਰਦੇਸ਼ਤ ਨਵ-ਉਦਾਰਵਾਦੀ ਆਰਥਿਕ ਨੀਤੀਆਂ ਲਾਗੂ ਕਰਦੀ ਹੋਈ ਜਿਸ ਢੰਗ ਨਾਲ ਆਪਣੇ ਚਹੇਤੇ ਕਾਰਪੋਰੇਟ ਘਰਾਣਿਆਂ ਨੂੰ ਭਾਰਤ ਦੇ ਕੁਦਰਤੀ ਤੇ ਮਾਨਵੀ ਵਸੀਲਿਆਂ ਅਤੇ ਕਿਰਤੀ ਲੋਕਾਈ ਦੀ ਮਨਚਾਹੀ ਲੁੱਟ-ਖਸੁੱਟ ਕਰਨ ਰਾਹੀਂ ਪੂੰਜੀ ਦੇ ਅੰਬਾਰ ਖੜ੍ਹੇ ਕਰਨ ਦੀ ਖੁੱਲ੍ਹ ਦੇ ਰਹੀ ਹੈ, ਉਸ ਨਾਲ ਭਾਰਤੀ ਸੱਤਾ ਦੇ ਤਾਨਾਸ਼ਾਹੀ ਰੁਝਾਨਾਂ ਤੋਂ ਹੁੰਦੇ ਹੋਏ ਫਾਸ਼ੀਵਾਦ ਤੱਕ ਪੁੱਜਣ ਦਾ ਖਤਰਾ ਦਿਨੋਂ-ਦਿਨ ਹੋਰ ਵਧੇਰੇ ਸਪੱਸ਼ਟ ਹੁੰਦਾ ਜਾ ਰਿਹਾ ਹੈ।

ਮੋਦੀ ਸਰਕਾਰ ਵੱਖੋ-ਵੱਖ ਪ੍ਰਾਂਤਾਂ ਦੀਆਂ ਭਾਜਪਾ ਸਰਕਾਰਾਂ ਅਤੇ ਸੰਘ ਪਰਵਾਰ ਜਿਵੇਂ ਹਰ ਪਲ, ਹਰ ਦਿਨ, ਨਵੇਂ-ਨਵੇਲੇ ਢੰਗਾਂ ਨਾਲ ਮੁਸਲਿਮ ਤੇ ਈਸਾਈ ਧਾਰਮਿਕ ਘੱਟ ਗਿਣਤੀਆਂ ਨੂੰ ਦਹਿਸ਼ਤਜ਼ਦਾ ਕਰਦੇ ਹੋਏ ਉਨ੍ਹਾਂ ਦਾ ਦਮਨ ਕਰ ਰਹੇ ਹਨ, ਉਹ ਕਿਸੇ ਵੀ ਸੱਭਿਅਕ ਤੇ ਲੋਕ ਰਾਜੀ ਵਿਵਸਥਾ 'ਚ ਕਦਾਚਿਤ ਪ੍ਰਵਾਨ ਕਰਨ ਯੋਗ ਨਹੀਂ ਕਿਹਾ ਜਾ ਸਕਦਾ। 1947 'ਚ ਆਜ਼ਾਦੀ ਪ੍ਰਾਪਤੀ ਸਮੇਂ ਹੋਈ ਦੁਰਭਾਗੀ ਦੇਸ਼ ਵੰਡ ਦੌਰਾਨ ਜਿਨ੍ਹਾਂ ਕਰੋੜਾਂ ਮੁਸਲਮਾਨਾਂ ਨੇ ਨਵੇਂ ਬਣੇ ਧਰਮ ਅਧਾਰਤ ਕੱਟੜ ਦੇਸ਼ ਪਾਕਿਸਤਾਨ ਦੇ ਵਾਸੀ ਬਣਨ ਤੋਂ ਨਾਂਹ ਕਰਕੇ ਆਪਣੀ ਹੋਣੀ ਨੂੰ ਸਦਾ-ਸਦਾ ਲਈ ਭਾਰਤ ਨਾਲ ਨੱਥੀ ਕਰ ਲਿਆ ਸੀ, ਆਰ ਐੱਸ ਐੱਸ ਦਾ ਥਾਪੜਾ ਪ੍ਰਾਪਤ ਅਜੋਕੀ ਮੋਦੀ ਸਰਕਾਰ ਉਨ੍ਹਾਂ ਨੂੰ ਇਸ ਸ਼ਲਾਘਾਯੋਗ ਤੇ ਸਹੀ ਕਦਮ ਚੁੱਕਣ ਬਦਲੇ ਸਜ਼ਾ ਦੇਣਾ ਚਾਹੁੰਦੀ ਹੈ। ਕਾਨੂੰਨ ਦੀਆਂ ਨਜਰਾਂ 'ਚ ਸਭ ਨਾਗਰਿਕਾਂ, ਖਾਸ ਕਰਕੇ ਧਾਰਮਿਕ ਘੱਟ ਗਿਣਤੀਆਂ ਨੂੰ ਬਰਾਬਰ ਦੇ ਅਧਿਕਾਰ, ਵਿਚਾਰ ਪ੍ਰਗਟਾਵੇ ਤੇ ਅਸਹਿਮਤੀ ਦੀ ਆਜ਼ਾਦੀ ਅਤੇ ਆਪਣੀ ਆਜ਼ਾਦ ਮਰਜ਼ੀ ਨਾਲ ਕਿਸੇ ਵੀ ਧਰਮ ਨੂੰ ਮੰਨਣ ਜਾਂ ਨਾਸਤਿਕ ਬਣੇ ਰਹਿਣ ਦੀ ਖੁੱਲ੍ਹ ਦੇਣ ਵਰਗੀਆਂ ਜਮਹੂਰੀ ਧਾਰਾਵਾਂ ਦੀਆਂ ਭਾਜਪਾ ਹੁਕਮਰਾਨ ਖੁੱਲ੍ਹੇਆਮ ਧੱਜੀਆਂ ਉਡਾ ਰਹੇ ਹਨ। ਭਾਈਚਾਰਕ ਸਾਂਝ ਨੂੰ ਖੋਰੂੰ-ਖੋਰੂੰ ਕਰਨ ਵਾਲੀ ਸੰਘੀ ਸੰਗਠਨਾਂ ਦੀ ਇਹ ਕਰਤੂਤ ਅਤਿ ਸ਼ਰਮਸਾਰ ਕਰਨ ਵਾਲੀ ਤੇ ਨਿੰਦਣਯੋਗ ਤਾਂ ਹੈ ਹੀ, ਨਾਲ ਹੀ ਭਾਰਤ ਦੀ ਭੂਗੋਲਿਕ ਅਖੰਡਤਾ ਦੇ ਜੜ੍ਹੀਂ ਤੇਲ ਦੇਣ ਵਾਲੀ ਵੀ ਹੈ। ਹਾਲਾਤ ਇਹ ਬਣਾ ਦਿੱਤੇ ਗਏ ਹਨ ਕਿ ਮੁਸਲਮਾਨ ਤੇ ਈਸਾਈ ਬਿਨਾਂ ਕਿਸੇ ਡਰ ਅਤੇ ਬੇਲੋੜੀ ਦਖਲਅੰਦਾਜ਼ੀ ਤੋਂ ਆਪਣੀ ਆਜ਼ਾਦ ਇੱਛਾ ਨਾਲ ਨਾ ਤਾਂ ਖੁਸ਼ੀ-ਖੁਸ਼ੀ ਆਪਣੇ ਧਾਰਮਿਕ ਤਿਉਹਾਰ ਮਨਾ ਸਕਦੇ ਹਨ ਅਤੇ ਨਾ ਆਪਣੀਆਂ ਨਿਵੇਕਲੀਆਂ ਰਹੁ-ਰੀਤਾਂ ਦੀ ਪਾਲਣਾ ਹੀ ਕਰ ਸਕਦੇ ਹਨ। ਆਰ ਐੱਸ ਐੱਸ ਦੇ ਸ਼ਿਸ਼ਕਾਰੇ, ਮੋਦੀ ਸਰਕਾਰ ਅਤੇ ਸੂਬਾਈ ਭਾਜਪਾ ਸਰਕਾਰਾਂ ਦਾ ਥਾਪੜਾ ਪ੍ਰਾਪਤ ਸ਼ਰਾਰਤੀ ਅਨਸਰਾਂ ਤੇ ਹੜਦੁੰਗੀ ਟੋਲਿਆਂ ਨੂੰ ਸੜਕਾਂ 'ਤੇ ਭਾਰੀ ਭੀੜ ਜੁਟਾਉਣ, ਸੜਕੀ ਆਵਾਜਾਈ 'ਚ ਮਹੀਨਿਆਂਬੱਧੀ ਮਨਚਾਹਾ ਵਿਘਣ ਪਾਉਣ, ਡੀ.ਜੇ., ਲਾਊਡ ਸਪੀਕਰ ਆਦਿ ਲਾ ਕੇ ਧਾਰਮਿਕ ਗੀਤ-ਸੰਗੀਤ ਵਜਾਉਣ ਦੇ ਨਾਂਅ ਹੇਠ ਕੰਨ ਪਾੜਵਾਂ ਸ਼ੋਰ ਪੈਦਾ ਕਰਨ, ਦੂਜੇ ਧਰਮਾਂ ਬਾਰੇ ਅਭੱਦਰ ਭਾਸ਼ਾ ਬੋਲਣ, ਦੂਜੇ ਫਿਰਕਿਆਂ ਦੇ ਧਾਰਮਕ ਸਥਾਨਾਂ 'ਚ ਦਾਖ਼ਲ ਹੋ ਕੇ ਬੇਹੁਰਮਤੀ ਕਰਨ ਆਦਿ ਦੀ ਪੂਰੀ ਖੁੱਲ੍ਹ ਮਿਲੀ ਹੋਈ ਹੈ। ਦੂਜੇ ਬੰਨੇ ਭਾਜਪਾ ਦੀਆਂ ਸੂਬਾਈ ਸਰਕਾਰਾਂ ਦੀ ਅਗਵਾਈ ਕਰਦੇ ਜਨੂੰਨੀ ਹੁਕਮਰਾਨਾਂ ਚਾਪਲੂਸੀ ਦੇ ਸਾਰੇ ਰਿਕਾਰਡ ਮਾਤ ਪਾਉਂਦੀ ਇਨ੍ਹਾਂ ਦੀ ਮਤਹਿਤ ਅਫਸਰਸ਼ਾਹੀ ਵੱਲੋਂ ਚਾੜ੍ਹਿਆ ਗਿਆ, ਈਦ ਦੇ ਪਵਿੱਤਰ ਤਿਉਹਾਰ ਮੌਕੇ ਮੁਸਲਿਮ ਭਰਾਵਾਂ ਨੂੰ ਸਾਂਝੀਆਂ ਥਾਵਾਂ, ਇੱਥੋਂ ਤੱਕ ਕਿ ਆਪਣੇ ਖੁਦ ਦੇ ਮਕਾਨਾਂ ਦੀਆਂ ਛੱਤਾਂ 'ਤੇ ਨਮਾਜ਼ ਅਦਾ ਕਰਨ ਦੀ ਮਨਾਹੀ ਕਰਦਾ ਨਾਦਰਸ਼ਾਹੀ ਫੁਰਮਾਨ ਦਰਸਾਉਂਦਾ ਹੈ ਕਿ ਮੋਦੀ ਦਾ ਨਾਅਰਾ 'ਸਭ ਕਾ ਸਾਥ-ਸਭ ਕਾ ਵਿਕਾਸ' ਕਿੰਨਾ ਖੋਖਲਾ, ਧੋਖੇ ਭਰਿਆ ਤੇ ਲੋਕਾਂ ਦੇ ਅੱਖੀਂ ਘੱਟਾ ਪਾਉਣ ਵਾਲਾ ਹੈ?

ਉਹ ਵੀ ਉਦੋਂ, ਜਦੋਂ ਮੁਸਲਿਮ ਤੇ ਈਸਾਈ ਧਾਰਮਿਕ ਫਿਰਕਿਆਂ ਵਿਰੁੱਧ ਹਿੰਸਾ ਭੜਕਾਉਣੀ, ਉਨ੍ਹਾਂ ਨੂੰ ਦੇਸ਼ 'ਚੋਂ ਬਾਹਰ ਕੱਢ ਦੇਣ ਦੇ ਡਰਾਵੇ ਜਾਂ ਖੁਦ ਹੀ ਘਰ-ਬਾਰ ਛੱਡ ਕੇ ਚਲੇ ਜਾਣ ਦੇ 'ਮਸ਼ਵਰੇ' ਦੇਣੇ, ਹਿੰਦੂ ਧਾਰਮਿਕ ਉਤਸਵਾਂ ਦੌਰਾਨ ਹੀ ਨਹੀਂ, ਬਲਕਿ ਆਪਣੇ ਧਾਰਮਿਕ ਤਿਉਹਾਰ ਮਨਾਉਣ ਸਮੇਂ ਵੀ ਇਨ੍ਹਾਂ ਨੂੰ ਆਪੋ-ਆਪਣੇ ਘਰਾਂ 'ਚ ਨਜ਼ਰਬੰਦ ਰਹਿਣ ਦੇ ਨਫਰਤੀ ਹੁਕਮ ਚਾੜ੍ਹਣੇ, ਮੁਸਲਿਮ ਤੇ ਈਸਾਈ ਧਰਮਾਂ ਵਿਰੁੱਧ ਬੋਲ-ਕੁਬੋਲ ਕਰਨਾ ਆਦਿ ਸਭ ਕੁਝ ਭਾਜਪਾਈ ਸਰਕਾਰਾਂ ਤੇ ਇਸ ਦੇ ਵਿਚਾਰਧਾਰਕ ਆਕਾ ਆਰ ਐੱਸ ਐੱਸ ਵੱਲੋਂ ਵਾਜਬ ਤੇ 'ਮਾਣ ਕਰਨ ਯੋਗ ਰਾਸ਼ਟਰ ਭਗਤੀ' ਐਲਾਨ ਦਿੱਤਾ ਗਿਆ ਹੈ।

ਯਾਦ ਰਹੇ, ਇਹ ਸਿਲਸਿਲਾ ਏਥੇ ਹੀ ਨਹੀਂ ਰੁਕਣਾ, ਇਤਿਹਾਸ ਸਾਨੂੰ ਭਲੀਭਾਂਤ ਦੱਸਦਾ ਹੈ ਕਿ ਫਾਸ਼ਿਸਟ ਮੁਸੋਲਿਨੀ ਦੀ ਤਰਜ਼ 'ਤੇ ਨਾਜ਼ੀਵਾਦੀ ਵਿਚਾਰਧਾਰਾ ਈਜਾਦ ਕਰਨ ਵਾਲੇ ਅਤੇ ਪਿਛੋਂ ਜਾ ਕੇ ਜਰਮਨੀ ਦੇ ਤਾਨਾਸ਼ਾਹ (ਚਾਂਸਲਰ) ਬਣ ਬੈਠੇ ਐਡੋਲਫ ਹਿਟਲਰ ਵੱਲੋਂ ਯਹੂਦੀਆਂ 'ਤੇ ਹਮਲੇ ਕਰਨ ਤੋਂ ਪਿਛੋਂ ਮੁਸਲਮਾਨਾਂ, ਗੈਰ-ਜਰਮਨ ਲੋਕਾਂ, ਡੈਮੋਕਰੇਟਾਂ ਤੇ ਕਮਿਊਨਿਸਟਾਂ ਉਪਰ ਵੀ ਬਿਆਨੋਂ ਬਾਹਰੇ ਅੱਤਿਆਚਾਰ ਢਾਹੇ ਗਏ ਸਨ। ਇਸੇ 'ਤੇ ਅਮਲ ਕਰਦਿਆਂ ਦੇਰ-ਸਵੇਰ ਭਾਰਤ ਅੰਦਰ ਵੀ ਹਿਟਲਰ ਨੂੰ ਆਪਣਾ ਆਦਰਸ਼ ਮੰਨਣ ਵਾਲੇ ਆਰ ਐੱਸ ਐੱਸ, ਇਸ ਨਾਲ ਜੁੜੇ ਦੂਜੇ ਸੰਗਠਨਾਂ 'ਤੇ ਇਸ ਦੀ ਹੱਥਠੋਕਾ ਦੇਸ਼ ਦੀ ਮੌਜੂਦਾ ਮੋਦੀ ਸਰਕਾਰ ਦੇ ਅਗਲੇਰੇ ਹਮਲੇ ਦਾ ਨਿਸ਼ਾਨਾ ਸਿੱਖ, ਜੈਨ, ਬੋਧ ਆਦਿ ਦੂਜੀਆਂ ਧਾਰਮਿਕ ਘੱਟ ਗਿਣਤੀਆਂ ਅਵੱਸ਼ ਬਣਾਈਆਂ ਜਾਣਗੀਆਂ। ਇਹ ਵੀ ਤੈਅ ਹੈ ਕਿ ਮਨੂੰਵਾਦੀ ਸਮਾਜਿਕ ਵਿਵਸਥਾ, ਜੋ ਆਰ ਐੱਸ ਐੱਸ ਅਨੁਸਾਰ ਮੁਕੰਮਲ ਨਿਆਂ ਸੰਗਤ ਤੇ ਇਲਾਹੀ ਕੰਮ ਵੰਡ ਹੈ, ਦਾ ਸ਼ਿਕਾਰ ਬਣਾਈਆਂ ਜਾਣ ਵਾਲੀਆਂ ਕਥਿਤ ਅਛੂਤ ਜਾਤੀਆਂ, ਦੂਜੀਆਂ ਪਿਛੜੀਆਂ ਸ਼੍ਰੇਣੀਆਂ, ਆਦਿਵਾਸੀ ਤੇ ਔਰਤਾਂ ਵੀ ਇਸ ਘਾਤਕ ਹਮਲੇ ਦੀ ਜੱਦ 'ਚ ਆਉਣਗੇ। ਨਾਲ ਹੀ ਅਗਾਂਹਵਧੂ ਸੰਗਠਨਾਂ ਤੇ ਲੋਕਾਂ ਦਾ ਘਾਣ ਵੀ ਲਾਜਮੀ ਹੋਵੇਗਾ।

ਆਰ ਐੱਸ ਐਸ, ਭਾਜਪਾ, ਮੋਦੀ ਸਰਕਾਰ, ਸੂਬਾਈ ਭਾਜਪਾ ਸਰਕਾਰਾਂ, ਸੰਘ ਨਾਲ ਜੁੜੇ ਲੁਕਵੇਂ ਤੇ ਜਾਹਿਰਾ ਸੰਗਠਨਾਂ, ਸੰਘ ਨਾਲ ਜੁੜੇ ਸਾਧਾਂ-ਸੰਤਾਂ ਤੇ ਡੇਰਿਆਂ-ਅਖਾੜਿਆਂ ਸਮੇਤ ਸਮੁੱਚਾ 'ਹਿੰਦੂਤਵੀ ਸੰਗਠਤ ਟੋਲਾ', ਕਾਰਪੋਰੇਟ ਘਰਾਣਿਆਂ ਦੀ ਬੇਰਹਿਮ ਲੁੱਟ-ਖਸੁੱਟ ਦਾ ਸ਼ਿਕਾਰ ਬਹੁ-ਗਿਣਤੀ ਹਿੰਦੂ ਵਸੋਂ, ਜੋ ਗਰੀਬੀ, ਕੁਪੋਸ਼ਣ, ਬੇਰੁਜ਼ਗਾਰੀ-ਮਹਿੰਗਾਈ ਦੀ ਮਾਰ ਝੱਲਣ ਤੋਂ ਇਲਾਵਾ ਲੋੜੀਂਦੀਆਂ ਵਿਦਿਅਕ ਤੇ ਸਿਹਤ ਸਹੂਲਤਾਂ ਤੋਂ ਵਿਰਵੀ ਬਣਾ ਦਿੱਤੀ ਗਈ ਹੈ, ਵੀ ਭਾਜਪਾ ਦੀ 'ਹਿੱਟ ਲਿਸਟ' 'ਤੇ ਹੈ।

ਆਰ ਐੱਸ ਐੱਸ ਨੇ ਆਪਣੇ ਏਜੰਡੇ ਨੂੰ ਸਫਲ ਕਰਨ ਵਾਸਤੇ ਦੇਸ਼ ਦੇ ਰਾਸ਼ਟਰਪਤੀ, ਉਪ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਲੋਕ ਸਭਾ ਸਪੀਕਰ, ਰਾਜਾਂ ਦੇ ਗਵਰਨਰਾਂ, ਅਦਾਲਤਾਂ ਦੇ ਚੋਖੀ ਗਿਣਤੀ ਜੱਜ ਸਾਹਿਬਾਨ, ਸੁਰੱਖਿਆ ਏਜੰਸੀਆਂ ਦੇ ਮੁਖੀ, ਇਲੈਕਸ਼ਨ ਕਮਿਸ਼ਨ ਵਰਗੇ ਸੰਵਿਧਾਨਕ ਪਦਾਂ ਅਤੇ ਅਦਾਰਿਆਂ 'ਤੇ ਪਿਛਾਖੜੀ 'ਭਗਵਾ' ਵਿਚਾਰਾਂ ਦੀ ਪਾਣ ਚੜ੍ਹੇ ਲੋਕਾਂ ਦੀ ਨਿਯੁਕਤੀ ਰਾਹੀਂ ਪੂਰਨ ਕਬਜ਼ਾ ਜਮਾ ਲਿਆ ਹੈ। ਲੋਕ ਸਭਾ ਦਾ ਸਪੀਕਰ, ਉਪ ਰਾਸ਼ਟਰਪਤੀ ਤੇ ਰਾਜਾਂ ਦੇ ਰਾਜਪਾਲ ਸੰਵਿਧਾਨ ਤੇ ਲੋਕਰਾਜੀ ਮਰਿਆਦਾਵਾਂ ਦੀ ਪਾਲਣਾ ਕਰਨ ਦੀ ਥਾਂ ਭਾਜਪਾ ਦੇ ਬੁਲਾਰਿਆਂ ਵਜੋਂ ਕੰਮ ਕਰਦੇ ਸਾਫ ਦੇਖੇ ਜਾ ਸਕਦੇ ਹਨ। ਇਨ੍ਹਾਂ ਨੇ ਤੈਅ ਕਰ ਲਿਆ ਹੈ ਕਿ ਆਰ ਐੱਸ ਐੱਸ ਦੀ ਵੰਡਵਾਦੀ ਵਿਚਾਰਧਾਰਾ ਤੇ ਮਨੂ

ਸ਼ਾਂਤਮਈ ਸੰਘਰਸ਼ 'ਤੇ ਪੁਲਸ ਜਬਰ ਵਿਰੁੱਧ ਪੰਜਾਬ ਭਰ 'ਚ ਮੰਤਰੀਆਂ ਵਿਧਾਇਕਾਂ ਦੇ ਘਰਾਂ ਅੱਗੇ ਰੋਸ ਧਰਨੇ

ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)

ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਤੇ ਉਨ੍ਹਾਂ ਦੀ ਹਮਾਇਤ 'ਚ ਉੱਤਰੇ ਭਾਕਿਯੂ (ਏਕਤਾ-ਉਗਰਾਹਾਂ) ਦੇ ਦਰਜਨਾਂ ਆਗੂਆਂ ਤੇ ਵਰਕਰਾਂ ਨੂੰ ਕੁੱਟਮਾਰ ਕਰਨ ਮਗਰੋਂ ਬਠਿੰਡਾ ਪੁਲਿਸ ਵੱਲੋਂ ਗ੍ਰਿਫ਼ਤਾਰ ਕਰਕੇ ਜੇਲ੍ਹ 'ਚ ਡੱਕਣ ਵਿਰੁੱਧ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਸੱਦੇ 'ਤੇ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਸੰਗਰੂਰ ਸਥਿਤ ਕੋਠੀ ਸਮੇਤ 5 ਮੰਤਰੀਆਂ ਤੇ 9 ਵਿਧਾਇਕਾਂ ਦੇ ਘਰਾਂ ਅੱਗੇ ਪੰਜਾਬ ਭਰ ਵਿੱਚ ਰੋਸ ਧਰਨੇ ਦਿੱਤੇ ਗਏ।ਯੂਨੀਅਨ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਭਗਵੰਤ ਮਾਨ ਸਰਕਾਰ ਦੇ ਇਸ ਜਾਬਰ ਹੱਲੇ ਵਿਰੁੱਧ ਦਿੱਤੇ ਗਏ ਇਹਨਾਂ ਧਰਨਿਆਂ 'ਚ ਵੱਖ-ਵੱਖ ਕਿਸਾਨ, ਖੇਤ ਮਜ਼ਦੂਰ, ਅਧਿਆਪਕ ਤੇ ਠੇਕਾ ਮੁਲਾਜ਼ਮ ਜਥੇਬੰਦੀਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ। ਬੁਲਾਰਿਆਂ ਨੇ ਆਖਿਆ ਕਿ ਬਠਿੰਡੇ ਜ਼ਿਲ੍ਹੇ ਦੇ ਪਿੰਡ ਚਾਉਕੇ ਵਿਖੇ ਇੱਕ ਆਦਰਸ਼ ਸਕੂਲ ਸਰਕਾਰੀ ਅਤੇ ਨਿੱਜੀ ਤੌਰ 'ਤੇ ਚੱਲ ਰਿਹਾ ਹੈ। ਇਸ ਸਕੂਲ ਉੱਪਰ ਸਰਕਾਰ ਦੀ ਤਰਫੋਂ 70% ਅਤੇ ਇੱਕ ਕੰਪਨੀ ਦੀ ਤਰਫੋਂ 30% ਖ਼ਰਚਾ ਕੀਤਾ ਜਾ ਰਿਹਾ ਹੈ, ਪਰ ਸਕੂਲ ਦੀ ਮੈਨੇਜਮੈਂਟ ਵੱਲੋਂ ਸਕੂਲ ਦੇ ਸਟਾਫ ਨੂੰ ਘੱਟ ਤਨਖਾਹਾਂ ਦੇ ਕੇ ਸੋਸ਼ਣ ਕੀਤਾ ਜਾ ਰਿਹਾ ਹੈ ਤੇ ਵਿਦਿਆਰਥੀਆਂ ਨੂੰ ਮੁਫ਼ਤ ਕਿਤਾਬਾਂ ਤੇ ਵਰਦੀਆਂ ਵੀ ਨਹੀਂ ਦਿੱਤੀਆਂ ਜਾ ਰਹੀਆਂ ਤੇ ਗੈਰ ਕਾਨੂੰਨੀ ਢੰਗ ਨਾਲ ਮੋਟੀਆਂ ਫੀਸਾਂ ਵਸੂਲੀਆਂ ਜਾ ਰਹੀਆਂ ਹਨ।ਉਨ੍ਹਾਂ ਆਖਿਆ ਕਿ ਡੀ ਸੀ ਬਠਿੰਡਾ ਵੱਲੋਂ ਕੀਤੀ ਇਨਕੁਆਰੀ 'ਚ ਮੈਨੇਜਮੈਂਟ ਵੱਲੋਂ ਕੀਤੇ ਜਾ ਰਹੇ ਭ੍ਰਿਸ਼ਟਾਚਾਰ ਨੂੰ ਮੰਨਣ ਦੇ ਬਾਵਜੂਦ ਮੈਨੇਜਮੈਂਟ ਖਿਲਾਫ ਕਾਰਵਾਈ ਕਰਨ ਦੀ ਥਾਂ ਹੱਕੀ ਮੰਗਾਂ ਲਈ ਸੰਘਰਸ਼ ਦੇ ਰਾਹ ਪਏ ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਤੇ ਉਨ੍ਹਾਂ ਦੀ ਹਮਾਇਤ 'ਚ ਨਿੱਤਰੀ ਕਿਸਾਨ ਯੂਨੀਅਨ ਦੀ ਮਹਿਲਾ ਆਗੂ ਹਰਿੰਦਰ ਬਿੰਦੂ, ਪਰਮਜੀਤ ਕੌਰ ਪਿੱਥੋ ਤੇ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲ ਸਮੇਤ ਦਰਜਨਾਂ ਕਿਸਾਨਾਂ ਤੇ ਪੀੜਤ ਅਧਿਆਪਕਾਂ ਨੂੰ ਲਾਠੀਚਾਰਜ ਕਰਕੇ ਜੇਲ੍ਹ 'ਚ ਡੱਕ ਦਿੱਤਾ ਗਿਆ।

ਉਨ੍ਹਾਂ ਦੋਸ਼ ਲਾਇਆ ਕਿ ਹਰ ਟੀਚਰ ਦੀ ਤਨਖ਼ਾਹ ਵਿੱਚੋਂ ਦਸ ਹਜ਼ਾਰ ਰੁਪਏ ਦਾ ਭ੍ਰਿਸ਼ਟਾਚਾਰ ਕੀਤਾ ਜਾ ਰਿਹਾ ਤੇ ਵਿਦਿਆਰਥੀਆਂ ਨੂੰ ਲੋੜੀਂਦਾ ਸਮਾਨ ਨਹੀਂ ਦਿੱਤਾ ਜਾ ਰਿਹਾ।ਕੰਪਨੀ ਦੀ ਤਰਫੋਂ ਅਪਣੇ ਚਹੇਤਿਆਂ ਨੂੰ ਸਕੂਲ ਅੰਦਰ ਨੌਕਰੀਆਂ 'ਤੇ ਰੱਖਿਆ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਭਗਵੰਤ ਮਾਨ ਦੀ ਸਰਕਾਰ ਸਾਰੇ ਸਰਕਾਰੀ ਮਹਿਕਮੇ ਕਾਰਪੋਰੇਟ ਘਰਾਣਿਆਂ ਨੂੰ ਵੇਚਣਾ ਚਾਹੁੰਦੀ ਹੈ, ਜਿਨ੍ਹਾਂ ਨੂੰ ਵੱਡੀ ਪੱਧਰ ਤੇ ਛੋਟਾਂ ਦਿੱਤੀਆਂ ਜਾ ਰਹੀਆਂ ਹਨ।ਆਮ ਲੋਕਾਂ ਦਾ ਜਿਊਣਾ ਦੁੱਭਰ ਹੋ ਗਿਆ ਹੈ।'ਆਪ' ਸਰਕਾਰ ਵੀ 1991 ਵਿੱਚ ਸਾਮਰਾਜੀਆਂ ਨਾਲ ਕੀਤੇ ਸਮਝੌਤਿਆਂ ਨੂੰ ਲਾਗੂ ਕਰਨਾ ਚਾਹੁੰਦੀ ਹੈ, ਜੋ ਕੰਪਨੀ ਇਹ ਸਕੂਲ ਚਲਾ ਰਹੀ ਹੈ ਅਤੇ ਪੰਜਾਬ ਅੰਦਰ ਹੋਰ ਵੀ ਕੰਪਨੀਆਂ ਸਕੂਲ ਚਲਾ ਰਹੀਆਂ ਹਨ, ਸਹੀ ਰੂਪ ਅੰਦਰ ਕਹਿਣਾ ਹੋਵੇ ਤਾਂ ਮੌਕੇ ਦੀਆਂ ਕੰਪਨੀਆਂ ਆਪਣਾ ਰਾਜ ਲੋਕਾਂ 'ਤੇ ਕਰਨਾ ਚਾਹੁੰਦੀਆਂ ਹਨ, ਜੋ ਇਹ ਸਕੂਲ ਪ੍ਰਾਈਵੇਟ ਹਿੱਸੇਦਾਰੀ ਦੇ ਤੌਰ 'ਤੇ ਚਲਾਏ ਜਾ ਰਹੇ ਹਨ, ਇਨ੍ਹਾਂ ਸਕੂਲਾਂ ਅੰਦਰ ਅਧਿਆਪਕਾਂ ਨੂੰ ਤਨਖਾਹਾਂ ਘੱਟ ਦਿੱਤੀਆਂ ਜਾ ਰਹੀਆਂ ਹਨ।

ਕਿਸਾਨ ਆਗੂ ਝੰਡਾ ਸਿੰਘ ਜੇਠੂਕੇ ਨੇ ਐਲਾਨ ਕੀਤਾ ਕਿ ਮੰਗਾਂ ਦੀ ਪੂਰਤੀ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ।

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਮੁੱਖ ਮੰਤਰੀ ਦੀ ਕੋਠੀ ਅੱਗੇ ਰੋਸ ਧਰਨਾ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਦੀ ਅਗਵਾਈ ਅਧੀਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਅੱਗੇ ਰੋਸ ਧਰਨਾ ਸ਼ੁਰੂ ਕਰ ਦਿੱਤਾ ਗਿਆ ਹੈ। ਕਿਸਾਨ ਆਗੂਆਂ ਨੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਦੇ ਪਿੰਡ ਚਾਉਕੇ ਵਿਖੇ ਇੱਕ ਆਦਰਸ਼ ਸਕੂਲ ਸਰਕਾਰੀ ਤੇ ਨਿੱਜੀ ਤੌਰ 'ਤੇ ਚੱਲ ਰਿਹਾ ਹੈ, ਇਸ ਸਕੂਲ ਨੂੰ ਸਰਕਾਰ ਦੀ ਤਰਫੋਂ 70% ਤੇ ਇੱਕ ਕੰਪਨੀ ਦੀ ਤਰਫੋਂ 30% ਖ਼ਰਚਾ ਕੀਤਾ ਜਾ ਰਿਹਾ ਹੈ। ਕੰਪਨੀ ਦੀ ਤਰਫੋਂ ਸਕੂਲ ਦੇ ਸਟਾਫ ਨਾਲ ਧੱਕਾ ਕੀਤਾ ਜਾ ਰਿਹਾ ਹੈ। ਬੱਚਿਆਂ ਨੂੰ ਕਿਸੇ ਪ੍ਰਕਾਰ ਦੀਆਂ ਕਾਪੀਆਂ, ਕਿਤਾਬਾਂ, ਬਰਦੀਆਂ ਅਤੇ ਲੋੜੀਂਦਾ ਸਮਾਨ ਨਹੀਂ ਦਿੱਤਾ ਜਾ ਰਿਹਾ। ਕੰਪਨੀ ਵੱਲੋਂ ਆਪਣੇ ਚਹੇਤਿਆਂ ਨੂੰ ਸਕੂਲ ਅੰਦਰ ਨੌਕਰੀਆਂ 'ਤੇ ਰੱਖਿਆ ਜਾ ਰਿਹਾ ਹੈ। ਜੋ ਮੁਲਾਜ਼ਮ ਆਪਣੀਆਂ ਸਹੂਲਤਾਂ ਮੰਗਦੇ ਹਨ, ਉਨ੍ਹਾਂ 'ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ।

5 ਅਪ੍ਰੈਲ ਨੂੰ ਹੱਕ ਮੰਗਦੇ ਅਧਿਆਪਕਾਂ ਉਪਰ ਸਰਕਾਰ ਦੀ ਤਰਫੋਂ ਲਾਠੀਚਾਰਜ ਕੀਤਾ ਗਿਆ ਹੈ। ਅਸਲ ਵਿੱਚ ਭਗਵੰਤ ਮਾਨ ਦੀ ਸਰਕਾਰ ਵੀ ਸਾਰੇ ਸਰਕਾਰੀ ਮਹਿਕਮੇ ਕਾਰਪੋਰੇਟ ਘਰਾਣਿਆਂ ਨੂੰ ਵੇਚਣਾ ਚਾਹੁੰਦੀ ਹੈ, ਕਾਰਪੋਰੇਟ ਘਰਾਣੇ ਨੂੰ ਵੱਡੀ ਪੱਧਰ 'ਤੇ ਛੋਟਾਂ ਦਿੱਤੀਆਂ ਜਾ ਰਹੀਆਂ ਹਨ।ਆਮ ਲੋਕਾਂ ਦਾ ਜਿਊਣਾ ਦੁੱਭਰ ਹੋ ਗਿਆ ਹੈ।ਮੌਕੇ ਦੀ ਸਰਕਾਰ ਵੀ 1991 ਵਿੱਚ ਕੀਤੇ ਸਮਝੌਤਿਆਂ ਨੂੰ ਲਾਗੂ ਕਰਨਾ ਚਾਹੁੰਦੀ ਹੈ, ਜੋ ਕੰਪਨੀ ਇਹ ਸਕੂਲ ਚਲਾ ਰਹੀ ਹੈ ਅਤੇ ਪੰਜਾਬ ਅੰਦਰ ਹੋਰ ਵੀ ਕੰਪਨੀਆਂ ਸਕੂਲ ਚਲਾ ਰਹੀਆਂ ਹਨ। ਸਹੀ ਰੂਪ ਅੰਦਰ ਕਹਿਣਾ ਹੋਵੇ ਤਦ ਮੌਕੇ ਦੀਆਂ ਕੰਪਨੀਆਂ ਆਪਣਾ ਰਾਜ ਲੋਕਾਂ ਤੇ ਕਰਨਾ ਚਾਹੁੰਦੀਆਂ ਹਨ, ਜੋ ਇਹ ਸਕੂਲ ਪ੍ਰਾਈਵੇਟ ਹਿੱਸੇਦਾਰੀ ਦੇ ਤੌਰ 'ਤੇ ਚਲਾਏ ਜਾ ਰਹੇ ਹਨ, ਇਨ੍ਹਾਂ ਸਕੂਲਾਂ ਅੰਦਰ ਅਧਿਆਪਕਾਂ ਨੂੰ ਤਨਖਾਹਾਂ ਘੱਟ ਦਿੱਤੀਆਂ ਜਾ ਰਹੀਆਂ ਹਨ, ਜ਼ਿਲ੍ਹਾ ਜਰਨਲ ਸਕੱਤਰ ਦਰਬਾਰਾ ਸਿੰਘ ਛਾਜਲਾ ਨੇ ਦੱਸਿਆ ਕਿ ਸੰਘਰਸ਼ ਓਨਾ ਸਮਾਂ ਜਾਰੀ ਰਹੂਗਾ, ਜਿਨ੍ਹਾਂ ਸਮਾਂ ਚਾਉਕੇ ਸਕੂਲ ਦੀਆਂ ਮੰਗਾਂ ਸੰਪੂਰਨ ਤੌਰ 'ਤੇ ਮੰਨੀਆਂ ਨਹੀਂ ਜਾਂਦੀਆਂ।ਸੂਬਾ ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾਝਾੜ ਨੇ ਕਿਹਾ ਕਿ ਸੰਘਰਸ਼ ਕਰਨ ਵਾਲੇ ਲੋਕ ਕਦੇ ਵੀ ਸਰਕਾਰਾਂ ਤੋਂ ਨਹੀਂ ਡਰਦੇ ਅਤੇ ਹਮੇਸ਼ਾ ਸਰਕਾਰਾਂ ਹੀ ਹਾਰਦੀਆਂ ਹਨ ਤੇ ਸੰਘਰਸ਼ ਕਰਦੇ ਲੋਕਾਂ ਦੀ ਜਿੱਤ ਹੁੰਦੀ ਹੈ।

ਨੌਜਵਾਨਾਂ ਨੂੰ ਬੁਲਾਰੇ ਬਣਾਉਣ ਲਈ ਟ੍ਰੇਨਿੰਗ ਕੈਂਪ ਦਾ ਆਯੋਜਨ

ਜਲਾਲਾਬਾਦ (ਜੰਗੀਰ ਕੌਰ/ ਜੀਤ ਕੁਮਾਰ)

ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਤੇ ਸਰਬ ਭਾਰਤ ਨੌਜਵਾਨ ਸਭਾ ਵੱਲੋਂ ਸਥਾਨਕ ਸੁਤੰਤਰ ਭਵਨ ਵਿਖੇ ਨੌਜਵਾਨਾਂ ਨੂੰ ਬੁਲਾਰੇ ਬਣਾਉਣ ਲਈ ਇੱਕ ਟਰੇਨਿੰਗ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਟ੍ਰੈਨਿੰਗ ਕੈਂਪ ਦੀ ਅਗਵਾਈ ਵਿਦਿਆਰਥੀ ਆਗੂ ਸਟਾਲਿਨ ਲਮੋਚੜ, ਧਰਮਿੰਦਰ ਮੁਰਕ ਵਾਲਾ ਤੇ ਸੁਰਿੰਦਰ ਬਾਹਮਣੀ ਵਾਲਾ ਨੇ ਕੀਤੀ। ਕੈਂਪ ਵਿੱਚ ਬੁਲਾਰੇ ਬਣਨ ਦੀ ਟ੍ਰੈਨਿੰਗ ਲੈਣ ਪਹੁੰਚੇ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਤੇ ਏਆਈਐਸਐਫ ਦੇ ਸੂਬਾ ਪ੍ਰਧਾਨ ਰਮਨ ਧਰਮੂ ਵਾਲਾ ਨੇ ਕਿਹਾ ਕਿ ਅਜੋਕੇ ਦੌਰ ਵਿੱਚ ਨੌਜਵਾਨਾਂ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਖੁਦ ਆਗੂ ਬਣ ਕੇ ਅਹਿਮ ਭੂਮਿਕਾ ਨਿਭਾਉਣੀ ਪਵੇਗੀ, ਕਿਉਂਕਿ ਮੌਜੂਦਾ ਸਰਕਾਰਾਂ ਕੌਮਾਂਤਰੀ ਪੱਧਰ ਦੀ ਤਰਜ ਤੇ ਸਰਮਾਏਦਾਰੀ ਪੱਖੀ ਨੀਤੀਆਂ ਅਖਤਿਆਰ ਕਰਕੇ ਵਿੱਦਿਆ ਅਤੇ ਰੁਜ਼ਗਾਰ ਵਿਰੋਧੀ ਨੀਤੀਆਂ ਅਪਣਾ ਰਹੀਆਂ ਹਨ। ਇਨ੍ਹਾਂ ਲੋਕ ਵਿਰੋਧੀ ਨੀਤੀਆਂ ਖਿਲਾਫ ਆਵਾਜ਼ ਬੁਲੰਦ ਕਰਨ ਅਤੇ ਆਪਣੇ ਹੱਕ ਪ੍ਰਾਪਤ ਕਰਨ ਲਈ ਖੁਦ ਨੌਜਵਾਨਾਂ ਨੂੰ ਆਗੂ ਬਣ ਕੇ ਕਾਨੂੰਨ ਬਣਾਉਣ ਲਈ ਆਪਣੀ ਜਗ੍ਹਾ ਲੈਣੀ ਪਵੇਗੀ।

ਸਾਥੀ ਢਾਬਾਂ ਅਤੇ ਧਰਮ ਵਾਲਾ ਨੇ ਕਿਹਾ ਕਿ ਭਾਰਤ ਦੇਸ਼ ਨੌਜਵਾਨਾਂ ਦਾ ਦੇਸ਼ ਹੈ, ਭਾਵ ਇੱਥੇ ਉਮਰ ਵਰਗ ਵਿੱਚ ਨੌਜਵਾਨਾਂ ਦੀ ਬਹੁਗਿਣਤੀ ਹੈ, ਪ੍ਰੰਤੂ ਦੁੱਖ ਨਾਲ ਕਹਿਣਾ ਪੈਂਦਾ ਹੈ ਕਿ ਇੱਥੇ ਬੇਰੁਜ਼ਗਾਰਾਂ ਦੀ ਗਿਣਤੀ ਵੀ ਦੂਜੇ ਦੇਸ਼ਾਂ ਦੇ ਮੁਕਾਬਲੇ ਵੱਧ ਹੈ। ਪੰਜਾਬ ਸੂਬੇ ਅੰਦਰ ਵੀ ਇਕ ਕਰੋੜ ਤੋਂ ਵੱਧ ਮੁੰਡੇ ਕੁੜੀਆਂ ਪੜ੍ਹ ਲਿਖ ਕੇ ਬੇਰੁਜ਼ਗਾਰ ਹਨ, ਪ੍ਰੰਤੂ ਸਰਕਾਰਾਂ ਵੱਲੋਂ ਕੋਈ ਸੰਜੀਦਗੀ ਨਾਲ ਧਿਆਨ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕੇਂਦਰ ਤੇ ਰਾਜ ਸਰਕਾਰਾਂ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਹੁਣ ਤੱਕ ਸੱਤਾ 'ਤੇ ਰਾਜ ਕਰਨ ਵਾਲੀਆਂ ਧਿਰਾਂ ਨੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਦੀ ਕਦੇ ਗਲ ਤੱਕ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਦੇਸ਼ ਦਾ ਸਰਮਾਇਆ ਜਵਾਨੀ ਨੂੰ ਦੇਸ਼ ਦੀ ਤਰੱਕੀ ਵਿੱਚ ਹਿੱਸਾ ਪਾਉਣ ਲਈ ਸਾਂਭ ਕੇ ਰੱਖਣਾ ਹੈ ਤਾਂ ਉਹਨਾਂ ਲਈ ਰੁਜ਼ਗਾਰ ਦੀ ਗਾਰੰਟੀ ਕਰਨੀ ਪਏਗੀ, ਨਹੀਂ ਤਾਂ ਦੇਸ਼ ਅੰਦਰ ਲੁੱਟਾਂ ਖੋਹਾਂ, ਨਸ਼ਿਆਂ, ਆਤਮ ਹੱਤਿਆਵਾਂ ਤੇ ਗਲਤ ਅਲਾਮਤਾਂ ਲਗਾਤਾਰ ਵਧਦੀਆਂ ਜਾਣਗੀਆਂ। ਇਸ ਦਾ ਇੱਕੋ ਇੱਕ ਹੱਲ ਹੈ ਕਿ ਸਭ ਰੁਜਗਾਰ ਦੀ ਗਰੰਟੀ ਹੋਵੇ। ਰੁਜ਼ਗਾਰ ਦੇ ਕਾਨੂੰਨ ਦਾ ਜ਼ਿਕਰ ਕਰਦਿਆਂ ਆਗੂਆਂ ਨੇ ਕਿਹਾ ਕਿ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ ਭਾਵ ਬਨੇਗਾ ਦੇਸ਼ ਦੀ ਪਾਰਲੀਮੈਂਟ ਵਿੱਚ ਪਾਸ ਕਰਵਾਉਣ ਲਈ ਉਹ ਬਨੇਗਾ ਰੁਜ਼ਗਾਰ ਪ੍ਰਾਪਤੀ ਮੁਹਿਮ ਰਾਹੀਂ ਲਗਾਤਾਰ ਸਰਗਰਮੀ ਕਰ ਰਹੇ ਹਨ ਅਤੇ ਨੌਜਵਾਨਾਂ ਨੂੰ ਬੁਲਾਰੇ ਬਣ ਕੇ ਬਤੌਰ ਵਲੰਟੀਅਰ ਤਿਆਰ ਕਰਕੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਅਗਵਾਈ ਕਰਨਗੇ।

ਇਸ ਮੌਕੇ ਸਟਾਲਿਨ ਲਮੋਚੜ ਤੇ ਦੀ ਛੱਪੜੀ ਵਾਲਾ ਨੇ ਕਿਹਾ ਕਿ ਬੁਲਾਰੇ ਬਣਾਉਣ ਵਾਲੇ ਕੈਂਪ ਵਿੱਚ ਨੌਜਵਾਨਾਂ ਨੇ ਵਿਸ਼ਵਾਸ ਦਿਵਾਇਆ ਹੈ ਕਿ ਉਹ ਖੁਦ ਸਵੈ ਇੱਛਾ ਨਾਲ ਰੁਜ਼ਗਾਰ ਦੀ ਗਰੰਟੀ ਦੇ ਕਾਨੂੰਨ ਨੂੰ ਦੇਸ਼ ਦੀ ਪਾਰਲੀਮੈਂਟ ਪਾਸ ਕਰਾਉਣ ਲਈ ਆਪਣਾ ਕੀਮਤੀ ਸਮਾਂ ਕੱਢ ਕੇ ਨੌਜਵਾਨਾਂ ਨੂੰ ਲਾਮਬੰਦ ਕਰਨ ਲਈ ਕੰਮ ਕਰਨਗੇ।

ਕਾਤਰਾਂ

ਰੰਜਿਸ਼ ਨੂੰ ਲੈ ਕੇ ਮਾਰੀਆਂ ਸੱਟਾਂ, 7 ਨਾਮਜ਼ਦ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਫ਼ਿਰੋਜ਼ਪੁਰ ਵਿਖੇ ਝਗੜੇ ਦੀ ਰੰਜਿਸ਼ ਨੂੰ ਲੈ ਕੇ ਇੱਕ ਵਿਅਕਤੀ ਦੀ ਕੁੱਟਮਾਰ ਕਰਕੇ ਸੱਟਾਂ ਮਾਰਨ ਦੀ ਖ਼ਬਰ ਮਿਲੀ ਹੈ। ਇਸ ਸਬੰਧ ਵਿੱਚ ਥਾਣਾ ਸਿਟੀ ਫ਼ਿਰੋਜ਼ਪੁਰ ਪੁਲਸ ਨੇ 7 ਲੋਕਾਂ ਖਿਲਾਫ 118 (1), 115 (2), 351 (2), 126 (2), 191 (3), 190 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਜਗਸੀਰ ਉਰਫ਼ ਮਨੀ ਪੁੱਤਰ ਸ਼ਾਮ ਲਾਲ ਵਾਸੀ ਗੁਰੂ ਨਗਰ ਫਿਰੋਜਪੁਰ ਸ਼ਹਿਰ ਗਰੀਨ ਸਿਟੀ ਫ਼ਿਰੋਜ਼ਪੁਰ ਕੁੰਡੇ ਰੋਡ ਨੇ ਦੱਸਿਆ ਕਿ ਕੁਝ ਸਮਾਂ ਪਹਿਲਾ ਉਸ ਦੇ ਜੀਜੇ ਸੁਨੀਲ ਨਾਲ ਜਸਵੰਤ ਉਰਫ ਸੁਨੀਲ ਵਾਸੀ ਮੱਛੀ ਮੰਡੀ ਦਾ ਝਗੜਾ ਹੋਇਆ ਸੀ। ਇਸ ਰੰਜਿਸ਼ ਕਰਕੇ ਉਕਤ ਦੋਸ਼ੀਅਨ ਸੁਨੀਲ ਉਰਫ ਜਸਵੰਤ ਪੁੱਤਰ ਸੰਬੂ, ਅਕਾਸ਼ ਪੁੱਤਰ ਧਰਮਾ, ਧਰਮਾ ਪੁੱਤਰ ਬਾਊ ਲਾਲ, ਬੋਹੜਾ ਮੱਛੀ ਵਾਲਾ, ਬੋਬੀ ਪੁੱਤਰ ਹਰਬੰਸ, ਗੁਲਸ਼ਨ ਪਤਨੀ ਅਕਾਸ਼ ਤੇ ਅਕਾਸ਼ ਪੁੱਤਰ ਬਾਲਗ ਨਾਥ ਵਾਸੀਅਨ ਮੱਛੀ ਮੰਡੀ ਫ਼ਿਰੋਜ਼ਪੁਰ ਸ਼ਹਿਰ ਨੇ ਉਸ ਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ ਹਨ। ਜਗਸੀਰ ਨੇ ਦੱਸਿਆ ਕਿ ਉਸ ਦਾ ਇਲਾਜ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ ਵਿਖੇ ਚੱਲ ਰਿਹਾ ਹੈ। ਮਾਮਲੇ ਦੀ ਜਾਂਚ ਕਰ ਰਹੇ ਹੌਲਦਾਰ ਦਵਿੰਦਰਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

ਬੰਗਾ ਵਾਲੇ ਜੇਪੀ ਦਾ ਗੀਤ ਅੱਜ ਹੋਵੇਗਾ ਰਿਲੀਜ਼

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਗਾਇਕ ਬੰਗਾ ਵਾਲੇ ਜੇਪੀ ਦਾ ਨਵਾਂ ਗੀਤ ਸੋਮਵਾਰ ਰਿਲੀਜ਼ ਕੀਤਾ ਜਾ ਰਿਹਾ ਹੈ। ਸੱਭਿਆਚਾਰਕ ਗਾਇਕੀ ਦੇ ਖੇਤਰ ਵਿੱਚ ਵਿਲੱਖਣ ਪਛਾਣ ਰੱਖਣ ਵਾਲੇ ਗਾਇਕ ਰਿਆਜ਼ ਬੰਗਾ ਨੇ ਦੱਸਿਆ ਕਿ ਨੌਜਵਾਨ ਗਾਇਕ ਬੰਗਾ ਵਾਲੇ ਜੇਪੀ ਦਾ ਗੀਤ 'ਪੰਜੇਟਿਵ ਵਾਇਬ' ਸੋਸ਼ਲ ਮੀਡੀਆ ਉੱਤੇ ਰਿਲੀਜ਼ ਕੀਤਾ ਜਾ ਰਿਹਾ ਹੈ।ਗਾਇਕ ਜੇਪੀ ਵੱਲੋਂ ਲਿਖੇ ਗਏ ਗੀਤ ਨੂੰ ਸਰੋਤਿਆਂ ਦੀ ਕਚਹਿਰੀ ਵਿੱਚ ਰਿਆਜ਼ ਮਿਊਜਿਕ ਵੱਲੋਂ ਪੇਸ਼ ਕੀਤਾ ਜਾ ਰਿਹਾ ਹੈ ਤੇ ਇਸ ਦਾ ਮਿਊਜ਼ਿਕ ਖੱਦੀ ਤਿਆਰ ਕੀਤਾ ਗਿਆ ਹੈ। ਵੀਡੀਓ ਅੰਮ੍ਰਿਤ ਐਮੀ ਵੱਲੋਂ ਤਿਆਰ ਕੀਤੀ ਗਈ ਹੈ।ਉਹਨਾਂ ਦੱਸਿਆ ਕਿ ਗੀਤ ਸੱਤ ਅਪ੍ਰੈਲ ਨੂੰ ਸ਼ਾਮ 5 ਵਜੇ ਸੋਸ਼ਲ ਮੀਡੀਆ ਦੀਆ

6 April - Page - 6.qxd 4/6/2025 10:18 PM Page 1

ਪ੍ਰਤਾਪ ਬਾਜਵਾ ਨੇ ਪੰਜਾਬ ਪੁਲਸ ਨੂੰ ਭ੍ਰਿਸ਼ਟ ਕਹਿ ਕੇ ਫੋਰਸ ਦਾ ਅਪਮਾਨ ਕੀਤਾ : ਨੀਲ ਗਰਗ

ਚੰਡੀਗੜ੍ਹ, (ਗੁਰਜੀਤ ਬਿੱਲਾ) ਆਮ ਆਦਮੀ ਪਾਰਟੀ (ਆਪ) ਨੇ ਕਾਂਗਰਸ ਆਗੂ ਪ੍ਰਤਾਪ ਸਿੰਘ ਬਾਜਵਾ ਦੀ ਪੰਜਾਬ ਪੁਲਸ ਵਿਰੁੱਧ ਅਪਮਾਨਜਨਕ ਅਤੇ ਗੈਰ-ਜ਼ਿੰਮੇਵਾਰਾਨਾ ਟਿੱਪਣੀਆਂ ਲਈ ਸਖ਼ਤ ਨਿੰਦਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਦਾ ਬਿਆਨ ਨਾ ਸਿਰਫ਼ ਅਨੁਸ਼ਾਸਿਤ ਅਤੇ ਪ੍ਰਤਿਸ਼ਠਾਵਾਨ ਪੁਲਸ ਫੋਰਸ ਦਾ ਅਪਮਾਨ ਹੈ, ਸਗੋਂ ਪੰਜਾਬ ਅਤੇ ਦੇਸ਼ ਦੀ ਸੁਰੱਖਿਆ ਲਈ ਰੋਜ਼ਾਨਾ ਆਪਣੀਆਂ ਜਾਨਾਂ ਖ਼ਤਰੇ ਵਿੱਚ ਪਾਉਣ ਵਾਲਿਆਂ ਦਾ ਮਨੋਬਲ ਡੇਗਣ ਦੀ ਕੋਸ਼ਿਸ਼ ਵੀ ਹੈ।ਇੱਕ ਇਕੱਠ ਨੂੰ ਸੰਬੋਧਨ ਕਰਦਿਆਂ ਬਾਜਵਾ ਨੇ ਦੋਸ਼ ਲਾਇਆ ਸੀ ਕਿ ਮੌਜੂਦਾ ਪੰਜਾਬ ਪੁਲਸ ਪੂਰੀ ਤਰ੍ਹਾਂ ਭ੍ਰਿਸ਼ਟ ਹੋ ਚੁੱਕੀ ਹੈ ਅਤੇ ਉਨ੍ਹਾਂ ਨੇ ਪੂਰੀ ਫੋਰਸ ਨੂੰ ਖਤਮ ਕਰਨ ਅਤੇ ਪੁਨਰਗਠਨ ਦੀ ਮੰਗ ਕੀਤੀ ਸੀ।ਆਪ ਪੰਜਾਬ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਪਲਟਵਾਰ ਕਰਦੇ ਹੋਏ ਕਿਹਾ, 'ਰਾਜਨੀਤੀ ਸਮੇਤ ਹਰ ਖੇਤਰ ਵਿੱਚ ਚੰਗੇ ਅਤੇ ਮਾੜੇ ਤੱਤ ਹੁੰਦੇ ਹਨ।ਪਰ ਪੂਰੀ ਪੁਲਸ ਫੋਰਸ ਨੂੰ ਭ੍ਰਿਸ਼ਟ ਦੱਸਣਾ ਆਲੋਚਨਾ ਨਹੀਂ ਹੈ-ਇਹ ਹਜ਼ਾਰਾਂ ਬਹਾਦਰ ਅਤੇ ਇਮਾਨਦਾਰ ਅਧਿਕਾਰੀਆਂ ਦੇ ਮਨੋਬਲ 'ਤੇ ਸਿੱਧਾ ਹਮਲਾ ਹੈ।ਬਾਜਵਾ ਨੇ ਉਸ ਫੋਰਸ ਦਾ ਅਪਮਾਨ ਕੀਤਾ ਹੈ ਜੋ ਨਾ ਸਿਰਫ਼ ਪੰਜਾਬ ਦੀ ਕਾਨੂੰਨ ਵਿਵਸਥਾ ਦੀ ਰੱਖਿਆ ਕਰ ਰਹੀ ਹੈ ਬਲਕਿ ਸਾਡੀਆਂ ਅੰਤਰਰਾਸ਼ਟਰੀ ਸਰਹੱਦਾਂ ਦੀ ਰਾਖੀ ਵੀ ਕਰ ਰਹੀ ਹੈ, ਅੱਤਵਾਦ, ਨਸ਼ੀਲੇ ਪਦਾਰਥਾਂ ਦੇ ਕਾਰਟੈਲ ਅਤੇ ਸੰਗਠਿਤ ਅਪਰਾਧ ਨਾਲ ਵੀ ਲੜ ਰਹੀ ਹੈ।'

ਗਰਗ ਨੇ ਕਿਹਾ ਕਿ ਬਾਜਵਾ ਦੇ ਬਿਆਨ ਤੋਂ ਪਖੰਡ ਅਤੇ ਰਾਜਨੀਤਿਕ ਮੌਕਾਪ੍ਰਸਤੀ ਦੀ ਬਦਬੂ ਆਉਂਦੀ ਹੈ।ਉਨ੍ਹਾਂ ਕਿਹਾ ਉਹੀ ਪੁਲਸ ਜਿਸਨੂੰ ਉਹ ਬਦਨਾਮ ਕਰ ਰਹੇ ਹਨ, ਉਨ੍ਹਾਂ ਦੀ ਨਿੱਜੀ ਸੁਰੱਖਿਆ ਲਈ ਤਾਇਨਾਤ ਹੈ। ਜੇਕਰ ਉਹ ਸੱਚਮੁੱਚ ਮੰਨਦੇ ਹਨ ਕਿ ਇਹ ਫੋਰਸ ਭ੍ਰਿਸ਼ਟ ਅਤੇ ਬੇਕਾਰ ਹੈ, ਤਾਂ ਉਨ੍ਹਾਂ ਨੂੰ ਤੁਰੰਤ ਆਪਣੀ ਪੁਲਸ ਸੁਰੱਖਿਆ ਛੱਡ ਦੇਣੀ ਚਾਹੀਦੀ ਹੈ।ਉਨ੍ਹਾਂ ਨੂੰ ਸਾਡੇ ਜਵਾਨਾਂ ਦੀਆਂ ਕੁਰਬਾਨੀਆਂ 'ਤੇ ਰਾਜਨੀਤੀ ਕਰਨ ਦੀ ਬਜਾਏ ਉਦਾਹਰਣ ਪੇਸ਼ ਕਰਨ ਚਾਹੀਦੀ ਹੈ।ਗਰਗ ਨੇ ਬਾਜਵਾ ਅਤੇ ਕਾਂਗਰਸ ਪਾਰਟੀ ਨੂੰ ਕਾਲੇ ਸਮੇਂ ਤੋਂ ਬਾਅਦ ਸ਼ਾਂਤੀ ਬਹਾਲ ਕਰਨ ਵਿੱਚ ਪੰਜਾਬ ਪੁਲਸ ਦੀ ਸ਼ਾਨਦਾਰ ਵਿਰਾਸਤ ਨੂੰ ਯਾਦ ਕਰਵਾਇਆ। ਗਰਗ ਨੇ ਇਹ ਵੀ ਉਜਾਗਰ ਕੀਤਾ ਕਿ ਮਾਨ ਸਰਕਾਰ ਨੇ ਨਾ ਸਿਰਫ਼ ਖਾਲੀ ਅਸਾਮੀਆਂ ਭਰ ਕੇ ਪੁਲਸ ਨੂੰ ਸ਼ਕਤੀ ਪ੍ਰਦਾਨ ਕੀਤੀ ਹੈ ਬਲਕਿ ਉਨ੍ਹਾਂ ਨੂੰ ਆਧੁਨਿਕ ਵਾਹਨਾਂ, ਹਥਿਆਰਾਂ ਅਤੇ ਸਹੂਲਤਾਂ ਨਾਲ ਵੀ ਲੈਸ ਕੀਤਾ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਕਾਂਗਰਸ ਅਤੇ ਅਕਾਲੀ ਸਰਕਾਰਾਂ ਦੇ ਉਲਟ ਜੋ ਰਾਜਨੀਤਿਕ ਲਾਭ ਲਈ ਪੁਲਸ ਦੀ ਦੁਰਵਰਤੋਂ ਕਰਦੀਆਂ ਸਨ, 'ਆਪ' ਸਰਕਾਰ ਨੇ ਸੰਸਥਾਗਤ ਆਜ਼ਾਦੀ ਅਤੇ ਅਖੰਡਤਾ ਨੂੰ ਯਕੀਨੀ ਬਣਾਇਆ ਹੈ। ਬਾਜਵਾ ਤੋਂ ਮੁਆਫ਼ੀ ਮੰਗਣ ਦੀ ਮੰਗ ਕਰਦੇ ਹੋਏ, ਗਰਗ ਨੇ ਕਿਹਾ: 'ਬਾਜਵਾ ਨੂੰ ਪੰਜਾਬ ਪੁਲਸ ਦੇ ਹਰ ਇਮਾਨਦਾਰ ਅਧਿਕਾਰੀ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ ਜੋ ਲੋਕਾਂ ਦੀ ਰੱਖਿਆ ਲਈ ਦਿਨ ਰਾਤ ਕੰਮ ਕਰ ਰਿਹਾ ਹੈ।ਉਨ੍ਹਾਂ ਨੂੰ ਪੰਜਾਬ ਦੀ ਸੁਰੱਖਿਆ ਅਤੇ ਮਾਣ-ਸਨਮਾਨ ਦੀ ਕੀਮਤ 'ਤੇ ਘਟੀਆ ਰਾਜਨੀਤੀ ਖੇਡਣਾ ਬੰਦ ਕਰਨਾ ਚਾਹੀਦਾ ਹੈ।'

ਵਿਦਿਆਰਥੀਆਂ ਨੇ ਨਸ਼ਿਆਂ ਖਿਲਾਫ਼ ਕੱਢੀ ਜਾਗਰੂਕਤਾ ਰੈਲੀ

ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ) : ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਉਪ ਮੰਡਲ ਮੈਜਿਸਟ੍ਰੇਟ, ਸ਼ਾਹਕੋਟ ਸ਼ੁਭੀ ਆਂਗਰਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਕਾਰੀ ਹਾਈ ਸਕੂਲ ਨਿੰਮਵਾਲਾ, ਸਾਹਕੋਟ ਵੱਲੋਂ ਨਸ਼ਿਆਂ ਖਿਲਾਫ਼ ਜਾਗਰੂਕਤਾ ਰੈਲੀ ਕੱਢੀ ਗਈ। ਇਸ ਰੈਲੀ ਵਿੱਚ ਨੌਵੀਂ ਅਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ ਅਤੇ ਹੱਥਾਂ ਵਿੱਚ ਫੜੀਆਂ ਤਖ਼ਤੀਆਂ ਰਾਹੀਂ ਨਸ਼ਿਆਂ ਦੀ ਲਾਹਣਤ ਨੂੰ ਖ਼ਤਮ ਕਰਨ ਦਾ ਸੁਨੇਹਾ ਦਿੱਤਾ।ਇਸ ਮੌਕੇ ਵਿਦਿਆਰਥੀਆਂ ਅਤੇ ਜਨਤਾ ਨੂੰ ਸੰਬੋਧਨ ਕਰਦਿਆਂ ਐਸ ਡੀ ਐਮ ਸ਼ੁਭੀ ਆਂਗਰਾ ਨੇ ਕਿਹਾ ਕਿ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਪੰਜਾਬ ਸਰਕਾਰ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਨਸ਼ਿਆਂ ਖਿਲਾਫ਼ ਇਕਜੁੱਟਤਾ ਦਾ ਸੱਦਾ ਦਿੰਦਿਆਂ ਕਿਹਾ ਕਿ ਜਨਤਾ ਦੀ ਭਾਗੀਦਾਰੀ ਨਾਲ ਹੀ ਨਸ਼ੇ ਦਾ ਖਾਤਮਾ ਕੀਤਾ ਜਾ ਸਕਦਾ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਨਸ਼ਾ ਛੱਡਣ ਵਾਲੇ ਵਿਅਕਤੀਆਂ ਲਈ ਨਸ਼ਾ ਛੁਡਾਊ ਕੇਂਦਰ ਅਤੇ ਮੁੜ ਵਸੇਬਾ ਕੇਂਦਰ ਬਣਾਏ ਹਨ।ਇਸ ਤੋਂ ਇਲਾਵਾ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਨਸ਼ਾ ਛੁਡਾਊ ਕੇਂਦਰ ਹੈਲਪਲਾਈਨ ਨੰਬਰ 0181-2911960 ਵੀ ਜਾਰੀ ਕੀਤਾ ਗਿਆ ਹੈ।ਡੀ ਐਸ ਪੀ ਸ਼ਾਹਕੋਟ ਓਂਕਾਰ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਟਸਐਪ ਨੰਬਰ 9779-100-200 ਜਾਰੀ ਕੀਤਾ ਗਿਆ ਹੈ, ਜਿਸ 'ਤੇ ਨਸ਼ਾ ਤਸਕਰਾਂ ਸਬੰਧੀ ਜਾਣਕਾਰੀ ਦਿੱਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਜਾਣਕਾਰੀ ਦੇਣ ਵਾਲਿਆਂ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ।ਇਸ ਮੌਕੇ ਨਾਇਬ ਤਹਿਸੀਲਦਾਰ ਸ਼ਾਹਕੋਟ ਸੁਲੋਚਨਾ ਦੇਵੀ, ਪ੍ਰਿੰਸੀਪਲ ਨਿਸ਼ਾ ਰਾਣੀ, ਗੁਰਜਿੰਦਰ ਕੌਰ, ਜਸਬੀਰ ਕੌਰ, ਕੁਲਵਿੰਦਰ ਕੌਰ, ਸੁਮੇਧਾ, ਕਿਰਨਦੀਪ ਕੌਰ ਆਦਿ ਅਧਿਆਪਕ ਵੀ ਮੌਜੂਦ ਸਨ।

ਤਿੰਨ ਵਿਦਿਆਰਥੀਆਂ ਨੇ ਜਵਾਹਰ ਨਵੋਦਿਆ ਪ੍ਰਵੇਸ਼ ਪ੍ਰੀਖਿਆ ਕੀਤੀ ਪਾਸ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ) ਫ਼ਿਰੋਜ਼ਪੁਰ ਸੁਨੀਤਾ ਰਾਣੀ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ) ਕੋਮਲ ਅਰੋੜਾ ਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸਤੀਏਵਾਲਾ ਇੰਦਰਜੀਤ ਸਿੰਘ ਦੀ ਯੋਗ ਅਗਵਾਈ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਬਸਤੀ ਪਿਆਰੇਆਣਾ, ਬਲਾਕ ਸਤੀਏਵਾਲਾ ਦੇ ਤਿੰਨ ਵਿਦਿਆਰਥੀਆਂ ਜਸ਼ਨਪ੍ਰੀਤ ਕੌਰ ਪੁੱਤਰੀ ਗੁਰਜੰਟ ਸਿੰਘ, ਜਸਪ੍ਰੀਤ ਕੌਰ ਪੁੱਤਰੀ ਜਗਸੀਰ ਸਿੰਘ ਤੇ ਹਰਜੀਤ ਸਿੰਘ ਪੁੱਤਰ ਗੁਰਮੀਤ ਸਿੰਘ ਨੇ ਜਵਾਹਰ ਨਵੋਦਿਆ ਵਿਦਿਆਲਿਆ ਦੀ ਪ੍ਰਵੇਸ਼ ਪ੍ਰੀਖਿਆ ਪਾਸ ਕਰਕੇ ਆਪਣੇ ਪਰਵਾਰ, ਇਲਾਕੇ ਤੇ ਅਧਿਆਪਕਾਂ ਦਾ ਮਾਣ ਵਧਾਇਆ ਹੈ।

ਸਕੂਲ ਦੇ ਹੈੱਡ ਟੀਚਰ ਇੰਦਰਜੀਤ ਸਿੰਘ ਨੇ ਕਿਹਾ ਕਿ ਬੱਚਿਆਂ ਦਾ ਹੌਸਲਾ ਵਧਾਉਣ ਅਤੇ ਸਨਮਾਨ ਕਰਨ ਲਈ ਅੱਜ ਸਕੂਲ ਵਿਚ ਸੈਂਟਰ ਹੈੱਡ ਟੀਚਰ ਕੁਲਵੰਤ ਸਿੰਘ (ਸੈਂਟਰ ਮਾਣਾ ਸਿੰਘ ਵਾਲਾ) ਉਚੇਚੇ ਤੌਰ 'ਤੇ ਪਹੁੰਚੇ।ਸੀਐੱਚਟੀ ਸਰ ਵੱਲੋਂ ਬੱਚਿਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸੀਐੱਚਟੀ ਕੁਲਵੰਤ ਸਿੰਘ ਨੇ ਜਿੱਥੇ ਬੱਚਿਆਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ, ਉਥੇ ਹੀ ਬੱਚਿਆਂ ਨੂੰ ਪ੍ਰੀਖਿਆ ਦੀ ਤਿਆਰੀ ਕਰਾਉਣ ਵਾਲੇ ਸਕੂਲ ਅਧਿਆਪਕ ਗੁਰਬਚਨ ਲਾਲ ਨੂੰ ਵੀ ਵਧਾਈ ਦਿੱਤੀ ਤੇ ਸਨਮਾਨਿਤ ਕੀਤਾ।ਉਨ੍ਹਾਂ ਬੱਚਿਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਹਰ ਸਾਲ ਜ਼ਿਲ੍ਹਾ ਪੱਧਰ 'ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਪ੍ਰਵੇਸ਼ ਪ੍ਰੀਖਿਆ ਲਈ ਬੈਠਦੇ ਹਨ, ਪਰ ਸਖ਼ਤ ਮਿਹਨਤ ਕਰਨ ਵਾਲੇ ਵਿਦਿਆਰਥੀ ਹੀ ਇਹ ਪ੍ਰਵੇਸ਼ ਪ੍ਰੀਖਿਆ ਪਾਸ ਕਰਦੇ ਹਨ। ਇਸ ਮੌਕੇ ਸਕੂਲ ਸਟਾਫ਼ ਵੱਲੋਂ ਵੀ ਸੀ.ਐੱਚ.ਟੀ. ਕੁਲਵੰਤ ਸਿੰਘ ਜੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ, ਇਲਾਕਾ ਨਿਵਾਸੀਆਂ ਨੇ ਸਕੂਲੀ ਵਿਦਿਆਰਥੀਆਂ ਵੱਲੋਂ ਪਾਸ ਕੀਤੀ ਪ੍ਰੀਖਿਆ 'ਤੇ ਜਿੱਥੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਉੱਥੇ ਹੀ ਅਧਿਆਪਕਾਂ ਵੱਲੋਂ ਕਰਵਾਈ ਗਈ ਪੜ੍ਹਾਈ ਅਤੇ ਮਿਹਨਤ ਦੀ ਸ਼ਲਾਘਾ ਕੀਤੀ। ਵਿਦਿਆਰਥੀਆਂ ਦੇ ਮਾਤਾ ਪਿਤਾ ਨੇ ਸਕੂਲ ਦੀ ਚੰਗੀ ਕਾਰਗੁਜ਼ਾਰੀ ਦੀ ਪ੍ਰਸੰਸਾ ਕੀਤੀ ਤੇ ਕਿਹਾ ਕਿ ਬੱਚਿਆਂ ਦੀ ਮਿਹਨਤ ਦੇ ਨਾਲ-ਨਾਲ ਸਕੂਲ ਦੇ ਸਟਾਫ਼ ਵਲੋਂ ਕਰਵਾਈ ਤਿਆਰੀ ਕਰਕੇ ਹੀ ਪ੍ਰੀਖਿਆ ਪਾਸ ਹੋ ਸਕੀ ਹੈ।ਇਸ ਮੌਕੇ ਸਕੂਲ ਹੈੱਡ ਟੀਚਰ ਇੰਦਰਜੀਤ ਸਿੰਘ, ਬੱਚਿਆਂ ਦੇ ਗਾਈਡ ਟੀਚਰ ਤੇ ਜਮਾਤ ਇੰਚਾਰਜ਼ ਗੁਰਬਚਨ ਲਾਲ, ਮਹਿਲ ਸਿੰਘ, ਅਮਨਦੀਪ ਕੌਰ, ਆਂਗਨਵਾੜੀ ਵਰਕਰ ਵੀਰਪਾਲ ਕੌਰ ਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਆਦਿ ਹਾਜ਼ਰ ਸਨ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਹਰੇਕ ਵਰਗ ਦੇਵੇ ਆਪਣਾ ਸਹਿਯੋਗ : ਡਾ. ਨਿਧੀ ਕੁਮੁਦ ਬੰਬਾਹ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਸਿਹਤ ਸੁਸਾਇਟੀ ਦੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਡਾ. ਨਿਧੀ ਕੁਮੁਦ ਬੰਬਾਹ ਦੀ ਪ੍ਰਧਾਨਗੀ ਹੇਠ ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਕੀਤੀ ਗਈ।ਇਸ ਦੌਰਾਨ ਵੱਖ-ਵੱਖ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਦੀ ਪ੍ਰਗਤੀ ਬਾਰੇ ਰੀਵਿਊ ਕੀਤਾ ਗਿਆ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਡਾ. ਨਿਧੀ ਕੁਮੁਦ ਬੰਬਾਹ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੇਠ ਜ਼ਿਲ੍ਹਾ ਫ਼ਿਰੋਜ਼ਪੁਰ ਨੂੰ ਨਸ਼ਾ ਮੁਕਤ ਕਰਨ ਨੂੰ ਮੁੱਖ ਰੱਖਦਿਆਂ ਜ਼ਿਲ੍ਹੇ ਵਿੱਚ ਚੱਲ ਰਹੇ ਨਸ਼ਾ ਛੁਡਾਊ ਕੇਂਦਰਾਂ, ਰੀਹੈਬਲੀਟੇਸ਼ਨ ਸੈਂਟਰਾਂ ਤੇ ਓਟ ਸੈਂਟਰਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਜ਼ਿਲ੍ਹਾ ਫ਼ਿਰੋਜ਼ਪੁਰ ਨੂੰ ਨਸ਼ਾ ਮੁਕਤ ਕਰਨ ਲਈ ਹਰੇਕ ਵਰਗ ਦੇ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਸਾਡਾ ਸਭ ਦਾ ਮੁੱਢਲਾ ਫ਼ਰਜ਼ ਹੈ। ਉਨ੍ਹਾਂ ਹਾਜ਼ਰ ਸਮੂਹ ਸਿਹਤ ਅਧਿਕਾਰੀਆਂ ਨੂੰ ਕਿਹਾ ਕਿ ਸਿਹਤ ਸੰਸਥਾਵਾਂ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਮੁਸ਼ਕਲ ਨਾ ਆਉਣ ਦਿੱਤੀ ਜਾਵੇ ਅਤੇ ਲੋਕਾਂ ਨੂੰ ਸਿਹਤ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਦਿੱਤਾ ਜਾਵੇ। ਗਰਭਵਤੀ ਔਰਤਾਂ ਦੇ ਲੋੜੀਂਦੇ ਚੈੱਕਅਪ, ਸੰਸਥਾਗਤ ਜਣੇਪੇ ਤੇ ਨਵਜੰਮੇ ਬੱਚਿਆਂ ਦੇ ਟੀਕਾਕਰਣ ਵੱਲ ਖ਼ਾਸ ਧਿਆਨ ਦਿੱਤਾ ਜਾਵੇ। ਇਸ ਮੌਕੇ ਵਿਭਾਗ ਦੇ ਪ੍ਰੋਗਰਾਮ ਅਫ਼ਸਰਾਂ ਵੱਲੋਂ ਆਪਣੇ ਪ੍ਰੋਗਰਾਮ ਦੇ ਟੀਚਿਆਂ ਤੇ ਪ੍ਰਾਪਤੀਆਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ, ਜਿਨ੍ਹਾਂ ਵਿੱਚ ਟੀਕਾਕਰਨ, ਰਾਸ਼ਟਰੀ ਟੀਬੀ ਕੰਟਰੋਲ ਪ੍ਰੋਗਰਾਮ, ਐੱਚਆਈਵੀ., ਕੁਸ਼ਟ ਰੋਗ, ਯੂਡੀਆਈਡੀ, ਸਕੂਲ ਹੈੱਲਥ ਪ੍ਰੋਗਰਾਮ, ਬਲਾਈਂਡ ਨੈੱਸ ਕੰਟਰੋਲ ਪ੍ਰੋਗਰਾਮ, ਆਈਡੀਐੱਸਪੀ, ਨੈਸ਼ਨਲ ਵੈਕਟਰ ਬੋਰਨ ਡਜ਼ੀਜ਼ ਕੰਟਰੋਲ ਪ੍ਰੋਗਰਾਮ ਅਤੇ ਫੂਡ ਸੇਫਟੀ ਆਦਿ ਬਾਰੇ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ ਵੱਲੋਂ ਨਿਰਧਾਰਤ ਸਿਹਤ ਪ੍ਰੋਗਰਾਮਾਂ ਦੇ ਟੀਚਿਆਂ ਦੀ 100 ਪ੍ਰਤੀਸ਼ਤ ਪ੍ਰਾਪਤੀ ਯਕੀਨੀ ਬਣਾਈ ਜਾਵੇ ਤੇ ਸਮੂਹ ਪ੍ਰੋਗਰਾਮ ਅਫ਼ਸਰ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਨੂੰ ਪਿੰਡ ਪੱਧਰ ਤੇ ਲਾਗੂ ਕਰਨਾ ਯਕੀਨੀ ਬਨਾਉਣ ਤਾਂ ਜੁ ਲੋਕ ਵੱਧ ਤੋਂ ਵੱਧ ਸਿਹਤ ਸਹੂਲਤਾਂ ਦਾ ਲਾਭ ਲੈ ਸਕਣ।

ਹਨੀ ਫੱਤਣਵਾਲਾ ਨੇ ਫੁੱਟਬਾਲ ਟੂਰਨਾਮੈਂਟ ਦਾ ਕੀਤਾ ਉਦਘਾਟਨ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ) ਪਿੰਡ ਭੰਗਚੜੀ ਵਿਖੇ ਸੰਤ ਸੁੰਦਰ ਦਾਸ ਤੇ ਸੰਤ ਮੋਹਿੰਦਰ ਦਾਸ ਦੀ ਯਾਦ ਵਿੱਚ ਨੌਜਵਾਨਾਂ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਫੁੱਟਬਾਲ ਟੂਰਨਾਮੈਂਟ ਕਰਾਇਆ ਗਿਆ, ਜਿਸਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪੁੱਜੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਅਤੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਰਿਬਨ ਕੱਟ ਕੇ ਕੀਤਾ।

ਹਨੀ ਫੱਤਣਵਾਲਾ ਨੇ ਕਿਹਾ ਕਿ ਅਕਾਲੀ ਦਲ ਨੇ ਬਹੁਤ ਸਹੂਲਤਾਂ ਖੇਡਾਂ ਲਈ ਦਿੱਤੀਆਂ ਤੇ ਇਸ ਨਗਰ ਦੇ ਇਸ ਖੇਡ ਗਰਾਊਂਡ ਨੂੰ ਵੀ ਸੋਹਣਾ ਬਣਾਉਣ ਲਈ ਗ੍ਰਾਂਟ ਪ੍ਰਕਾਸ਼ ਸਿੰਘ ਬਾਦਲ ਨੇ ਮੁੱਖ ਮੰਤਰੀ ਹੁੰਦੇ ਦਿੱਤੀ ਸੀ।ਉਨ੍ਹਾਂ ਕਿਹਾ ਕਿ ਖੇਡਾਂ ਵੀ ਸਾਡੇ ਸਰੀਰ ਦਾ ਅੰਗ ਹੁੰਦੀਆਂ ਹਨ ਤੇ ਹਰੇਕ ਨੌਜਵਾਨ ਨੂੰ ਕਿਸੇ ਨਾ ਕਿਸੇ ਖੇਡ ਨਾਲ ਜਰੂਰ ਜੁੜਨਾ ਚਾਹੀਦਾ ਹੈ।ਉਨ੍ਹਾਂ ਨੇ ਪੰਜਾਬ ਦੇ ਯੂਥ ਨੂੰ ਖੇਡਾਂ ਵੱਲ ਰੁਚੀ ਦਿਖਾਉਣ ਦੀ ਅਪੀਲ ਵੀ ਕੀਤੀ।ਹਨੀ ਫੱਤਣਵਾਲਾ ਵਲੋਂ ਟੂਰਨਾਮੈਂਟ ਕਰਾ ਰਹੇ ਨੌਜਵਾਨਾਂ ਨੂੰ ਵਿੱਤੀ ਸਹਾਇਤਾ ਵੀ ਭੇਟ ਕੀਤੀ ਤੇ ਉਨ੍ਹਾਂ ਵੱਲੋਂ ਹਨੀ ਫੱਤਣਵਾਲਾ ਨੂੰ ਸਨਮਾਨਤ ਵੀ ਕੀਤਾ ਗਿਆ।

ਆਲ ਇੰਪਲਾਈਜ਼

7-APR-PAGE-7.qxd 4/6/2025 9:28 PM Page 1

ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਤਹਿਤ ਪਿੰਡ ਪਿੰਡ ਨੁੱਕੜ ਮੀਟਿੰਗਾਂ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਰੋਕਥਾਮ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਉਣ ਲਈ ਸ੍ਰੀ ਟੀ ਬੈਨਿਥ ਡਿਪਟੀ ਕਮਿਸ਼ਨਰ ਬਰਨਾਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਪਿੰਡਾਂ ਵਿੱਚ ਮੀਟਿੰਗ ਕਰਕੇ ਲੋਕ ਨੂੰ ਨਸ਼ਿਆਂ ਵਿਰੁੱਧ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਸ੍ਰੀ ਹਰਕੰਵਲਜੀਤ ਸਿੰਘ ਐੱਸ.ਡੀ.ਐੱਮ. ਮਹਿਲ ਕਲਾਂ ਦੀ ਅਗਵਾਈ ਹੇਠ ਪਿੰਡ ਮੂੰਮ, ਨਿਹਾਲੂਵਾਲ, ਛਾਪਾ, ਪੰਡੋਰੀ, ਲੋਹਗੜ੍ਹ ਆਦਿ ਪਿੰਡਾਂ ਵਿੱਚ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਮੀਟਿੰਗਾਂ ਕਰਵਾਈਆਂ ਗਈਆਂ।ਇਸ ਸਬੰਧੀ ਐੱਸ.ਡੀ.ਐੱਮ. ਨੇ ਦੱਸਿਆ ਕਿ ਮਹਿਲ ਕਲਾਂ ਦੇ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਨੂੰ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਮੀਟਿੰਗਾਂ ਕਰਵਾ ਕੇ ਪਿੰਡ ਦੇ ਲੋਕਾਂ ਨੂੰ ਨਸ਼ਿਆਂ ਦੇ ਸਮਾਜ ਉੱਪਰ ਪੈ ਰਹੇ ਗਲਤ ਪ੍ਰਭਾਵ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੌਕੇ ਉਨ੍ਹਾਂ ਪੰਚਾਇਤਾਂ ਤੇ ਪਿੰਡ ਵਾਸੀਆਂ ਨੂੰ ਕਿਹਾ ਕਿ ਉਹ ਪਿੰਡ ਦੇ ਨੌਜਵਾਨਾਂ, ਖਾਸਕਰ ਬੱਚਿਆਂ ਵੱਲ ਵਿਸ਼ੇਸ਼ ਧਿਆਨ ਦੇਣ ਤੇ ਉਨ੍ਹਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਉਪਰਾਲੇ ਕੀਤੇ ਜਾਣ।ਉਨ੍ਹਾਂ ਸਮੂਹ ਪਿੰਡ ਵਾਸੀਆਂ ਤੇ ਪੰਚਾਇਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਵਿੱਚ ਪ੍ਰਸ਼ਾਸਨ ਦਾ ਸਾਥ ਦੇਣ। ਇਸ ਸਮੇਂ ਪਿੰਡ ਵਾਸੀਆਂ ਵੱਲੋਂ ਨਸ਼ਿਆਂ ਵਿਰੁੱਧ ਲੜਾਈ ਵਿੱਚ ਪ੍ਰਸ਼ਾਸਨ ਨੂੰ ਪੂਰਨ ਸਹਿਯੋਗ ਦੇਣ ਦਾ ਅਹਿਦ ਲਿਆ ਗਿਆ। ਇਸ ਮੌਕੇ ਐੱਸ ਐੱਚ ਓ ਜਗਜੀਤ ਸਿੰਘ ਮਹਿਲ ਕਲਾਂ, ਸਰਪੰਚ ਹਰਜਿੰਦਰ ਕੌਰ, ਬੇਅੰਤ ਸਿੰਘ ਲੋਹਗੜ੍ਹ, ਮਨਜੀਤ ਸਿੰਘ ਧਨੇਸਰ, ਅੰਮ੍ਰਿਤ ਸਿੰਘ, ਮਨਦੀਪ ਸਿੰਘ ਹੈਪੀ ਆਦਿ ਹਾਜ਼ਰ ਸਨ।

ਵਰਲਡ ਯੂਨੀਵਰਸਿਟੀ ਦੀ ਵਿਦਿਆਰਥਣ ਨੇ ਉੱਤਰ-ਪੂਰਬੀ ਯੁਵਕ ਉਤਸਵ 'ਚ ਕੀਤੀ ਪੰਜਾਬ ਦੀ ਨੁਮਾਇੰਦਗੀ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਿੱਖਿਆ ਵਿਭਾਗ ਦੀ ਐੱਨ ਐੱਸ ਐੱਸ ਵਲੰਟੀਅਰ ਪ੍ਰੀਤ ਕੌਰ ਨੂੰ ਸਿੱਕਮ ਦੇ ਗੰਗਟੋਕ ਵਿੱਚ ਆਯੋਜਤ 8ਵੇਂ ਉੱਤਰ-ਪੂਰਬੀ ਯੁਵਕ ਉਤਸਵ (ਐੱਨਈਐੱਫ) 2025 ਵਿੱਚ ਹਿੱਸਾ ਲੈਣ ਲਈ ਪੰਜਾਬ ਦਲ ਦੇ ਹਿੱਸੇ ਵਜੋਂ ਚੁਣਿਆ ਗਿਆ।ਡਾ. ਹਰਨੀਤ ਬਿਲਿੰਗ, ਪ੍ਰੋਗਰਾਮ ਕੋਆਰਡੀਨੇਟਰ (ਐੱਨਐੱਸਐੱਸ) ਨੇ ਦੱਸਿਆ ਕਿ ਪੰਜਾਬ, ਹਿਮਾਚਲ ਪ੍ਰਦੇਸ਼ ਤੇ ਚੰਡੀਗੜ੍ਹ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਤੇ ਕਾਲਜਾਂ ਦੇ ਸਰਬੋਤਮ ਐੱਨ ਐੱਸ ਐੱਸ ਵਲੰਟੀਅਰਾਂ ਦੀ 10 ਮੈਂਬਰੀ ਟੀਮ ਨੇ ਇਸ ਫੈਸਟੀਵਲ ਵਿੱਚ ਹਿੱਸਾ ਲਿਆ।ਇਸ ਟੀਮ ਦੀ ਅਗਵਾਈ ਯੂਨੀਵਰਸਿਟੀ ਕਾਲਜ ਢਿੱਲਵਾਂ ਦੇ ਪ੍ਰੋਗਰਾਮ ਅਫਸਰ ਪ੍ਰੋਫੈਸਰ ਜਗਦੀਪ ਸਿੰਘ ਨੇ ਕੀਤੀ।ਸਿੱਕਮ ਦੇ ਰਾਜ ਦੇ ਖੇਡ ਤੇ ਯੁਵਕ ਮਾਮਲਿਆਂ ਦੇ ਵਿਭਾਗ ਦੁਆਰਾ ਭਾਰਤ ਸਰਕਾਰ ਦੇ ਯੁਵਾ ਮਾਮਲੇ ਤੇ ਖੇਡ ਮੰਤਰਾਲੇ, ਐੱਨ ਐੱਸ ਐੱਸ ਤੇ ਐੱਨ ਵਾਈ ਕੇ ਐੱਸ ਦੇ ਸਹਿਯੋਗ ਨਾਲ ਇਹ ਤਿਉਹਾਰ 17 ਮਾਰਚ ਤੋਂ 20 ਮਾਰਚ 2025 ਤੱਕ ਕੀਤਾ ਗਿਆ ਸੀ।ਦੇਸ਼ ਭਰ ਤੋਂ 1500 ਤੋਂ ਵੱਧ ਨੌਜਵਾਨਾਂ ਨੇ ਇਸ ਸ਼ਾਨਦਾਰ ਸਮਾਗਮ ਵਿੱਚ ਹਿੱਸਾ ਲਿਆ, ਜਿਸ ਵਿੱਚ ਸੱਭਿਆਚਾਰਕ ਪ੍ਰਦਰਸ਼ਨ, ਰਵਾਇਤੀ ਪ੍ਰਦਰਸ਼ਨ ਤੇ ਲੀਡਰਸ਼ਿਪ, ਟਿਕਾਊਪਣ ਤੇ ਸਮਾਜਿਕ ਤਬਦੀਲੀ ਬਾਰੇ ਵਿਚਾਰ ਵਟਾਂਦਰੇ ਸ਼ਾਮਲ ਸਨ। ਪ੍ਰੀਤ ਕੌਰ ਨੇ ਸੱਭਿਆਚਾਰਕ ਪ੍ਰਤੀਨਿਧਤਾ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਿੱਥੇ ਉਸ ਨੇ ਪੰਜਾਬੀ ਨਾਚ ਪੇਸ਼ਕਾਰੀ ਨਾਲ ਦਰਸ਼ਕਾਂ ਨੂੰ ਮਨਮੋਹਕ ਕਰ ਦਿੱਤਾ।ਪ੍ਰੋਫੈਸਰ (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਪ੍ਰੀਤ ਕੌਰ ਤੇ ਸਮੁੱਚੀ ਟੀਮ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਦਿਲੋਂ ਵਧਾਈ ਦਿੱਤੀ।ਪ੍ਰੋਫੈਸਰ (ਡਾ.) ਪਰਿਤ ਪਾਲ ਸਿੰਘ, ਵਾਈਸ ਚਾਂਸਲਰ ਨੇ ਵਿਦਿਆਰਥੀਆਂ ਦੇ ਸਮਰਪਣ ਤੇ ਵਚਨਬੱਧਤਾ ਦੀ ਸ਼ਲਾਘਾ ਕੀਤੀ।

ਸ਼੍ਰੋਮਣੀ ਅਕਾਲੀ ਦਲ ਦੀ ਇਕੱਤਰਤਾ 'ਚ ਮਿੱਡੂ ਖੇੜਾ ਦਾ ਸਨਮਾਨ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਸ਼੍ਰੋਮਣੀ ਅਕਾਲੀ ਦਲ ਹਲਕਾ ਮਹਿਲ ਕਲਾਂ ਦੀ ਡੈਲੀਗੇਟ ਮੀਟਿੰਗ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹਲਕਾ ਇੰਚਾਰਜ ਨਾਥ ਸਿੰਘ ਹਮੀਦੀ ਦੀ ਅਗਵਾਈ ਹੇਠ ਹੋਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਹਲਕਾ ਅਬਜ਼ਰਵਰ ਸੀਨੀ: ਅਕਾਲੀ ਆਗੂ ਤੇਜਿੰਦਰ ਸਿੰਘ ਮਿੱਡੂਖੇੜਾ ਨੇ ਹਲਕਾ ਆਗੂਆਂ ਦੀ ਅਗਵਾਈ ਹੇਠ ਹੋਈ ਭਰਤੀ ਨੂੰ ਮੁਕੰਮਲ ਕਰਨ ਲਈ ਸਾਰਿਆਂ ਦਾ ਧੰਨਵਾਦ ਕਰਦਿਆ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਉਪਰ ਜਦੋਂ ਵੀ ਸੰਕਟ ਦੀ ਘੜੀ ਆਈ ਤਾਂ ਸਾਰੇ ਆਗੂਆਂ, ਵਰਕਰਾਂ ਨੇ ਬੁਲੰਦ ਹੌਸਲੇ ਨਾਲ ਡੱਟ ਕੇ ਮੁਕਾਬਲਾ ਕਰਦਿਆਂ ਚੜ੍ਹਦੀ ਕਲਾ ਨਾਲ ਫਤਹਿ ਹਾਸਲ ਕੀਤੀ ਹੈ।ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਸਾਰੇ ਆਗੂਆਂ, ਵਰਕਰਾਂ ਨੂੰ ਅਹਿਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ।ਸਾਰੇ ਸਰਕਲਾਂ ਦੇ ਅਹੁਦੇਦਾਰਾਂ ਦੀ ਚੋਣ ਲਈ ਸਾਰੇ ਅਧਿਕਾਰ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੂੰ ਸੌਂਪੇ ਗਏ।ਇਸ ਮੌਕੇ ਹਲਕਾ ਜਥੇਬੰਦੀ ਵੱਲੋਂ ਨਾਥ ਸਿੰਘ ਹਮੀਦੀ ਦੀ ਅਗਵਾਈ ਹੇਠ ਹਲਕਾ ਅਬਜ਼ਰਵਰ ਤੇਜਿੰਦਰ ਸਿੰਘ ਮਿੱਡੂਖੇੜਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਡਾ: ਸੁਖਵਿੰਦਰ ਸਿੰਘ ਨਿਹਾਲੂਵਾਲ, ਜਥੇਦਾਰ ਦਲਬਾਰਾ ਸਿੰਘ ਮਨਾਲ, ਜਸਵਿੰਦਰ ਸਿੰਘ ਦੀਦਾਰਗੜ੍ਹ, ਸੁਖਵਿੰਦਰ ਸਿੰਘ ਸੁੱਖਾ, ਸਰਪੰਚ ਬਚਿੱਤਰ ਸਿੰਘ ਧਾਲੀਵਾਲ, ਬਲਰਾਜ ਸਿੰਘ ਕਾਕਾ ਟੱਲੇਵਾਲ, ਬਲਦੇਵ ਸਿੰਘ ਗਾਗੇਵਾਲ, ਗੁਰਦੀਪ ਸਿੰਘ ਕਾਲਾ, ਯਾਦਵਿੰਦਰ ਸਿੰਘ ਬਿੱਟੂ ਦੀਵਾਨਾ, ਬੀਬੀ ਬੇਅੰਤ ਕੌਰ ਖਹਿਰਾ, ਜਸਪ੍ਰੀਤ ਸਿੰਘ ਜੱਸੀ, ਕੁਲਵੰਤ ਸਿੰਘ ਟਿੱਬਾ, ਸਰਬਜੀਤ ਸਿੰਘ ਗੰਗੋਹਰ, ਗੁਰਦੀਪ ਸਿੰਘ ਟਿਵਾਣਾ, ਬੀਬੀ ਚਰਨਜੀਤ ਕੌਰ, ਅਮਨ ਕੌਰ ਰਾਏਸਰ, ਹਰਦੀਪ ਸਿੰਘ ਮਹਿਲ ਕਲਾਂ ਆਦਿ ਹਾਜ਼ਰ ਸਨ।

ਅਗਰਵਾਲ ਸਭਾ ਇਕਾਈ ਦੀ ਚੋਣ

ਮਲੋਟ (ਗੁਰਮੀਤ ਸਿੰਘ ਮੱਕੜ, ਓਮ ਪ੍ਰਕਾਸ਼ ਸੇਖੂ)-ਅਗਰਵਾਲ ਸਭਾ ਦੀ ਅਹਿਮ ਮੀਟਿੰਗ ਐਡਵਰਡਗੰਜ ਗੈਸਟ ਹਾਊਸ ਵਿਖੇ ਹੋਈ, ਜਿਸ ਵਿੱਚ ਪੰਜਾਬ ਪ੍ਰਧਾਨ ਸਰੂਪ ਚੰਦ ਸਿੰਗਲਾ ਤੇ ਪੰਜਾਬ ਦੇ ਸਕੱਤਰ ਸ਼ੁਰੇਸ਼ ਕੁਮਾਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੀ ਅਗਰਵਾਲ ਸਭਾ ਇਕਾਈ ਨੂੰ ਭੰਗ ਕਰਕੇ ਨਵੀਂ ਚੋਣ ਕੀਤੀ ਗਈ, ਜਿਸ ਵਿਚ ਬੋਬੀ ਸਿੰਗਲਾ ਗਿੱਦੜਬਾਹਾ ਨੂੰ ਜ਼ਿਲ੍ਹਾ ਪ੍ਰਧਾਨ, ਜੋਨੀ ਗਰਗ ਨੂੰ ਜ਼ਿਲ੍ਹਾ ਯੂਥ ਪ੍ਰਧਾਨ, ਰਾਜ ਕੁਮਾਰ ਗਰਗ ਨੂੰ ਸ਼ਹਿਰੀ ਪ੍ਰਧਾਨ ਤੇ ਸੁਨੀਲ ਬਾਂਸਲ ਨੂੰ ਯੂਥ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਪੰਜਾਬ ਆਗੂਆਂ ਵੱਲੋਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦੇ ਹੋਏ ਆਸ ਪ੍ਰਗਟ ਕੀਤੀ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਤਨਦੇਹੀ ਨਾਲ ਨਿਭਾਉਣਗੇ।

ਪੰਜਾਬ ਕੋ-ਐਜੂਕੇਸ਼ਨ ਸਕੂਲ ਦਾ ਅੱਠਵੀਂ ਦਾ ਨਤੀਜਾ ਸ਼ਾਨਦਾਰ

ਬਾਘਾ ਪੁਰਾਣਾ (ਮਨੀ ਸਿੰਗਲਾ)-ਬਾਘਾ ਪੁਰਾਣਾ ਦੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਸੰਸਥਾ ਦੇ ਬਾਨੀ ਪਿੰਸੀਪਲ ਸ: ਗੁਰਦੇਵ ਸਿੰਘ, ਪ੍ਰਿੰਸੀਪਲ ਅਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਦੀ ਸੁਚੱਜੀ ਤੇ ਯੋਗ ਅਗਵਾਈ ਵਿੱਚ ਨਿੱਤ-ਨਵੀਆਂ ਪੁਲਾਘਾਂ ਪੁੱਟ ਰਹੀ ਹੈ, ਦਾ ਅੱਠਵੀਂ ਸ਼੍ਰੇਣੀ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ।ਇਸ ਵਾਰ ਅੱਠਵੀਂ ਸ਼੍ਰੇਣੀ ਦੇ 85 ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਭਾਗ ਲਿਆ, ਜਿਸ ਵਿੱਚੋਂ 20 ਵਿਦਿਆਰਥੀਆਂ ਨੇ 90% ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ, ਜਿਸ ਵਿੱਚੋ ਜੈਸਮੀਨ ਕੌਰ ਨੇ (97%), ਸੀਰਤ ਬਰਾੜ ਨੇ (96.6%), ਹਰਜੀਵਨ ਕੌਰ (96.6%), ਗੁਰਪ੍ਰੀਤ ਕੌਰ ਨੇ (96.5%), ਆਦਰਸ਼ਬੀਰ ਸਿੰਘ (96.5%), ਹਰਲੀਨ ਕੌਰ ਨੇ (96.3%), ਗੁਰਸਿਮਰਤ ਕੌਰ ਨੇ (95.6%), ਮਨਵੀਰ ਕੌਰ ਨੇ (95.5%), ਰੋਹਿਤ ਕੁਮਾਰ ਨੇ (95.1%) ਤੇ ਰਾਜਵੀਰ ਕੌਰ ਨੇ (95%) ਅੰਕ ਪ੍ਰਾਪਤ ਕਰਕੇ ਆਪਣਾ ਤੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸੰਸਥਾ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕੀਤੇ, ਪ੍ਰੰਤੂ ਉਨ੍ਹਾਂ ਨੇ ਵਿੱਦਿਆਰਥੀਆਂ ਨੂੰ ਦਸਵੀਂ ਸ਼੍ਰੇਣੀ ਵਿੱਚ ਮੈਰਿਟ ਸੂਚੀ ਵਿੱਚ ਨਾਮ ਦਰਜ ਕਰਵਾਉਣ ਲਈ ਪ੍ਰੇਰਿਤ ਕਰਦਿਆਂ ਹੋਰ ਸਖਤ ਮਿਹਨਤ ਕਰਨ ਤੇ ਜ਼ੋਰ ਦਿੱਤਾ।ਇਸ ਮੌਕੇ ਪ੍ਰਿੰਸੀਪਲ ਗੁਰਦੇਵ ਸਿੰਘ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਇਸ ਮੌਕੇ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਕੋਆਰਡੀਨੇਟਰ ਮੁਕੇਸ਼ ਅਰੋੜਾ, ਕੋਆਰਡੀਨੇਟਰ (ਮਿਡਲ) ਦੀਪਿਕਾ ਮਨਚੰਦਾ, ਮੈਡਮ ਖੁਸ਼ਪ੍ਰੀਤ ਕੌਰ ਤੋਂ ਇਲਾਵਾ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

ਸੀ ਪੀ ਐੱਫ ਕਾਮਿਆਂ ਨੇ ਕੈਬਨਿਟ ਮੰਤਰੀ ਨੂੰ ਸੌਂਪਿਆ ਮੰਗ ਪੱਤਰ

1 ਮਈ ਨੂੰ ਦਿੱਲੀ ਦੇ ਜੰਤਰ-ਮੰਤਰ 'ਚ ਇਕੱਠੇ ਹੋਣਗੇ ਦੇਸ਼ ਭਰ ਦੇ ਸੀ ਪੀ ਐੱਫ ਕਾਮੇ : ਦੀਪਕ ਕੁਮਾਰ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ, ਜਿਸ ਤਹਿਤ ਸਮੇਂ ਸਮੇਂ ਤੇ ਸਰਕਾਰ ਦੇ ਮੰਤਰੀਆਂ/ਵਿਧਾਇਕਾਂ/ ਸੰਸਦ ਮੈਂਬਰਾਂ ਦੇ ਨਾਲ-ਨਾਲ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪੇ ਜਾ ਰਹੇ ਹਨ।ਇਸੇ ਲੜੀ ਤਹਿਤ ਅੱਜ ਸੀ.ਪੀ.ਐੱਫ. ਯੂਨੀਅਨ ਦੀ ਜ਼ਿਲ੍ਹਾ ਇਕਾਈ ਵੱਲੋਂ ਜ਼ਿਲ੍ਹਾ ਪ੍ਰਧਾਨ ਦੀਪਕ ਕੁਮਾਰ ਦੀ ਅਗਵਾਈ ਹੇਠ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੂੰ ਸ਼੍ਰੀ ਮੁਕਤਸਰ ਸਾਹਿਬ ਦੌਰੇ ਦੌਰਾਨ ਮੰਗ ਪੱਤਰ ਦਿੱਤਾ ਤੇ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਕਰਮਚਾਰੀਆਂ ਨਾਲ ਕੀਤਾ ਗਿਆ ਵਾਅਦਾ ਯਾਦ ਕਰਵਾਇਆ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਦੀਪਕ ਕੁਮਾਰ, ਸੀਨੀਅਰ ਆਗੂ ਸਤਨਾਮ ਸਿੰਘ ਤੇ ਭੁਪਿੰਦਰ ਸਿੰਘ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਢਾਈ ਸਾਲ ਪਹਿਲਾਂ ਪੁਰਾਣੀ ਪੈਨਸ਼ਨ ਸਕੀਮ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਸੀ, ਜਿਸ ਦੀ ਵਾਹ-ਵਾਹ ਖੱਟਣ ਲਈ ਚੋਣਾਂ ਦੌਰਾਨ ਦੂਜੇ ਸੂਬਿਆਂ ਵਿੱਚ ਹੱਜ ਕੇ ਪ੍ਰਚਾਰ ਕੀਤਾ ਗਿਆ, ਪ੍ਰੰਤੂ ਸੂਬੇ ਦੇ ਕਰਮਚਾਰੀ ਅੱਜ ਵੀ ਇਸ ਸਕੀਮ ਨੂੰ ਮੁਕੰਮਲ ਰੂਪ ਵਿੱਚ ਲਾਗੂ ਹੋਣ ਦੀ ਉਡੀਕ ਕਰ ਰਹੇ ਹਨ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਕਰਨ ਦੇ ਢਾਈ ਸਾਲ ਤੋਂ ਵੀ ਜ਼ਿਆਦਾ ਸਮਾਂ ਬੀਤ ਜਾਣ ਉਪਰੰਤ ਵੀ ਇਸ ਦੀ ਐਸ.ਓ.ਪੀ. ਜਾਰੀ ਕਰਕੇ ਕਰਮਚਾਰੀਆਂ ਦੇ ਜੀ.ਪੀ.ਐਫ. ਖਾਤੇ ਨਹੀਂ ਖੋਲ੍ਹੇ ਗਏ, ਜਿਸ ਕਾਰਨ ਸੂਬੇ ਦੇ ਸਮੂਹ ਕਰਮਚਾਰੀਆਂ ਵਿੱਚ ਸਰਕਾਰ ਪ੍ਰਤੀ ਰੋਸ ਦੀ ਲਹਿਰ ਹੈ।ਉਨ੍ਹਾਂ ਦੱਸਿਆ ਕਿ ਸੂਬਾ ਬਾਡੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਜ਼ਿਲ੍ਹੇ ਦੇ ਸੀ.ਪੀ.ਐੱਫ. ਕਰਮਚਾਰੀ ਵਹੀਰਾਂ ਘੱਤ ਕੇ ਨਵੀਂ ਦਿੱਲੀ ਦੇ ਜੰਤਰ ਮੰਤਰ ਵਿੱਚ ਪ੍ਰਦਰਸ਼ਨ ਕਰਨਗੇ ਤਾਂ ਜੋ ਇਸਦੀ ਆਵਾਜ਼ ਸਰਕਾਰ ਦੇ ਕੰਨਾਂ ਤੱਕ ਪਹੁੰਚ ਸਕੇ।ਉਨ੍ਹਾਂ ਦੱਸਿਆ ਕਿ 2004 ਤੋਂ ਬਾਅਦ ਨਵੀਂ ਪੈਨਸ਼ਨ ਸਕੀਮ ਲਾਗੂ ਹੋਣਸਾਰ ਹੀ ਕਰਮਚਾਰੀਆਂ ਨੇ ਇਸ ਦਾ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ ਸੀ, ਜਿਸ ਨੂੰ ਅੱਜ 2 ਦਹਾਕੇ ਤੋਂ ਵੀ ਸਮਾਂ ਹੋ ਗਿਆ ਹੈ, ਪ੍ਰੰਤੂ ਸਰਕਾਰ ਦੇ ਕੰਨਾਂ ਤੇ ਅਜੇ ਤੱਕ ਜੂੰਅ ਨਹੀਂ ਸਰਕੀ।ਇਹ ਵਰਤਾਰਾ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਨੂੰ ਜੱਗ ਜ਼ਹਿਰ ਕਰਦਾ ਹੈ।ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਮੁਲਾਜ਼ਮਾਂ ਦੇ ਜਮਹੂਰੀ ਹੱਕ ਪੈਨਸ਼ਨ ਨੂੰ ਬਹਾਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

2954 ਐਫ ਆਈ ਆਰ, 55 ਨਸ਼ਾ ਤਸਕਰਾਂ ਦੀਆਂ ਨਜਾਇਜ਼ ਉਸਾਰੀਆਂ ਢਾਹੀਆਂ : ਸਿਹਤ ਮੰ

7 Apr Page-8.qxd 4/6/2025 10:17 PM Page 1

ਸਨੈਚਿੰਗ ਗਰੋਹ ਦੇ ਤਿੰਨ ਮੁਲਜ਼ਮ ਕਾਬੂ

ਜਲੰਧਰ (ਸ਼ੈਲੀ ਐਲਬਰਟ) ਸਨੈਚਰਾਂ ਖਿਲਾਫ਼ ਕਾਰਵਾਈ ਕਰਦੇ ਕਮਿਸ਼ਨਰੇਟ ਪੁਲਸ ਜਲੰਧਰ ਨੇ ਸਨੈਚਿੰਗ ਵਿੱਚ ਸ਼ਾਮਲ ਤਿੰਨ ਵਿਅਕਤੀਆਂ ਦੇ ਸਮੂਹ ਨੂੰ ਸਫਲਤਾਪੂਰਵਕ ਕਾਬੂ ਕੀਤਾ।ਵੇਰਵਾ ਸਾਂਝਾ ਕਰਦੇ ਹੋਏ, ਪੁਲਸ ਕਮਿਸ਼ਨਰ, ਜਲੰਧਰ ਨੇ ਦੱਸਿਆ ਕਿ ਥਾਣਾ ਬਸਤੀ ਬਾਵਾ ਖੇਲ ਦੀ ਇੱਕ ਪੁਲਿਸ ਟੀਮ ਸ਼ਹੀਦ ਬਾਬੂ ਲਾਭ ਸਿੰਘ ਨਗਰ ਦੇ ਖੇਤਰ ਵਿੱਚ ਨਿਯਮਤ ਗਸ਼ਤ 'ਤੇ ਸੀ ਕਿ ਇਸ ਦੌਰਾਨ ਉਨ੍ਹਾਂ ਨੂੰ ਤਿੰਨ ਵਿਅਕਤੀਆਂ-ਪ੍ਰੀਤਪਾਲ ਸਿੰਘ, ਕਿਰਪਾਲ ਸਿੰਘ ਅਤੇ ਰਵੀ ਸਾਰੇ ਵਾਸੀ ਮਿੱਠੂ ਬਸਤੀ, ਜਲੰਧਰ ਦੇ ਇੱਕ ਸਮੂਹ ਬਾਰੇ ਭਰੋਸੇਯੋਗ ਸੂਚਨਾ ਮਿਲੀ ਜੋ ਆਦਤਨ ਸਨੈਚਿੰਗਾ ਕਰਦੇ ਹਨ।ਇਹ ਸਮੂਹ ਫੁੱਲਾਂਵਾਲਾ ਬਾਗ, ਨਾਹਾਲਾ ਰੋਡ, ਜਲੰਧਰ ਨੇੜੇ ਇੱਕ ਖੋਹਿਆ ਹੋਇਆ ਮੋਬਾਈਲ ਫੋਨ ਵੇਚਣ ਜਾ ਰਿਹਾ ਸੀ। ਉਨ੍ਹਾਂ ਨੇ ਕਿਹਾ ਕਿ ਇਸ 'ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਪੁਲਸ ਟੀਮ ਨੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਇੱਕ ਮੋਬਾਈਲ ਫੋਨ (ਬ੍ਰਾਂਡ ਓਪੋ) ਬਰਾਮਦ ਕੀਤਾ।ਪੁੱਛਗਿੱਛ ਕਰਨ 'ਤੇ ਇਹ ਖੁਲਾਸਾ ਹੋਇਆ ਕਿ ਵਿਅਕਤੀਆਂ ਨੇ ਲੈਦਰ ਕੰਪਲੈਕਸ ਰੋਡ ਤੋਂ ਇਹ ਮੋਬਾਈਲ ਫੋਨ ਖੋਹਿਆ ਸੀ।ਉਨ੍ਹਾਂ ਨੇ ਅੱਗੇ ਦੱਸਿਆ ਕਿ ਦੋਸ਼ੀਆਂ 'ਤੇ ਪਹਿਲਾਂ ਹੀ ਐਨ ਡੀ ਪੀ ਐਸ ਐਕਟ ਅਤੇ ਸਨੈਚਿੰਗ ਨਾਲ ਸਬੰਧਤ ਧਾਰਾਵਾਂ ਤਹਿਤ ਐਫ ਆਈ ਆਰ ਦਰਜ ਹਨ।

ਕਲਾ ਕੇਂਦਰ ਵਿਖੇ ਸੰਗੀਤ, ਨਾਚ ਤੇ ਸੰਗੀਤ ਸਾਜ਼ਾਂ ਦੀ ਸਿਖਲਾਈ ਬਾਰੇ ਕਲਾਸਾਂ ਜਲਦੀ ਸ਼ੁਰੂ : ਐਸ ਡੀ ਐੱਮ

ਗੁਰਦਾਸਪੁਰ (ਜਨਕ ਮਹਾਜਨ)- ਕਲਾ ਕੇਂਦਰ ਗੁਰਦਾਸਪੁਰ ਦੀ ਪ੍ਰਬੰਧਕੀ ਕਮੇਟੀ ਦੀ ਮੀਟਿੰਗ ਮਨਜੀਤ ਸਿੰਘ ਰਾਜਲਾ ਐੱਸ.ਡੀ.ਐਮ. ਗੁਰਦਾਸਪੁਰ ਦੀ ਅਗਵਾਈ ਹੇਠ ਕੀਤੀ ਗਈ। ਮੀਟਿੰਗ ਦੌਰਾਨ ਇਹ ਫ਼ੈਸਲਾ ਕੀਤਾ ਗਿਆ ਕਿ ਕਲਾ ਕੇਂਦਰ ਗੁਰਦਾਸਪੁਰ ਵਿਖੇ ਬੱਚਿਆਂ ਅਤੇ ਵਿਦਿਆਰਥੀਆਂ ਲਈ ਜਲਦੀ ਹੀ ਪੇਂਟਿੰਗ, ਸੰਗੀਤ, ਨਾਚ ਸੰਗੀਤ ਸਾਜ਼ਾਂ ਦੀ ਸਿਖਲਾਈ ਲਈ ਕਲਾਸਾਂ ਸ਼ੁਰ ਕੀਤੀਆਂ ਜਾਣਗੀਆਂ। ਐੱਸ.ਡੀ.ਐੱਮ. ਰਾਜਲਾ ਨੇ ਕਿਹਾ ਕਿ ਸੰਗੀਤ ਅਤੇ ਵੱਖ-ਵੱਖ ਕਲਾਵਾਂ ਨਾਲ ਸਬੰਧਤ ਅਤੇ ਮਾਹਿਰ, ਗੁਰਦਾਸਪੁਰ ਦੇ ਨਾਗਰਿਕ, ਕਲਾਕਾਰ, ਸੰਗੀਤਕਾਰ, ਆਪਣੇ-ਆਪਣੇ ਵਿਸ਼ੇ ਪੜ੍ਹਾਉਣ ਲਈ ਬੇਨਤੀ ਪੱਤਰ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਹੈਰੀਟੇਜ ਸੋਸਾਇਟੀ ਦੇ ਦਫ਼ਤਰ ਵਿਚ 15 ਅਪ੍ਰੈਲ ਤੋਂ ਪਹਿਲਾਂ-ਪਹਿਲਾਂ ਜਮ੍ਹਾ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਫ਼ੀਸ ਨਿਰਧਾਰਤ ਨਿਯਮਾਂ ਅਨੁਸਾਰ ਲਈ ਜਾਵੇਗੀ।

ਨਨਕਾਣਾ ਸਾਹਿਬ ਸਕੂਲ ਦਾ ਅੱਠਵੀਂ ਦਾ ਨਤੀਜਾ 100 ਫੀਸਦੀ

ਸੁਲਤਾਨਪੁਰ ਲੋਧੀ (ਹਨੀ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਜਮਾਤ ਦੇ ਨਤੀਜੇ 'ਚ ਸਥਾਨਕ ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਦੱਸਿਆ ਕਿ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ।ਉਨ੍ਹਾਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਹਰਪ੍ਰੀਤ ਕੌਰ ਨੇ 84 ਫੀਸਦੀ ਅੰਕਾਂ ਨਾਲ ਪਹਿਲੇ, ਦਿਸ਼ਾ 81 ਫੀਸਦੀ ਅੰਕਾਂ ਨਾਲ ਦੂਜੇ ਅਤੇ ਰੁਦਰ 78 ਫੀਸਦੀ ਅੰਕਾਂ ਤੀਜੇ ਸਥਾਨ 'ਤੇ ਰਿਹਾ। ਜਦਕਿ ਜਸਮੀਨ ਕੌਰ ਚੌਥੇ ਅਤੇ ਤਨਮਦੀਪ ਕੌਰ ਪੰਜਵੇਂ ਸਥਾਨ 'ਤੇ ਰਹੀ।23 ਤੋਂ ਵੱਧ ਵਿਦਿਆਰਥੀ ਵਧੀਆ ਅੰਕ ਲੈ ਕੇ ਪਹਿਲੇ ਦਰਜੇ ਵਿਚ ਪਾਸ ਹੋਏ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ, ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਹਰਨੀਆਮਤ ਕੌਰ ਅਤੇ ਇੰਜੀਨੀਅਰ ਨਿਮਰਤਾ ਕੌਰ ਨੇ ਸ਼ਾਨਦਾਰ ਨਤੀਜੇ ਲਈ ਸਟਾਫ ਮੈਂਬਰਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆ ਨੂੰ ਵਧਾਈ ਦਿੱਤੀ।ਇਸ ਮੌਕੇ ਇੰਜੀਨੀਅਰ ਹਰਨਿਆਮਤ ਕੌਰ, ਪ੍ਰਿੰਸੀਪਲ ਨਿਧੀ ਸੰਗੋਤਰਾ, ਹਰਜਿੰਦਰ ਸਿੰਘ ਮੋਮੀ, ਨੀਨਾ ਕੁਮਾਰੀ, ਪਰਵੀਨ ਕੁਮਾਰੀ, ਸੰਦੀਪ ਕੌਰ, ਅਮਨਪ੍ਰੀਤ ਕੌਰ, ਕੰਵਲਜੀਤ ਕੌਰ, ਰਣਜੀਤ ਸਿੰਘ, ਲਤਾ, ਮਨਪ੍ਰੀਤ ਕੌਰ, ਮਨਦੀਪ ਕੌਰ, ਮੋਨਿਕਾ, ਸਮਰਜੀਤ ਕੌਰ, ਕਮਲਦੀਪ ਕੌਰ, ਕੋਮਲਪ੍ਰੀਤ ਕੌਰ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ ।

ਮਹਿੰਦਰ ਭਗਤ ਤੇ ਮੇਅਰ ਵਿਨੀਤ ਧੀਰ ਨੇ ਹੰਸ ਰਾਜ ਹੰਸ ਨਾਲ ਪ੍ਰਗਟਾਇਆ ਦੁੱਖ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ ਇਕਬਾਲ ਸਿੰਘ ਉੱਭੀ) ਕੈਬਨਿਟ ਮੰਤਰੀ ਪੰਜਾਬ ਮਹਿੰਦਰ ਭਗਤ ਅਤੇ ਮੇਅਰ ਵਿਨੀਤ ਧੀਰ ਨੇ ਸਾਬਕਾ ਸੰਸਦ ਮੈਂਬਰ ਅਤੇ ਰਾਜ ਗਾਇਕ ਹੰਸ ਰਾਜ ਹੰਸ ਦੀ ਪਤਨੀ ਸ਼੍ਰੀਮਤੀ ਰੇਸ਼ਮ ਕੌਰ ਦੇ ਦੇਹਾਂਤ 'ਤੇ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਦੁੱਖ ਪ੍ਰਗਟ ਕੀਤਾ।ਕੈਬਨਿਟ ਮੰਤਰੀ ਅਤੇ ਮੇਅਰ ਨੇ ਹੰਸ ਰਾਜ ਹੰਸ ਅਤੇ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਥਾਨ ਦੇਵੇ ਅਤੇ ਪਰਵਾਰ ਨੂੰ ਇਸ ਸਦਮੇ ਨੂੰ ਸਹਿਣ ਦੀ ਤਾਕਤ ਦੇਵੇ।ਉਨ੍ਹਾਂ ਕਿਹਾ ਕਿ ਭੈਣ ਰੇਸ਼ਮ ਕੌਰ ਨੇ ਜਿਸ ਤਰੀਕੇ ਨਾਲ ਆਪਣੇ ਪਰਿਵਾਰ ਨੂੰ ਹਾਰ ਵਾਂਗ ਪਰੋ ਕੇ ਰੱਖਿਆ ਸੀ, ਉਹ ਉਨ੍ਹਾਂ ਦੀ ਯੋਗਤਾ ਨੂੰ ਦਰਸਾਉਂਦਾ ਹੈ।ਇਸ ਮੌਕੇ ਸੌਰਭ ਸੇਠ, ਅਮਨ ਸਿੰਘ, ਅਯੂਬ ਦੁੱਗਲ, ਬਲਾਕ ਪ੍ਰਧਾਨ ਗੁਰਨਾਮ ਸਿੰਘ, ਸੰਜੀਵ ਭਗਤ, ਅਜੇ ਚੋਪੜਾ ਅਤੇ ਕੁਲਦੀਪ ਗਗਨ ਵੀ ਹਾਜ਼ਰ ਸਨ।

ਅਮਨ ਅਰੋੜਾ ਨੇ ਸ੍ਰੀ ਰਾਮ ਨੌਮੀ ਮੌਕੇ ਸ਼ੋਭਾ ਯਾਤਰਾ 'ਚ ਕੀਤੀ ਸ਼ਿਰਕਤ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ) ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਸ਼੍ਰੀ ਰਾਮ ਨੌਮੀ ਮੌਕੇ ਪੰਜਾਬ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਦਾ ਇਹ ਪਵਿੱਤਰ ਦਿਹਾੜਾ ਸਾਨੂੰ ਸੱਚ ਅਤੇ ਧਰਮ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੰਦਾ ਹੈ।ਸ਼੍ਰੀ ਰਾਮ ਨੌਮੀ ਉਤਸਵ ਕਮੇਟੀ ਵੱਲੋਂ ਪ੍ਰਧਾਨ ਵਿਜੇ ਚੋਪੜਾ ਦੀ ਅਗਵਾਈ ਵਿੱਚ ਕੱਢੀ ਗਈ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਭਗਵਾਨ ਸ਼੍ਰੀ ਰਾਮ ਦਾ ਸਮੁੱਚਾ ਜੀਵਨ ਪ੍ਰੇਰਨਾ ਸਰੋਤ ਹੈ।ਉਨ੍ਹਾਂ ਕਿਹਾ ਕਿ ਭਗਵਾਨ ਸ਼੍ਰੀ ਰਾਮ ਨੇ ਸਾਨੂੰ ਆਦਰਸ਼ ਅਤੇ ਸਦਾਚਾਰਕ ਜੀਵਨ ਦਾ ਮਾਰਗ ਦਿਖਾਇਆ ਹੈ, ਜਿਸ 'ਤੇ ਚੱਲ ਕੇ ਸਾਨੂੰ ਸਭ ਨੂੰ ਖੁਸ਼ਹਾਲ ਅਤੇ ਆਦਰਸ਼ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਲੋਕਾਂ ਖਾਸ ਕਰ ਨੌਜਵਾਨਾਂ ਨੂੰ ਸ਼੍ਰੀ ਰਾਮ ਜੀ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈ ਕੇ ਸਮਾਜ ਅਤੇ ਮਨੁੱਖਤਾ ਦੀ ਭਲਾਈ ਦੇ ਕਾਰਜਾਂ ਵਿੱਚ ਵਧ-ਚੜ੍ਹ ਕੇ ਯੋਗਦਾਨ ਪਾਉਣ ਦਾ ਸੱਦਾ ਦਿੱਤਾ।ਸ਼੍ਰੀ ਰਾਮ ਨੌਮੀ ਉਤਸਵ ਕਮੇਟੀ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਸ਼੍ਰੀ ਅਰੋੜਾ ਨੇ ਕਿਹਾ ਕਿ ਅਜਿਹੇ ਪਵਿੱਤਰ ਮੌਕੇ ਲੋਕਾਂ ਵਿੱਚ ਸਦਭਾਵਨਾ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ।ਇਸ ਤੋਂ ਪਹਿਲਾਂ ਸ਼੍ਰੀ ਰਾਮ ਨੌਮੀ ਉਤਸਵ ਕਮੇਟੀ ਵੱਲੋਂ ਕੈਬਨਿਟ ਮੰਤਰੀ ਦਾ ਸ਼ੋਭਾ ਯਾਤਰਾ ਵਿੱਚ ਪਹੁੰਚਣ 'ਤੇ ਸਨਮਾਨ ਵੀ ਕੀਤਾ ਗਿਆ।

ਸ੍ਰੀ ਦੁਰਗਾ ਸਤੂਤੀ ਪਾਠ ਸ਼ਰਧਾਪੂਰਵਕ ਕਰਵਾਏ

ਕਾਲਾ ਸੰਘਿਆਂ (ਮਨਜੀਤ ਮਾਨ) ਮੰਦਰ ਸੁਧਾਰ ਸਭਾ ਢਿੱਲਵਾਂ (ਰਜਿ) ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਵਾਂਗ ਇਸ ਸਾਲ ਵੀ ਸ੍ਰੀ ਦੁਰਗਾ ਸਤੂਤੀ ਪਾਠ ਮਾਤਾ ਰਾਣੀ ਮੰਦਰ ਢਿੱਲਵਾਂ ਵਿਖੇ ਮਾਤਾ ਚਿੰਤਪੁਰਨੀ ਦੀ ਪਵਿੱਤਰ ਜੋਤਿ ਦੀ ਹਾਜ਼ਰੀ ਵਿੱਚ ਸ਼ਰਧਾਪੂਰਵਕ ਕਰਵਾਏ ਗਏ।ਦੁਪਿਹਰ ਆਰਤੀ ਤੋਂ ਬਾਅਦ ਪ੍ਰਸਿੱਧ ਭਜਨ ਮੰਡਲੀਆਂ ਵੱਲੋਂ ਮਾਤਾ ਜੀ ਦੀਆਂ ਭੇਟਾਂ ਗਾ ਕੇ ਹਾਜ਼ਰ ਸੰਗਤਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਉਪਰੰਤ ਮੰਦਰ ਸੁਧਾਰ ਸਭਾ ਰਜਿ ਨੂੰ ਸਹਿਯੋਗ ਦੇਣ ਵਾਲੀਆਂ ਪ੍ਰਮੁੱਖ ਸ਼ਖਸ਼ੀਅਤਾਂ ਨੂੰ ਮੰਦਰ ਸੁਧਾਰ ਸਭਾ ਢਿਲਵਾਂ (ਰਜਿ) ਦੇ ਪ੍ਰਧਾਨ ਕ੍ਰਿਸ਼ਨ ਲਾਲ ਸੁਖੀਜਾ, ਵਿਸ਼ਾਲ ਅਰੋੜਾ ਖਜਾਨਚੀ ਅਤੇ ਹੋਰ ਮੈਂਬਰਾਂ ਨੇ ਸਖਸ਼ੀਅਤਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ।ਇਸ ਮੌਕੇ ਸੰਤੋਸ਼ ਸ਼ੋਧੀ, ਜੋਗਿੰਦਰ ਪਾਲ ਸ਼ਰਮਾ, ਸੰਨੀ ਸ਼ਰਮਾ, ਵਿਸ਼ਾਲ ਸ਼ਰਮਾ, ਰਾਜਨ ਸ਼ਰਮਾ, ਸਾਜਨ ਸ਼ਰਮਾ, ਜਤਿੰਦਰ ਸ਼ਰਮਾ, ਰਿਸ਼ੀ ਅਨੰਦ, ਜਸਵਿੰਦਰ ਪਾਲੀ, ਬੱਬੂ ਸੁਖੀਜਾ, ਰਣਜੀਤ ਕਾਕਾ, ਸੁਨੀਲ ਸੁਖੀਜਾ, ਮਨਦੀਪ, ਕੁਲਵਿੰਦਰ ਸਿੰਘ ਸ਼ਰਮਾ ਪਰਵਾਰ, ਬਲਜਿੰਦਰ ਮੰਗਾ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਗ਼ਦਰੀ ਬਾਬੇ ਵਿਚਾਰਧਾਰਕ ਮੰਚ ਵੱਲੋਂ ਖਰੜ ਤੋਂ ਮੋਰਿੰਡਾ ਮਾਰਗ ਦਾ ਨਾਂ ਸ਼ਹੀਦ ਕਾਂਸੀ ਰਾਮ ਮੜੌਲੀ ਰੱਖੇ ਜਾਣ ਦੀ ਮੰਗ

ਖਰੜ (ਹਰਨਾਮ ਸਿੰਘ ਡੱਲਾ) ਗ਼ਦਰੀ ਬਾਬੇ ਵਿਚਾਰਧਾਰਕ ਮੰਚ (ਪੰਜਾਬ) ਖਰੜ ਵੱਲੋਂ ਇਸ ਵਾਰ ਮਜ਼ਦੂਰ ਦਿਵਸ ਸ਼ਹਿਰ ਦੀਆਂ ਹੋਰ ਜਥੇਬੰਦੀਆਂ ਨਾਲ ਮਿਲ ਕੇ ਮਨਾਉਣ ਦਾ ਫੈਸਲਾ ਲਿਆ ਹੈ ਤੇ ਇੱਕ ਮਤੇ ਰਾਹੀਂ ਖਰੜ ਮੋਰਿੰਡਾ ਮਾਰਗ ਦਾ ਨਾਂਅ ਸ਼ਹੀਦ ਕਾਂਸੀ ਰਾਮ ਮੜੌਲੀ ਦੇ ਨਾਂ 'ਤੇ ਰੱਖਣ ਦੀ ਪੰਜਾਬ ਸਰਕਾਰ ਤੋਂ ਮੰਗ ਕੀਤੀ।ਮੰਚ ਦੇ ਪ੍ਰਧਾਨ ਅਤੇ ਪੁਆਧੀ ਲੇਖਕ ਹਰਨਾਮ ਸਿੰਘ ਡੱਲਾ ਦੀ ਪ੍ਰਧਾਨਗੀ ਵਿੱਚ ਜੁੜੇ ਸਰਬ ਸੁਖਵਿੰਦਰ ਸਿੰਘ ਦੁਮਣਾ, ਗੁਰਦੇਵ ਅਰਨੀਵਾਲਾ, ਕੇਵਲ ਜੋਸ਼ੀ, ਪ੍ਰਕਾਸ਼ ਸਿੰਘ ਰੰਗੀ, ਭੁਪਿੰਦਰ ਮਦਨਹੇੜੀ, ਡਾਕਟਰ ਜਰਨੈਲ ਸਿੰਘ, ਸਤਨਾਮ ਸਿੰਘ, ਕਿਰਪਾਲ ਸਿੰਘ, ਬਚਿੱਤਰ ਸਿੰਘ, ਪ੍ਰਿੰਸੀਪਲ ਮੋਹਣ ਲਾਲ ਰਾਹੀ, ਕਾਮਰੇਡ ਯੋਗ ਰਾਜ, ਸੁਰਿੰਦਰ ਸਿੰਘ ਬੰਡਾਲਾ, ਭਾਗ ਸਿੰਘ ਕਮਾਲੀ ਅਤੀ ਸੇਵਾ ਸਿੰਘ ਖ਼ਾਨਪੁਰ ਨੇ ਭਾਗ ਲਿਆ।ਇੱਕ ਹੋਰ ਮਤੇ ਰਾਹੀਂ ਮੰਚ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਖਰੜ ਤੋਂ ਮੋਰਿੰਡਾ ਹਾਈਵੇ ਮਾਰਗ ਦਾ ਗ਼ਦਰ ਲਹਿਰ ਦੇ ਸੂਰਬੀਰ ਸ਼ਹੀਦ ਕਾਂਸੀ ਰਾਮ ਮੜੌਲੀ ਦੇ ਨਾਂ ਉੱਤੇ ਰੱਖਿਆ ਜਾਵੇ।ਜਿਸ ਸਬੰਧੀ ਇੱਕ ਮੈਮੋਰੰਡਮ ਚਮਕੌਰ ਸਾਹਿਬ ਦੇ ਵਿਧਾਇਕ ਡਾਕਟਰ ਚਰਨਜੀਤ ਸਿੰਘ ਨੂੰ ਵੀ ਦਿੱਤਾ ਜਾ ਚੁੱਕਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਚ ਦੇ ਜਨਰਲ ਸਕੱਤਰ ਸੁਖਵਿੰਦਰ ਸਿੰਘ ਦੁਮਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸ਼ਹੀਦਾਂ ਦੇ ਸੁਪਨਿਆਂ ਦਾ ਰੰਗਲਾ ਪੰਜਾਬ ਬਣਾਉਣ ਦੀ ਜੇਕਰ ਗੱਲ ਕਰਦੀ ਹੈ ਤਾਂ ਸ਼ਹੀਦ ਕਾਂਸੀ ਰਾਮ ਮੜੌਲੀ ਦੀ ਯਾਦ ਤਾਜ਼ਾ ਰੱਖਣ ਲਈ ਮਾਰਗ ਦਾ ਨਾਂ ਉਨ੍ਹਾਂ ਦੇ ਨਾਂ 'ਤੇ ਰੱਖ ਕੇ ਸ਼ਹੀਦ ਦਾ ਬੁੱਤ ਸਥਾਪਤ ਕਰਕੇ ਮਾਣ ਹਾਸਲ ਕਰ ਸਕਦੀ ਹੈ।

ਸਰਕਾਰੀ ਸਕੂਲਾਂ 'ਚ ਦਿੱਤੀ ਜਾਂਦੀ ਸਿੱਖਿਆ ਕਿਸੇ ਵੀ ਪੱਖੋਂ ਪ੍ਰਾਈਵੇਟ ਸਕੂਲਾਂ ਤੋਂ ਘੱਟ ਨਹੀਂ : ਰੰਧਾਵਾ

ਡੇਰਾਬੱਸੀ (ਵਿਨੈ ਕੁਮਾਰ ਜੈਨ) ਸਰਕਾਰੀ ਹਾਈ ਸਕੂਲ ਕਾਰਕੌਰ ਦੀ ਵਿਦਿਆਰਥਣ ਸਮ੍ਰਿਤੀ ਵਰਮਾ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਦੀ 8ਵੀਂ ਜਮਾਤ ਦੀ ਪ੍ਰੀਖਿਆ ਵਿੱਚ 99.17% ਅੰਕ ਪ੍ਰਾਪਤ ਕਰਕੇ ਪੂਰੇ ਪੰਜਾਬ ਵਿੱਚੋਂ 6ਵਾਂ ਅਤੇ ਜ਼ਿਲ੍ਹਾ ਮੋਹਾਲੀ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ 'ਤੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵਿਸ਼ੇਸ਼ ਤੌਰ 'ਤੇ ਸਕੂਲ ਪਹੁੰਚੇ।ਉਨ੍ਹਾਂ ਨੇ ਆਪਣੀ ਤਰਫੋਂ ਟਾਪਰ ਸਮ੍ਰਿਤੀ ਨੂੰ 11000 ਰੁਪਏ ਦਾ ਇਨਾਮ ਅਤੇ ਪੁਰਸਕਾਰ ਵਜੋਂ ਤਾਜ ਪਹਿਨਾ ਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਸਮ੍ਰਿਤੀ ਨੂੰ ਮੁੱਖ ਮੰਤਰੀ ਭਾਗਵਤ ਸਿੰਘ ਮਾਨ ਵੱਲੋਂ ਵੀ ਸਨਮਾਨਿਤ ਕੀਤਾ ਜਾਵੇਗਾ, ਜੋ ਸੋਮਵਾਰ ਨੂੰ ਡੇਰਾਬੱਸੀ ਵਿਖੇ ਸਕੂਲ ਆਫ਼ ਐਮੀਨੈਂਸ ਦਾ ਉਦਘਾਟਨ ਕਰਨ ਆ ਰਹੇ ਹਨ।ਐਮ ਐਲ ਏ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਸਕੂਲਾਂ ਨੂੰ ਉੱਚ ਸਿੱਖਿਆ ਪ੍ਰਾਪਤ ਸਟਾਫ਼, ਗੁਣਵੱਤਾ ਵਾਲੀ ਸਿੱਖਿਆ, ਬਿਹਤਰ ਬੁਨਿਆਦੀ ਢਾਂਚਾ, ਕੰਪਿਊਟਰਾਈਜ਼ਡ ਲੈਬਾਰਟ੍ਰਿਜ਼ ਅਤੇ ਸਮਾਰਟ ਕਲਾਸ ਰੂਮ ਪ੍ਰਦਾਨ ਕੀਤੇ ਜਾ ਰਹੇ ਹਨ ਜਦੋਂ ਕਿ ਸਕੂਲ ਆਫ਼ ਐਮੀਨੈਂਸ ਵੱਖਰੇ ਤੌਰ 'ਤੇ ਸਥਾਪਿਤ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲ ਕਿਸੇ ਵੀ ਤਰ੍ਹਾਂ ਪ੍ਰਾਈਵੇਟ ਸਕੂਲਾਂ ਨਾਲੋਂ ਘੱਟ ਨਹੀਂ ਹਨ।ਇਹੀ ਕਾਰਨ ਹੈ ਕਿ ਸਰਕਾਰੀ ਸਕੂਲ ਦੀ ਵਿਦਿਆਰਥਣ ਸਮ੍ਰਿਤੀ ਵਰਮਾ ਨੇ 400 ਪ੍ਰਾਈਵੇਟ ਸਕੂਲਾਂ ਨੂੰ ਮਾਤ ਦੇ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਖੁਦ ਆਪਣੀ

7 Apr Page-9.qxd 4/6/2025 10:16 PM Page 1

ਨਿਊ ਆਟੋ ਵਰਕਰ ਯੂਨੀਅਨ ਨੇ ਫੂਕਿਆ ਗੁਰਪਤਵੰਤ ਪੰਨੂੰ ਦਾ ਪੁਤਲਾ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਨਿਊ ਆਟੋ ਵਰਕਰ ਯੂਨੀਅਨ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਇਫਟੂ) ਅਤੇ ਹੋਰ ਜਥੇਬੰਦੀਆਂ ਦੇ ਸਹਿਯੋਗ ਨਾਲ ਡਾਕਟਰ ਅੰਬੇਡਕਰ ਚੌਕ ਨਵਾਂਸ਼ਹਿਰ ਵਿਖੇ ਗੁਰਪਤਵੰਤ ਸਿੰਘ ਪੰਨੂੰ ਦਾ ਪੁਤਲਾ ਫੂਕਿਆ ਗਿਆ।ਪੁਤਲਾ ਫੂਕਣ ਤੋਂ ਪਹਿਲਾਂ ਸ਼ਹਿਰ ਵਿੱਚ ਮੁਜਾਹਰਾ ਵੀ ਕੀਤਾ ਗਿਆ।ਇਸ ਮੌਕੇ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਜਮਹੂਰੀ ਅਧਿਕਾਰ ਸਭਾ ਦੇ ਜਿਲ੍ਹਾ ਸਕੱਤਰ ਜਸਬੀਰ ਦੀਪ, ਨਿਊ ਆਟੋ ਵਰਕਰ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਪੁਨੀਤ ਬਛੌੜੀ, ਸ਼ਹੀਦ ਭਗਤ ਸਿੰਘ ਆਟੋ ਯੂਨੀਅਨ ਜਲੰਧਰ ਦੇ ਪ੍ਰਧਾਨ, ਰਣਜੀਤ ਕੁਮਾਰ, ਡਾਕਟਰ ਅੰਬੇਡਕਰ ਭਵਨ ਨਵਾਂਸ਼ਹਿਰ ਦੇ ਪ੍ਰਧਾਨ ਸਤੀਸ਼ ਕੁਮਾਰ, ਸਮਾਜ ਸੇਵੀ ਸਿਮਰਨਜੀਤ ਕੌਰ ਸਿੰਮੀ, ਸਾਹਿਬ ਕਾਂਸ਼ੀ ਰਾਮ ਸਮਾਜ ਭਲਾਈ ਸੁਸਾਇਟੀ ਦੇ ਪ੍ਰਧਾਨ ਨਿੱਕੂ ਰਾਮ, ਪੇਂਡੂ ਮਜ਼ਦੂਰ ਯੂਨੀਅਨ ਦੇ ਜਿਲ੍ਹਾ ਆਗੂ ਹਰੀ ਰਾਮ ਰਸੂਲਪੁਰੀ, ਮੁਸਲਿਮ ਸੰਗਠਨ ਪੰਜਾਬ ਦੇ ਜਿਲ੍ਹਾ ਜਨਰਲ ਸਕੱਤਰ ਸ਼ਾਹਿਦ ਨੇ ਕਿਹਾ ਕਿ ਅਮਰੀਕਾ ਬੈਠਾ ਪੰਨੂੰ ਡਾਕਟਰ ਅੰਬੇਡਕਰ ਅਤੇ ਸੰਵਿਧਾਨ ਵਿਰੁੱਧ ਕਾਰਵਾਈਆਂ ਕਰਵਾ ਕੇ ਭਾਜਪਾ-ਆਰ ਐਸ ਐਸ ਸਰਕਾਰ ਦੇ ਲੋਕ ਵਿਰੋਧੀ ਮਨਸੂਬੇ ਪੂਰੇ ਕਰਨ ਦੇ ਯਤਨਾਂ 'ਚ ਹੈ।ਇਹ ਸਰਕਾਰ ਆਪਣੀਆਂ ਏਜੰਸੀਆਂ ਰਾਹੀਂ ਅਜਿਹੇ ਕਾਰੇ ਕਰਵਾਕੇ ਦਲਿਤਾਂ ਵਿੱਚ ਭੈਅ ਦਾ ਮਹੌਲ ਬਣਾਕੇ ਉਹਨਾਂ ਨੂੰ ਆਪਣੇ ਨੇੜੇ ਖਿੱਚਣਾ ਚਾਹੁੰਦੀ ਹੈ।ਆਗੂਆਂ ਨੇ ਕਿਹਾ ਕਿ ਕੇਂਦਰ ਦੀ ਭਾਜਪਾ-ਆਰ ਐਸ ਐਸ ਸਰਕਾਰ ਆਪਣੇ ਲੋਕ ਵਿਰੋਧੀ ਏਜੰਡੇ ਦੀ ਪੂਰਤੀ ਲਈ ਆਪਣੀਆਂ ਏਜੰਸੀਆਂ ਕੋਲੋਂ ਇਹ ਕੰਮ ਕਰਵਾ ਰਹੀ ਹੈ।ਉਹਨਾ ਨੇ ਲੋਕਾਂ ਨੂੰ ਸੁਚੇਤ ਰਹਿਣ ਦਾ ਸੱਦਾ ਦਿੰਦਿਆਂ ਪ੍ਰਸ਼ਾਸਨ ਕੋਲੋਂ ਸੰਵਿਧਾਨ ਅਤੇ ਡਾਕਟਰ ਬੀ. ਆਰ ਅੰਬੇਡਕਰ ਦੇ ਬੁੱਤਾਂ ਨਾਲ ਛੇੜਛਾੜ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ ਹੈ।ਇਸ ਮੌਕੇ ਜਿਲ੍ਹਾ ਪ੍ਰਸ਼ਾਸਨ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਵੀ ਸੌਂਪਿਆ ਗਿਆ ਅਤੇ ਆਗੂਆਂ ਵੱਲੋਂ ਡਾਕਟਰ ਬੀ.ਆਰ ਅੰਬੇਡਕਰ ਦੇ ਬੁੱਤ ਨੂੰ ਫੁੱਲਾਂ ਦੇ ਹਾਰ ਵੀ ਪਾਏ ਗਏ।

ਕੁਲਜੀਤ ਸਿੰਘ ਰੰਧਾਵਾ ਨੇ ਲਾਲੜੂ ਮੰਡੀ 'ਚ ਖਰੀਦ ਕਾਰਜਾਂ ਦੀ ਕੀਤੀ ਸ਼ੁਰੂਆਤ

ਡੇਰਾਬੱਸੀ (ਵਿਨੈ ਕੁਮਾਰ ਜੈਨ) ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਡੇਰਾਬੱਸੀ ਸਬ ਡਿਵੀਜ਼ਨ ਦੀ ਲਾਲੜੂ ਮੰਡੀ ਵਿੱਚ ਖਰੀਦ ਕਾਰਜਾਂ ਦੀ ਸ਼ੁਰੂਆਤ ਕੀਤੀ।ਕਿਸਾਨਾਂ ਨੂੰ ਕਣਕ ਦੀ ਫਸਲ ਦੀ ਖਰੀਦ ਲਈ ਲੋੜੀਂਦੇ ਸਾਰੇ ਪ੍ਰਬੰਧਾਂ ਦਾ ਭਰੋਸਾ ਦਿਵਾਉਂਦੇ ਹੋਏ ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਅਨੁਸਾਰ, ਮੰਡੀ ਵਿੱਚ ਲਿਆਂਦੀਆਂ ਸੁੱਕੀਆਂ ਫਸਲਾਂ ਦੀ ਤੁਰੰਤ ਖਰੀਦ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਨੇ ਪਿੰਡ ਜਸਤਾਨਾ ਕਲਾਂ ਦੇ ਰਹਿਣ ਵਾਲੇ ਕਿਸਾਨ ਕਰਮ ਸਿੰਘ ਪੁੱਤਰ ਭਾਗ ਸਿੰਘ ਦੀ ਢੇਰੀ ਦੀ ਪਹਿਲੀ ਆਮਦ ਨਾਲ ਖਰੀਦ ਕਾਰਜ ਦਾ ਰਸਮੀ ਉਦਘਾਟਨ ਕੀਤਾ।ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕੀ ਫ਼ਸਲ ਲਿਆਉਣ ਦੀ ਅਪੀਲ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਇਸ ਨਾਲ ਖਰੀਦ ਏਜੰਸੀਆਂ ਨੂੰ ਵੀ ਖਰੀਦ ਵਿੱਚ ਤੇਜ਼ੀ ਲਿਆਉਣ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਡੇਰਾਬੱਸੀ ਹਲਕੇ ਵਿੱਚ ਕੁੱਲ 07 ਖਰੀਦ ਕੇਂਦਰ ਹਨ ਅਤੇ ਲਾਲੜੂ ਮੰਡੀ ਪਹਿਲੀ ਹੈ ਜਿੱਥੇ ਅੱਜ ਆਮਦ ਦਰਜ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਾਰੀਆਂ ਖਰੀਦ ਏਜੰਸੀਆਂ ਨੂੰ ਕਣਕ ਦੀ ਫਸਲ ਤੁਰੰਤ ਖਰੀਦਣ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਮੰਡੀਆਂ ਵਿੱਚ ਆਪਣੀ ਉਪਜ ਵੇਚਣ ਲਈ ਆਉਣ ਵਾਲੇ ਕਿਸਾਨਾਂ ਨੂੰ ਕੋਈ ਮੁਸ਼ਕਿਲ ਨਾ ਆਵੇ।ਡੇਰਾਬੱਸੀ ਹਲਕੇ ਤੋਂ ਵਿਧਾਇਕ ਨੇ ਅੱਗੇ ਕਿਹਾ ਕਿ ਸਬੰਧਤ ਏਜੰਸੀ ਵੱਲੋਂ ਖਰੀਦੀ ਗਈ ਕਣਕ ਦੀ ਅਦਾਇਗੀ 48 ਘੰਟਿਆਂ ਦੇ ਅੰਦਰ-ਅੰਦਰ ਕਿਸਾਨਾਂ ਦੇ ਖਾਤਿਆਂ ਵਿੱਚ ਕਰਨਾ ਯਕੀਨੀ ਬਣਾਇਆ ਜਾਵੇਗਾ। ਇਸੇ ਤਰ੍ਹਾਂ, ਖਰੀਦੀ ਗਈ ਕਣਕ ਨੂੰ 72 ਘੰਟਿਆਂ ਦੇ ਅੰਦਰ-ਅੰਦਰ ਚੁੱਕਿਆ ਜਾਵੇਗਾ ਤਾਂ ਜੋ ਮੰਡੀ ਵਿੱਚ ਜਗ੍ਹਾ ਦੀ ਕਮੀ ਨਾ ਹੋਵੇ।ਉਨ੍ਹਾਂ ਕਿਸਾਨਾਂ ਅਤੇ ਵਾਢੀ ਕਰਨ ਵਾਲੇ ਕੰਬਾਈਨ ਓਪਰੇਟਰਾਂ ਨੂੰ ਕਣਕ ਦੀ ਫ਼ਸਲ ਦੀ ਕਟਾਈ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਕਰਨ ਦੀ ਅਪੀਲ ਕੀਤੀ ਤਾਂ ਜੋ ਫ਼ਸਲ ਵਿੱਚ ਨਮੀ ਦੀ ਵਧੀਕ ਮਾਤਰਾ ਤੋਂ ਬਚਿਆ ਜਾ ਸਕੇ।

ਨਿਊਰੋਲੋਜਿਸਟ ਡਾ. ਬਲਦੇਵ ਸਿੰਘ ਨੂੰ ਸ਼ਰਧਾਂਜਲੀਆਂ

ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ) ਡਾ. ਬੀ ਆਰ ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਮੋਹਾਲੀ ਨੇ ਡਾ. ਬਲਦੇਵ ਸਿੰਘ ਦੇ ਸਨਮਾਨ ਵਿੱਚ ਇੱਕ ਭਾਵਨਾਤਮਕ ਅਤੇ ਪ੍ਰੇਰਨਾਦਾਇਕ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ, ਜਿਨ੍ਹਾਂ ਨੂੰ ਭਾਰਤੀ ਨਿਊਰੋਸਾਇੰਸ ਦੇ 'ਨਿਊਰੋਨ ਦੇ ਪਿਤਾਮਾ' ਵਜੋਂ ਯਾਦ ਕੀਤਾ ਜਾਂਦਾ ਹੈ।ਇਹ ਸਮਾਗਮ ਉਨ੍ਹਾਂ ਦੇ ਜਨਮ ਦਿਨ ਦੀ ਪੂਰਵ ਸੰਧਿਆ 'ਤੇ ਉਨ੍ਹਾਂ ਦੇ ਅਸਾਧਾਰਨ ਜੀਵਨ, ਵਿਰਾਸਤ ਅਤੇ ਇਲਾਜ ਦੇ ਖੇਤਰ 'ਤੇ ਉਨ੍ਹਾਂ ਦੇ ਸਥਾਈ ਪ੍ਰਭਾਵ ਨੂੰ ਯਾਦ ਕਰਨ ਲਈ ਆਯੋਜਿਤ ਕੀਤਾ ਗਿਆ ਸੀ। 6 ਅਪ੍ਰੈਲ 1904 ਨੂੰ ਜਨਮੇ, ਡਾ. ਬਲਦੇਵ ਸਿੰਘ ਭਾਰਤ ਦੇ ਸਭ ਤੋਂ ਪ੍ਰਸਿੱਧ ਨਿਊਰੋਲੋਜਿਸਟਾਂ, ਅਧਿਆਪਕਾਂ ਅਤੇ ਖੋਜਕਰਤਾਵਾਂ ਵਿੱਚੋਂ ਇੱਕ ਬਣ ਗਏ। ਉਹ ਭਾਰਤ ਵਿੱਚ ਕਲੀਨਿਕਲ ਨਿਊਰੋਫਿਜ਼ੀਓਲੋਜੀ ਦੇ ਮੋਢੀ ਸਨ, ਜਿਨ੍ਹਾਂ ਨੇ ਇਲੈਕਟ੍ਰੋਐਂਸੈਫਲੋਗ੍ਰਾਫੀ (557) ਦੀ ਸਮਝ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ, ਖਾਸ ਕਰਕੇ ਅਲਫ਼ਾ ਤਰੰਗਾਂ ਦਾ ਅਧਿਐਨ, ਅਤੇ ਦਿਮਾਗ ਦੇ ਕਾਰਜ 'ਤੇ

ਉਨ੍ਹਾਂ ਦੇ ਪ੍ਰਭਾਵ।ਉਨ੍ਹਾਂ ਨੂੰ ਇਸ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਦੇਸ਼ ਦੇ ਸਭ ਤੋਂ ਉੱਚ ਨਾਗਰਿਕ ਪੁਰਸਕਾਰਾਂ ਵਿੱਚੋਂ ਇੱਕ, ਪਦਮ ਭੂਸ਼ਣ ਨਾਲ ਸਨਮਾਨਿਤ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥੀਆਂ ਦੁਆਰਾ ਨਿਰਦੇਸ਼ਤ ਇੱਕ ਲਾਈਵ ਰੋਲ-ਪਲੇ ਨਾਲ ਹੋਈ, ਜਿਸ ਵਿੱਚ ਡਾ. ਸਿੰਘ ਦੀ ਅੰਮ੍ਰਿਤਸਰ ਵਿੱਚ ਆਪਣੇ ਮੁੱਢਲੇ ਜੀਵਨ ਤੋਂ ਲੈ ਕੇ ਨਿਊਰੋਸਾਇੰਸ ਵਿੱਚ ਆਪਣੀਆਂ ਮੋਹਰੀ ਪ੍ਰਾਪਤੀਆਂ ਤੱਕ ਦੀ ਪ੍ਰੇਰਨਾਦਾਇਕ ਯਾਤਰਾ ਦੀਆਂ ਮਹੱਤਵਪੂਰਨ ਘਟਨਾਵਾਂ ਨੂੰ ਦਰਸਾਇਆ ਗਿਆ।ਡਾ. ਕੇ ਕੇ ਦੀਪਕ, ਵਿਜ਼ਿਟਿੰਗ ਪ੍ਰੋਫੈਸਰ, ਸੈਂਟਰ ਫਾਰ ਬਾਇਓਮੈਡੀਕਲ ਇੰਜੀਨੀਅਰਿੰਗ, ਆਈ ਆਈ ਟੀ ਦਿੱਲੀ ਅਤੇ ਸਾਬਕਾ ਮੁਖੀ ਵਿਭਾਗ, ਫਿਜ਼ੀਓਲੋਜੀ, ਏਮਜ਼ ਨਵੀਂ ਦਿੱਲੀ ਨੇ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਕੇ.ਕੇ. ਤਲਵਾੜ, ਸਾਬਕਾ ਡਾਇਰੈਕਟਰ, ਪੀ ਜੀ ਆਈ ਐਮ ਈ ਆਰ ਚੰਡੀਗੜ੍ਹ ਅਤੇ ਸਾਬਕਾ ਪ੍ਰਧਾਨ, ਮੈਡੀਕਲ ਕੌਂਸਲ ਆਫ਼ ਇੰਡੀਆ ਡਾ. ਕੇ.ਕੇ. ਦੀਪਕ, ਜਿਨ੍ਹਾਂ ਨੇ ਲਗਭਗ ਇੱਕ ਦਹਾਕੇ ਤੱਕ ਡਾ. ਸਿੰਘ ਨਾਲ ਨੇੜਿਓਂ ਕੰਮ ਕੀਤਾ ਨੇ ਆਪਣੇ ਗੁਰੂ ਦੀ ਸ਼ਖਸੀਅਤ ਨੂੰ ਜੀਵੰਤ ਕੀਤਾ, ਉਨ੍ਹਾਂ ਨੂੰ ਜੀਵਨ ਭਰ ਸਿੱਖਣ ਵਾਲੇ, ਸੇਵਾ, ਵਿਗਿਆਨ ਅਤੇ ਸਿੱਖਿਆ ਪ੍ਰਤੀ ਡੂੰਘੀ ਵਚਨਬੱਧਤਾ ਵਾਲੇ ਦੱਸਿਆ।

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਮੈਂਬਰਾਂ ਨੇ ਮੀਟਿੰਗ ਦੌਰਾਨ ਵੱਖ-ਵੱਖ ਮੁੱਦਿਆਂ 'ਤੇ ਕੀਤੀ ਚਰਚਾ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ) ਮੈਡੀਕਲ ਪ੍ਰੈਕਟੀਸ਼ਨਰ ਐਸੋਸ਼ੀਏਸ਼ਨ ਪੰਜਾਬ ਜਿਲ੍ਹਾ ਹੁਸ਼ਿਆਰਪੁਰ ਦੀ ਹੰਗਾਮੀ ਮੀਟਿੰਗ ਸੂਬਾ ਕਮੇਟੀ ਮੈਂਬਰ ਡਾਕਟਰ ਰਾਕੇਸ਼ ਕੁਮਾਰ ਬੱਸੀ ਦੀ ਅਗਵਾਈ ਵਿਚ ਸ਼ੈਲਾ ਖੁਰਦ ਵਿਖੇ ਕੀਤੀ ਗਈ ਜਿਸ ਵਿੱਚ ਵੱਖ ਵੱਖ ਪਿੰਡਾ ਵਿਚ ਪ੍ਰੇਕਟਿਸ ਕਰਦੇ ਪੇਂਡੂ ਡਾਕਟਰਾਂ ਨੇ ਸ਼ਾਮੂਲੀਅਤ ਕੀਤੀ। ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਸ਼ੁਰੂ ਯੁੱਧ ਨਸ਼ਿਆਂ ਵਿਰੁੱਧ ਮੁਹਿਮ ਦੀ ਪ੍ਰਸ਼ੰਸਾ ਕੀਤੀ ਤੇ ਸਾਰੇ ਮੈਂਬਰਾਂ ਨੇ ਵੱਧ ਤੋਂ ਵੱਧ ਸਰਕਾਰ ਦਾ ਸਾਥ ਦੇਣ ਦਾ ਪ੍ਰਣ ਕੀਤਾ।ਪਿਛਲੇ ਦਿਨੀਂ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਬਾਰੇ ਅਨੁਚਿਤ ਟਿੱਪਣੀਆਂ ਕਰਨ ਅਤੇ ਬਾਬਾ ਸਾਹਿਬ ਦੇ ਬੁੱਤ ਤੋੜਨ ਦੀ ਗੱਲ ਕਰਨ ਵਾਲੇ ਅੱਤਵਾਦੀ ਗੁਰਪੰਤ ਪੰਨੂ ਦੇ ਬਿਆਨਾਂ ਦੀ ਸਖ਼ਤ ਨਿਖੇਧੀ ਕੀਤੀ। ਐਸੋਸੀਏਸ਼ਨ ਦੇ ਜਿਲ੍ਹਾ ਜਨਰਲ ਸਕੱਤਰ ਡਾਕਟਰ ਮਨਜੀਤ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਪੰਨੂ ਆਪਣਾ ਮਾਨਸਿਕ ਸੰਤੁਲਨ ਗੁਆ ਚੁੱਕਾ ਹੈ। ਇਸ ਮੌਕੇ ਡਾਕਟਰ ਮਨਜੀਤ ਸਿੰਘ, ਡਾਕਟਰ ਹਰਬੰਸ ਬੰਗਾ, ਡਾਕਟਰ ਬਲਵੀਰ ਸਿੰਘ, ਡਾਕਟਰ ਚਰਨ ਦਾਸ, ਡਾਕਟਰ ਨਰਿੰਦਰ ਕੁਮਾਰ, ਡਾਕਟਰ ਹਰਭਜ, ਡਾਕਟਰ ਹਰਪਿੰਦਰ ਸਿੰਘ, ਡਾਕਟਰ ਯੁੱਧਵੀਰ ਸਿੰਘ, ਡਾਕਟਰ ਬਲਵਿੰਦਰ ਸਿੰਘ, ਡਾਕਟਰ ਅਕਾਸ਼ਦੀਪ ਬੇਦੀ, ਡਾਕਟਰ ਰਜਨਦੀਪ ਕੌਰ ਆਦਿ ਡਾਕਟਰ ਹਾਜ਼ਰ ਸਨ।

ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਗੜ੍ਹੀ ਕਰਨਗੇ ਵੱਖ ਵੱਖ ਜ਼ਿਲ੍ਹਿਆਂ ਦਾ ਦੌਰਾ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਰਾਜ ਦੇ ਅਨੁਸੂਚਿਤ ਜਾਤੀਆਂ ਦੇ ਲੋਕਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਰਨ ਲਈ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਸੂਬੇ ਦਾ ਦੌਰਾ ਕੀਤਾ ਜਾਵੇਗਾ।ਇਹ ਜਾਣਕਾਰੀ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਬੁਲਾਰੇ ਨੇ ਇਥੇ ਇਕ ਪ੍ਰੈਸ ਨੋਟ ਰਾਹੀਂ ਦਿੱਤੀ।ਬੁਲਾਰੇ ਨੇ ਦੱਸਿਆ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਪੰਜਾਬ ਦੇ ਵੱਖ ਵੱਖ ਹਿੱਸਿਆਂ ਦਾ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਦੌਰਾ ਕੀਤਾ ਜਾਵੇਗਾ।ਬੁਲਾਰੇ ਨੇ ਦੱਸਿਆ ਕਿ 6 ਅਪ੍ਰੈਲ ਨੂੰ ਬੀ ਆਰ ਅੰਬੇਡਕਰ ਸਟੱਡੀ ਸਰਕਲ ਸੈਂਟਰ ਪਿੰਡ ਸਲੇਮਪੁਰ, ਨੇੜੇ ਸਿੱਧਵਾਂ ਬੇਟ ਜਿਲ੍ਹਾਂ ਲੁਧਿਆਣਾ, 13 ਅਪ੍ਰੈਲ ਨੂੰ ਬਹੁਜਨ ਕਰਮਚਾਰੀ ਅਤੇ ਸੇਵਾ ਮੁਕਤ ਕਰਮਚਾਰੀ ਸੰਘ ਵੱਲੋਂ ਅਜ਼ਮੇਰ ਪੈਲੇਸ, ਮਲੋਟ ਰੋਡ, ਮੁਕਤਸਰ ਸਾਹਿਬ ਵਿਖੇ, 14 ਅਪ੍ਰੈਲ ਨੂੰ ਨਵਾਂਸ਼ਹਿਰ, 19 ਅਪ੍ਰੈਲ ਨੂੰ ਐਸ ਸੀ/ਬੀ ਸੀ ਕਰਮਚਾਰੀ ਫੈਡਰੇਸ਼ਨ ਪੀ ਐਸ ਪੀ ਸੀ ਐਲ/ਪੀ ਐਸ ਟੀ ਸੀ ਐਲ ਵੱਲੋਂ ਥਰਮਲ ਪਲਾਂਟ ਨੂਹੋ ਕਾਲੋਨੀ, ਰੋਪੜ ਵਿਖੇ ਅਤੇ 20 ਅਪ੍ਰੈਲ ਨੂੰ ਸੰਗਰੂਰ ਦੇ ਪਾਰੁਲ ਪੈਲੇਸ ਵਿਖੇ ਬੀ ਆਰ ਅੰਬੇਡਕਰ ਵੈੱਲਫੇਅਰ ਅਤੇ ਚੈਰੀਟੇਬਲ ਮੰਚ ਅਤੇ ਸਹਿਯੋਗੀ ਜਥੇਬੰਦੀਆਂ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਵਿੱਚ ਸ਼ਿਰਕਤ ਕਰਨਗੇ।13 ਅਪ੍ਰੈਲ ਨੂੰ ਸ਼੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸ਼ਾਮ ਦੇ ਸਮਾਗਮਾਂ ਵਿੱਚ ਹਾਜ਼ਰੀ ਭਰਕੇ ਜਾਗਰੂਕਤਾ ਅਭਿਆਨ ਜਾਰੀ ਰੱਖਣਗੇ।ਇਨ੍ਹਾਂ ਸਮਾਗਮਾਂ ਵਿੱਚ ਲੋਕਾਂ ਨੂੰ ਡਾਕਟਰ ਭੀਮ ਰਾਓ ਅੰਬੇਡਕਰ ਦੇ ਜੀਵਨ ਅਤੇ ਸੰਘਰਸ਼ ਬਾਰੇ ਜਾਣੂ ਕਰਵਾਉਣ ਤੋਂ ਇਲਾਵਾ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਕੰਮਕਾਜ, ਭਾਰਤੀ ਸੰਵਿਧਾਨ ਅਤੇ ਦੇਸ਼ ਦੇ ਕਨੂੰਨ ਵਿੱਚ ਗਰੀਬਾਂ, ਮਜਲੂਮਾਂ, ਅਨੁਸੂਚਿਤ ਜਾਤੀਆਂ ਤੇ ਪਿਛੜੀਆਂ ਸ਼੍ਰੇਣੀਆਂ ਦੇ ਹੱਕਾਂ, ਅਧਿਕਾਰਾਂ, ਸਮਾਜਿਕ ਸੁਰੱਖਿਆ ਸਬੰਧੀ ਵੀ ਜਾਣਕਾਰੀ ਦਿੱਤੀ ਜਾਵੇਗੀ।

ਸਿਹਤ ਮੰਤਰੀ ਦੇ ਨਾਂਅ 'ਤੇ ਸਿਵਲ ਸਰਜਨ ਨੂੰ ਮੰਗ ਪੱਤਰ

ਹੁਸ਼ਿਆਰਪੁਰ (ਬਲਵੀਰ ਸੈਣੀ) ਤਾਲਮੇਲ ਕਮੇਟੀ ਪੈਰਾ-ਮੈਡੀਕਲ ਅਤੇ ਸਿਹਤ ਕਰਮਚਾਰੀ ਪੰਜਾਬ ਦੇ ਫੈਸਲੇ ਤੇ ਜ਼ਿਲ੍ਹਾ ਹੁਸ਼ਿਆਰਪੁਰ ਦੀ ਟੀਮ ਵੱਲੋਂ ਜ਼ਿਲ੍ਹਾ ਆਗੂ ਮਨੋਹਰ ਸਿੰਘ ਸੈਣੀ ਦੀ ਅਗਵਾਈ ਹੇਠ ਮਾਸ ਡੈਪੂਟੇਸ਼ਨ ਰਾਹੀਂ ਸਿਵਲ ਸਰਜਨ ਹੁਸ਼ਿਆਰਪੁਰ ਰਾਹੀ ਸਿਹਤ ਮੰਤਰੀ ਦੇ ਨਾਂ ਮੰਗ ਪੱਤਰ ਸੌਂਪਿਆ।ਮੰਗਾਂ ਸੰਬੰਧੀ ਸੂਬਾਈ ਆਗੂ ਇੰਦਰਜੀਤ ਵਿਰਦੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਮੁਲਾਜ਼ਮਾਂ ਦੀਆਂ ਵਾਜਬ ਮੰਗਾਂ ਵੱਲ ਵੀ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਜਿਸ ਨਾਲ ਸਿਹਤ ਮੁਲਾਜ਼ਮਾਂ ਵਿੱਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ। ਆਗੂਆਂ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ ਜੇਕਰ ਸਿਹਤ ਮੰਤਰੀ ਵਲੋਂ ਜਲਦ ਮੀਟਿੰਗ ਦਾ ਸਮਾਂ ਨਾ ਦਿੱਤਾ ਗਿਆ ਤਾਂ 17 ਅਪ੍ਰੈਲ ਨੂੰ ਡਾਇਰੈਕਟਰ ਦਫ਼ਤਰ ਵਿਖੇ ਸੂਬਾ ਪੱਧਰੀ ਰੋਸ ਰੈਲੀ ਕੀਤੀ ਜਾਵੇਗੀ। ਇਸ ਤੋਂ ਇਲਾਵਾ ਪ.ਸ.ਸ.ਫ. ਵਲੋਂ ਮਿਤੀ 10 ਅਪ੍ਰੈਲ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾਈ ਰੈਲੀ ਵਿੱਚ ਵੀ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਗੁਰਦੇਵ ਸਿੰਘ ਐਚ ਆਈ ਮਲਟੀਪਰਪਜ਼ ਯੂਨੀਅਨ ਆਗੂ, ਬਲਰਾ

7-APR-PAGE-10.qxd 4/6/2025 9:29 PM Page 1

20 ਤੋਂ ਵੱਧ ਵਿਦਿਆਰਥੀਆਂ ਨੇ ਲਏ 90% ਤੋਂ ਵੱਧ ਅੰਕ

ਬਾਘਾ ਪੁਰਾਣਾ (ਮਨੀ ਸਿੰਗਲਾ)-ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਦਾ ਅੱਠਵੀਂ ਸ਼੍ਰੇਣੀ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਇਸ ਵਾਰ ਅੱਠਵੀਂ ਸ਼੍ਰੇਣੀ ਦੇ 85 ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਭਾਗ ਲਿਆ, ਜਿਸ ਵਿੱਚੋਂ 20 ਵਿਦਿਆਰਥੀਆਂ ਨੇ 90% ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ, ਜਿਸ ਵਿੱਚੋਂ ਜੈਸਮੀਨ ਕੌਰ ਨੇ (97%), ਸੀਰਤ ਬਰਾੜ ਨੇ (96.6%), ਹਰਜੀਵਨ ਕੌਰ (96.6%), ਗੁਰਪ੍ਰੀਤ ਕੌਰ ਨੇ (96.5%), ਆਦਰਸ਼ਬੀਰ ਸਿੰਘ (96.5%), ਹਰਲੀਨ ਕੌਰ ਨੇ (96.3%), ਗੁਰਸਿਮਰਤ ਕੌਰ ਨੇ (95.6%), ਮਨਵੀਰ ਕੌਰ ਨੇ (95.5%), ਰੋਹਿਤ ਕੁਮਾਰ ਨੇ (95.1%) ਤੇ ਰਾਜਵੀਰ ਕੌਰ ਨੇ (95%) ਅੰਕ ਪ੍ਰਾਪਤ ਕਰਕੇ ਆਪਣਾ ਅਤੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਪ੍ਰਿੰਸੀਪਲ ਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸੰਸਥਾ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕੀਤੇ, ਪ੍ਰੰਤੂ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦਸਵੀਂ ਸ਼੍ਰੇਣੀ ਵਿੱਚ ਮੈਰਿਟ ਸੂਚੀ ਵਿੱਚ ਨਾਂਅ ਦਰਜ ਕਰਾਉਣ ਲਈ ਪ੍ਰੇਰਿਤ ਕਰਦਿਆਂ ਹੋਰ ਸਖਤ ਮਿਹਨਤ ਕਰਨ 'ਤੇ ਜ਼ੋਰ ਦਿੱਤਾ।ਇਸ ਮੌਕੇ ਪ੍ਰਿੰਸੀਪਲ ਗੁਰਦੇਵ ਸਿੰਘ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

ਬਾਬਾ ਫ਼ਰੀਦ ਸਕੂਲ ਦੀ ਪ੍ਰਭਜੋਤ ਕੌਰ ਤੇ ਤਰਸ਼ਪ੍ਰੀਤ ਮੈਰਿਟ 'ਚ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 8ਵੀਂ ਕਲਾਸ ਦੇ ਨਤੀਜੇ ਦੀ ਸੂਚੀ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮਾਨਤਾ ਪ੍ਰਾਪਤ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਦਾ ਨਤੀਜਾ ਸ਼ਾਨਦਾਰ ਰਿਹਾ। ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਤੇ ਪ੍ਰਿੰਸੀਪਲ ਪਰਮਜੀਤ ਕੌਰ ਨੇ ਦੱਸਿਆ ਕਿ ਬੋਰਡ ਵੱਲੋਂ ਐਲਾਨ ਗਏ ਅੱਠਵੀਂ ਕਲਾਸ ਦੇ ਨਤੀਜੇ ਵਿੱਚ ਮੈਰਿਟ ਸੂਚੀ ਵਿੱਚ ਬਾਬਾ ਫ਼ਰੀਦ ਸਨੇਰ ਸੈਕੰਡਰੀ ਸਕੂਲ ਛੱਤਿਆਣਾ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਪ੍ਰਭਜੋਤ ਕੌਰ ਪੁੱਤਰੀ ਜਗਰੂਪ ਸਿੰਘ ਨੇ 98.60 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪੰਜਾਬ ਵਿੱਚੋਂ 9ਵਾਂ ਰੈਂਕ ਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਹੀ ਤਰਸ਼ਪ੍ਰੀਤ ਕੌਰ ਪੁੱਤਰੀ ਗੁਰਦੀਪ ਸਿੰਘ ਨੇ 98.16 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪੰਜਾਬ ਵਿੱਚੋਂ 12ਵਾਂ ਸਥਾਨ ਹਾਸਲ ਕੀਤਾ।ਇਸ ਮੌਕੇ ਐਮ ਡੀ ਹਰਜੀਤ ਸਿੰਘ ਬਰਾੜ ਨੇ ਵਿਦਿਆਰਥਣ ਨੂੰ ਵਧਾਈ ਦਿੰਦੇ ਵਿਦਿਆਰਥੀਆਂ ਨੂੰ ਆਪਣੇ ਚੰਗੇ ਭਵਿੱਖ ਲਈ ਲਗਨ ਨਾਲ ਮਿਹਨਤ ਕਰਨ ਲਈ ਪ੍ਰੇਰਤ ਕੀਤਾ।

ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਦਾ ਨਤੀਜਾ ਸ਼ਾਨਦਾਰ

ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ ਜਮਾਤ ਦਾ ਨਤੀਜਾ ਘੋਸ਼ਿਤ ਕਰ ਦਿੱਤਾ ਹੈ, ਜਿਸ ਵਿੱਚ ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਪਟਿਆਲਾ ਦੇ ਵਿਦਿਆਰਥੀਆਂ ਦੀ ਪੂਰੀ ਬੱਲੇ-ਬੱਲੇ ਹੈ।ਫ਼ੀਲਖ਼ਾਨਾ ਸਕੂਲ ਨੇ ਲਗਾਤਾਰ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਵਧੀਆ ਪ੍ਰਦਰਸ਼ਨ ਕੀਤਾ ਹੈ।ਪ੍ਰਿੰਸੀਪਲ ਡਾ.ਰਜਨੀਸ਼ ਗੁਪਤਾ ਨੇ ਦੱਸਿਆ ਕਿ ਫ਼ੀਲਖ਼ਾਨਾ ਸਕੂਲ ਦਾ ਨਤੀਜਾ 100% ਰਿਹਾ ਹੈ।ਅੱਠਵੀਂ ਜਮਾਤ ਦੇ 230 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ ਤੇ 230 ਵਿਦਿਆਰਥੀ ਚੰਗੇ ਨੰਬਰਾਂ ਨਾਲ ਪਾਸ ਹੋਏ ਹਨ।ਪ੍ਰਿੰਸੀਪਲ ਡਾ.ਰਜਨੀਸ਼ ਗੁਪਤਾ ਨੇ ਦੱਸਿਆ ਕਿ ਅੱਠਵੀਂ ਜਮਾਤ ਦੀ ਵਿਦਿਆਰਥਣ ਸਵਾਤੀ ਤੇ ਵਿਦਿਆਰਥਣ ਸੋਨਾਕਸ਼ੀ ਨੇ 600 ਵਿੱਚੋਂ 572 ਨੰਬਰ ਪ੍ਰਾਪਤ ਕਰ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਦੂਜਾ ਸਥਾਨ ਜਿਆ ਨੇ 600 ਵਿੱਚੋਂ 565 ਅੰਕ ਲੈ ਕੇ ਦੂਜਾ ਸਥਾਨ ਪ੍ਰਾਪਤ ਕੀਤਾ।ਤੀਜਾ ਸਥਾਨ ਦਿਵਆਂਸ਼ ਨੇ 600 ਵਿੱਚੋਂ 562 ਅੰਕ ਪ੍ਰਾਪਤ ਕਰ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਫ਼ੀਲਖ਼ਾਨਾ ਦੇ ਅੱਠਵੀ ਜਮਾਤ ਦੇ ਸਾਲਾਨਾ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਸਕੂਲ ਪ੍ਰਿੰਸੀਪਲ ਵੱਲੋਂ ਸਕੂਲ ਅਧਿਆਪਕਾਂ ਦੀ ਮਿਹਨਤ ਦੀ ਸਰਾਹਨਾ ਕੀਤੀ ਗਈ ਹੈ।ਸਕੂਲ ਮੀਡੀਆ ਕੌਆਰਡੀਨੇਟਰ ਅਕਸ਼ੈ ਕੁਮਾਰ ਨੇ ਵਿਦਿਆਰਥੀ ਦੇ ਮਾਪਿਆਂ ਨੂੰ ਵਧਾਈਆਂ ਤੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਅਗਲੇਰੀ ਪੜ੍ਹਾਈ 'ਚ ਜੁੱਟਣ ਲਈ ਕਿਹਾ।

ਅੱਠਵੀਂ ਸ਼੍ਰੇਣੀ ਦਾ ਨਤੀਜਾ ਰਿਹਾ ਸ਼ਾਨਦਾਰ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੁਰੜ (ਬਰਨਾਲਾ) ਵਿਖੇ ਅੱਠਵੀਂ ਸ਼੍ਰੇਣੀ ਦਾ ਨਤੀਜਾ ਸ਼ਾਨਦਾਰ ਰਿਹਾ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਨਤੀਜੇ 'ਚੋਂ ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੇ 100 ਪ੍ਰਤੀਸ਼ਤ ਨਤੀਜਾ ਪ੍ਰਾਪਤ ਕਰਕੇ ਆਪਣਾ ਰੁਤਬਾ ਕਾਇਮ ਰੱਖਿਆ। ਅੱਠਵੀਂ ਕਲਾਸ ਦੇ ਨਤੀਜੇ 'ਚ ਜਸਰੀਤ ਕੌਰ ਸਿੱਧੂ ਪੁੱਤਰੀ ਸਮਨਦੀਪ ਸਿੰਘ ਪਿੰਡ ਕੁਰੜ ਨੇ 600 ਅੰਕਾਂ ਵਿੱਚੋਂ 579 (96.50%) ਅੰਕ ਪ੍ਰਾਪਤ ਕਰਕੇ ਪਹਿਲਾ, ਹਰਨੂਰ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਪਿੰਡ ਛਾਪਾ ਨੇ 568 (94.66%) ਅੰਕ ਪ੍ਰਾਪਤ ਕਰਕੇ ਦੂਜਾ ਅਤੇ ਜਸਕਰਨ ਸਿੰਘ ਪੁੱਤਰ ਸਤਨਾਮ ਸਿੰਘ ਪਿੰਡ ਹਰਦਾਸਪੁਰਾ ਨੇ 565 (94.16 %) ਅੰਕ ਪ੍ਰਾਪਤ ਕਰਕੇ ਤੀਜਾ ਤੇ ਅਨਮੋਲ ਪ੍ਰੀਤ ਕੌਰ ਪੁੱਤਰੀ ਸੁਰਜੀਤ ਸਿੰਘ ਪਿੰਡ ਛਾਪਾ ਤੇ ਹਰਮਨਪ੍ਰੀਤ ਕੌਰ ਪੁੱਤਰੀ ਸੁਖਵਿੰਦਰ ਸਿੰਘ ਪਿੰਡ ਛਾਪਾ ਨੇ 560 (93.33%) ਚੌਥਾ ਸਥਾਨ ਪ੍ਰਾਪਤ ਕਰਕੇ ਸਕੂਲ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ।ਇਸ ਮਾਣਮੱਤੀ ਪ੍ਰਾਪਤੀ 'ਤੇ ਸੰਸਥਾ ਦੇ ਚੇਅਰਮੈਨ ਕੌਰ ਸਿੰਘ ਧਾਲੀਵਾਲ, ਐਮ ਡੀ ਸੁਖਵਿੰਦਰ ਕੌਰ ਧਾਲੀਵਾਲ, ਸੁਖਜੀਤ ਸਿੰਘ ਧਾਲੀਵਾਲ, ਪ੍ਰਿੰਸੀਪਲ ਰੁਪਿੰਦਰ ਕੌਰ ਚੀਮਾ, ਵਾਇਸ ਪ੍ਰਿੰਸੀਪਲ ਪ੍ਰਦੀਪ ਸਿੰਘ, ਅਕਾਦਮਿਕ ਇੰਚਾਰਜ ਕੁਲਦੀਪ ਸਿੰਘ ਮੰਡ ਨੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੰਦਿਆਂ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਆ।ਪ੍ਰਿੰਸੀਪਲ ਮੈਡਮ ਰੁਪਿੰਦਰ ਕੌਰ ਚੀਮਾ ਨੇ ਦੱਸਿਆ ਕਿ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਪਿੱਛੇ ਮਿਹਨਤੀ ਸਟਾਫ ਦਾ ਵਡਮੁੱਲਾ ਯੋਗਦਾਨ ਹੈ।

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਪਿੰਡ ਇਕਾਈ ਕੁੱਸਾ ਦੀ ਚੋਣ ਬਲਾਕ ਜਰਨਲ ਸਕੱਤਰ ਬੂਟਾ ਸਿੰਘ ਭਾਗੀਕੇ, ਬਲਾਕ ਖ਼ਜ਼ਾਨਚੀ ਕੇਵਲ ਕ੍ਰਿਸ਼ਨ ਬੱਧਨੀ ਕਲਾਂ, ਪ੍ਰੈਸ ਸਕੱਤਰ ਗੁਰਮੁਖ ਸਿੰਘ ਹਿੰਮਤਪੁਰਾ, ਜ਼ਿਲ੍ਹਾ ਆਗੂ ਜੰਗੀਰ ਸਿੰਘ ਹਿੰਮਤਪੁਰਾ, ਸਲਾਹਕਾਰ ਸਵਰਨ ਸਿੰਘ ਬੱਧਨੀ ਕਲਾਂ ਦੀ ਅਗਵਾਈ ਹੇਠ ਹੋਈ।ਪ੍ਰਧਾਨਗੀ ਮੰਡਲ ਵਿੱਚ ਵਿੱਚ ਬਲਾਕ ਜਰਨਲ ਸਕੱਤਰ ਬੂਟਾ ਸਿੰਘ ਭਾਗੀਕੇ, ਖਜ਼ਾਨਚੀ ਕੇਵਲ ਕ੍ਰਿਸ਼ਨ ਬੱਧਨੀ ਕਲਾਂ, ਪ੍ਰਧਾਨ ਜੰਗੀਰ ਸਿੰਘ ਹਿੰਮਤਪੁਰਾ, ਗੁਰਮੁਖ ਸਿੰਘ ਹਿੰਮਤਪੁਰਾ, ਮਾਸਟਰ ਸਵਰਨ ਸਿੰਘ ਸਨ।ਗੁਰਜੰਟ ਸਿੰਘ ਕੁੱਸਾ ਤੇ ਤੀਰਥ ਸਿੰਘ ਕੁੱਸਾ ਅਤੇ ਕੁਲਦੀਪ ਕੌਰ ਕੁੱਸਾ ਨੇ ਪਿੰਡ ਪੱਧਰ ਤੇ ਜਥੇਬੰਦੀ ਦੀਆਂ ਪ੍ਰਾਪਤੀਆਂ, ਸਰਗਰਮੀਆਂ ਤੇ ਫੰਡ ਬਾਰੇ ਵਿਸਥਾਰ ਨਾਲ ਦੱਸਿਆ ਗਿਆ।ਜਥੇਬੰਦੀ ਲਈ ਲੰਮਾ ਸਮਾਂ ਕੰਮ ਕਰਨ ਵਾਲੀਆਂ ਔਰਤਾਂ ਤੇ ਮਰਦਾਂ ਨੂੰ ਵਿਸ਼ੇਸ਼ ਸਤਿਕਾਰ ਦਿੱਤਾ ਗਿਆ।ਇਜਲਾਸ ਦੌਰਾਨ ਕਿਸਾਨ ਕਾਫ਼ਲੇ ਵਿਛੜੇ ਸਾਥੀਆਂ ਯਾਦ ਕੀਤਾ ਗਿਆ।ਪਿੰਡ ਦੇ ਸਾਰੇ ਕਿਸਾਨਾਂ ਮਜ਼ਦੂਰਾਂ ਤੇ ਹੋਰ ਕਿਰਤੀ ਲੋਕਾਂ ਵੱਲੋਂ ਪਿਛਲੇ ਸਮੇਂ ਤੋਂ ਜੱਥੇਬੰਦੀ ਦੇ ਮੰਤਵ, ਕਾਰਜ ਤੇ ਵਿਧਾਨ ਅਨੁਸਾਰ ਚੱਲਣ ਅਤੇ ਸਾਥ ਦੇਣ ਲਈ ਧੰਨਵਾਦ ਕੀਤਾ ਗਿਆ।ਗੁਰਮੁਖ ਸਿੰਘ ਨੇ ਜਥੇਬੰਦੀ ਦੀ ਲੋੜ , ਉਦੇਸ਼, ਮੰਤਵ ਤੇ ਵਿਧਾਨ ਬਾਰੇ ਵਿਸਥਾਰ ਨਾਲ ਦੱਸਿਆ।ਚੋਣ ਪ੍ਰਕਿਰਿਆ ਦੀ ਜ਼ਿੰਮੇਵਾਰੀ ਬੂਟਾ ਸਿੰਘ ਭਾਗੀਕੇ ਤੇ ਕ੍ਰਿਸ਼ਨ ਬੱਧਨੀ ਕਲਾਂ ਨੇ ਸਟੇਜ ਸਕੱਤਰ ਸਮੇਤ ਨਿਭਾਈ।ਪਿੰਡ ਇਕਾਈ ਪ੍ਰਧਾਨ ਗੁਰਜੰਟ ਸਿੰਘ, ਮੀਤ ਪ੍ਰਧਾਨ ਨਛੱਤਰ ਸਿੰਘ, ਜਰਨਲ ਸਕੱਤਰ ਕਾਲਾ ਸਿੰਘ, ਸਹਾਇਕ ਸਕੱਤਰ ਬਿੱਕਰ ਸਿੰਘ, ਖਜ਼ਾਨਚੀ ਤੀਰਥ ਸਿੰਘ ਤੇ ਔਰਤ ਪ੍ਰਧਾਨ ਗੁਰਦੇਵ ਕੌਰ, ਮੀਤ ਪ੍ਰਧਾਨ ਮਨਜੀਤ ਕੌਰ ਤੇ ਜਰਨਲ ਸਕੱਤਰ ਕੁਲਦੀਪ ਕੌਰ ਕੁੱਸਾ ਸਮੇਤ ਮਰਦ ਅਤੇ ਔਰਤ ਕਮੇਟੀ ਵਿੱਚ ਸਲਾਹਕਾਰਾਂ ਦੀ ਚੋਣ ਕੀਤੀ।

ਸ਼ਿਵਾਲਿਕ ਮਾਡਲ ਸਕੂਲ ਦੀ ਮਾਨਿਆ ਤੇ ਮੋਹਨ ਵਰਮਾ ਨੇ ਤਹਿਸੀਲ ਪੱਧਰ 'ਤੇ ਸੱਤਵਾਂ ਸਥਾਨ ਹਾਸਲ ਕੀਤਾ

ਜਗਰਾਉਂ (ਸੰਜੀਵ ਅਰੋੜਾ)-ਸ਼ਿਵਾਲਿਕ ਮਾਡਲ ਸਕੂਲ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਦੇ ਵਿਦਿਆਰਥੀਆਂ ਨੇ ਉਤਕ੍ਰਿਸ਼ਟ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਮਾਣ ਵਧਾਇਆ। ਸਕੂਲ ਦੀ ਅੱਠਵੀਂ ਜਮਾਤ ਦੀ ਵਿਦਿਆਰਥੀ ਮਾਨਿਆ ਤੇ ਮੋਹਨ ਨੇ 600 ਵਿੱਚੋਂ 572 ਅੰਕ 95.33 ਪ੍ਰਤੀਸ਼ਤ ਦੇ ਨਾਲ ਸੱਤਵਾਂ ਤੇ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਗੁਰਲੀਨ ਕੌਰ ਨੇ 94.33 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ। ਚੇਸ਼ਟਾ ਨੇ 93.50 ਪ੍ਰਤੀਸ਼ਤ ਦੇ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ। ਅੱਠਵੀਂ ਜਮਾਤ ਦੇ ਕੁੱਲ 44 ਵਿਦਿਆਰਥੀਆਂ ਵਿੱਚੋਂ 11 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ। 13 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ। ਜਮਾਤ ਦੇ ਸਾਰੇ ਵਿਦਿਆਰਥੀਆਂ ਨੇ ਚੰਗੇ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਤੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੇ ਚੇਅਰਮੈਨ ਡੀ.ਕੇ.ਸ਼ਰਮਾ ਨੇ ਵਿਦਿਆਰਥੀ ਤੇ ਅਧਿਆਪਕਾਂ ਦੀ ਸਫ਼ਲਤਾ 'ਤੇ ਖੁਸ਼ੀ ਪ੍ਰਗਟਾਈ। ਉਨ੍ਹਾਂ ਨੂੰ ਭਵਿੱਖ 'ਚ ਹੋਰ ਉਚਾਈਆਂ ਹਾਸਲ ਕਰਨ ਦੀ ਪ੍ਰੇਰਣਾ ਦਿੱਤੀ। ਪ੍ਰਿੰਸੀਪਲ ਮੈਡਮ ਨੀਲਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਦੀ ਮਿਹਨਤ ਅਧਿਆਪਕਾਂ ਦੇ ਅੱਵਲ ਦਰਜੇ ਦੀ ਪੜ੍ਹਾਈ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।

ਲਾਰਿਆਂ ਤੋਂ ਅੱਕੇ ਮੁਲਾਜ਼ਮ ਸੰਘਰਸ਼ ਦੇ ਰਾਹ, ਜਲੰਧਰ 'ਚ 10 ਨੂੰ ਕਰਨਗੇ ਮਹਾਂਰੈਲੀ

ਪਟਿਆਲਾ (ਪੱਤਰ ਪ੍ਰੇਰਕ)

ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1406/22 ਬੀ ਚੰਡੀਗੜ੍ਹ ਜ਼ਿਲ੍ਹਾ ਪਟਿਆਲਾ ਦੀ ਮੀਟਿੰਗ ਲਖਵਿੰਦਰ ਸਿੰਘ ਖਾਨਪੁਰ, ਜਸਵਿੰਦਰ ਸਿੰਘ ਸੌਜਾ, ਤੇਜਿੰਦਰ ਸਿੰਘ, ਕੁਲਦੀਪ ਸਿੰਘ ਘੱਗਾ, ਧਰਮਪਾਲ ਸਿੰਘ ਲੋਟ ਦੀ ਪ੍ਰਧਾਨਗੀ ਹੇਠ ਭਾਖੜਾ ਮੇਨ ਲਾਈਨ ਕੰਪਲੈਕਸ ਪਟਿਆਲਾ ਵਿਖੇ ਹੋਈ, ਜਿਸ ਵਿੱਚ ਪੰਜਾਬ ਸੁਬਾਰਡੀਨੇਟ ਸਰਵਸੀਜ ਫੈਡਰੇਸ਼ਨ ਮੁੱਖ ਦਫਤਰ 1406/ 22 ਬੀ ਚੰਡੀਗੜ੍ਹ ਵੱਲੋਂ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਭਖਦੀਆਂ ਮੰਗਾਂ, ਜੋ ਪੰਜਾਬ ਸਰਕਾਰ ਵੱਲੋਂ ਪੂਰੀਆਂ ਨਹੀਂ ਕੀਤੀਆਂ ਜਾ ਰਹੀਆਂ, ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੇ ਖਿਲਾਫ 10 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ। ਮਹਾਂਰੈਲੀ ਦੀਆਂ ਤਿਆਰੀਆਂ ਸਬੰਧੀ ਵਿਚਾਰ ਚਰਚਾ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਸਵੀਰ ਸਿੰਘ ਖੋਖਰ, ਮਾਸਟਰ ਹਿੰਮਤ ਸਿੰਘ, ਗੁਰਿੰਦਰਜੀਤ ਸਿੰਘ ਸਹੋਤਾ, ਰਾਜਪਾਲ ਲਸੋਈ, ਰਜਿੰਦਰ ਧਾਲੀਵਾਲ, ਪਰਮਜੀਤ ਸਿੰਘ ਨੇ ਕਿਹਾ ਕਿ ਆਮ ਆਦਮੀ ਦੀ ਸਰਕਾਰ ਵੱਡੇ-ਵੱਡੇ ਬੋਰਡ ਲਾ ਕੇ ਡਰਾਮੇਬਾਜ਼ੀ ਤੋਂ ਬਜਾਏ ਕੁੱਝ ਨਹੀਂ ਕਰ ਰਹੀ। ਪਿਛਲੀਆਂ ਸਰਕਾਰਾਂ ਵਾਂਗ ਹੀ ਮੁਲਾਜ਼ਮ ਤੇ ਕਿਰਤੀ ਲੋਕ ਅਪਣੇ ਮਸਲੇ ਹੱਲ ਕਰਾਉਣ ਲਈ ਧਰਨੇ ਮੁਜ਼ਾਹਰੇ ਕਰ ਰਹੇ ਹਨ, ਪਰ ਸਰਕਾਰ ਵੱਲੋਂ ਮਸਲਿਆਂ ਦੇ ਹੱਲ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਰਕੇ ਕੱਚੇ ਮੁਲਾਜ਼ਮਾਂ ਤੇ ਕਿਰਤੀ ਲੋਕਾਂ ਚ ਭਾਰੀ ਰੋਹ ਤੇ ਬੈਚੇਨੀ ਪਾਈ ਜਾ ਰਹੀ, ਜੋ ਚਿੰਤਾ ਦਾ ਵਿਸ਼ਾ ਹੈ। ਸਮੇਂ ਦੀਆਂ ਸਰਕਾਰਾਂ ਇਸ ਵਿਸ਼ੇ ਨੂੰ ਗੰਭੀਰਤਾ ਨਾਲ ਲੈਣ ਦੀ ਬਜਾਏ ਲਾਠੀ ਗੋਲੀ ਨਾਲ ਦਬਾਉਣਾ ਚਾਹੁੰਦੀ ਹੈ।ਸਰਕਾਰ ਭੁਲੇਖੇ ਦਾ ਸ਼ਿਕਾਰ ਹੈ, ਜਬਰ ਨਾਲ ਲੋਕ ਲਹਿਰਾਂ ਨੂੰ ਦਬਾਇਆ ਨਹੀਂ ਜਾਂਦਾ। ਸਰਕਾਰ ਵੱਲੋਂ ਲੋਕ ਵਿਰੋਧੀ ਨੀਤੀਆਂ ਲਾਗੂ ਕਰਕੇ ਮਿਹਨਤਕਸ਼ ਲੋਕਾਂ ਦਾ ਸੋਸ਼ਣ ਕੀਤਾ ਜਾ ਰਿਹਾ ਤੇ ਵਿਭਾਗਾਂ ਦੀ ਮੁੜ ਬਣਤਰ ਦੀ ਆੜ ਵਿਚ ਹਜ਼ਾਰਾਂ ਅਸਾਮੀਆਂ ਖਤਮ ਕਰਕੇ ਨਵੇਂ ਰੁਜ਼ਗਾਰ ਦਾ ਭੋਗ ਪਾਉਣ ਤੇ ਕੱਚੇ ਮੁਲਾਰਮ ਪੱਕ

7-April-page-11-2025.qxd 4/6/2025 9:33 PM Page 1

ਬਿਜਲੀ ਮੁਆਫੀ ਦੇ ਕੇ ਵੀ ਬਿਜਲੀ ਵਿਭਾਗ 311 ਕਰੋੜ ਰੁਪਏ ਦੇ ਫਾਇਦੇ 'ਚ ਰਿਆ : ਈ ਟੀ ਓ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) ਕੈਬਿਨਟ ਮੰਤਰੀ ਬਿਜਲੀ ਅਤੇ ਲੋਕ ਨਿਰਮਾਣ ਵਿਭਾਗ ਹਰਭਜਨ ਸਿੰਘ ਈ ਟੀ ਓ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਡਾਲਾ ਜੌਹਲ ਦੇ ਸਮਾਗਮ ਵਿੱਚ ਬੱਚਿਆਂ ਅਤੇ ਪਤਵੰਤਿਆਂ ਨੂੰ ਸੰਬੋਧਨ ਕਰਦਿਆਂ ਆਪਣੇ ਜੀਵਨ ਅਤੇ ਨਿਸ਼ਾਨੇ ਦੀ ਪ੍ਰਾਪਤੀ ਲਈ ਕੀਤੇ ਸੰਘਰਸ਼ ਦੀ ਦਾਸਤਾਨ ਸੁਣਾਉਂਦਿਆਂ ਕਿਹਾ ਕਿ ਜੇਕਰ ਆਦਮੀ ਕੁਝ ਕਰਨਾ ਠਾਣ ਲਵੇ ਤਾਂ ਉਸ ਨੂੰ ਦੁਨੀਆਂ ਦੀ ਕੋਈ ਤਾਕਤ ਰੋਕ ਨਹੀਂ ਸਕਦੀ। ਉਹਨਾਂ ਕਿਹਾ ਕਿ ਤੁਹਾਡੇ ਪਿਆਰ ਅਤੇ ਅਸ਼ੀਰਵਾਦ ਨਾਲ ਮੈਨੂੰ ਭਗਵੰਤ ਸਿੰਘ ਮਾਨ ਨੇ ਮਹੱਤਵਪੂਰਨ ਮਹਿਕਮਿਆਂ ਦੀ ਜਿੰਮੇਵਾਰੀ ਸੌਂਪੀ ਅਤੇ ਮੈਂ ਉਹਨਾਂ ਲਈ ਦਿਨ ਰਾਤ ਕੰਮ ਕਰਦੇ ਹੋਏ ਅੱਜ ਇਸ ਪੱਧਰ 'ਤੇ ਬਿਜਲੀ ਵਿਭਾਗ ਨੂੰ ਲਿਆਂਦਾ ਹੈ ਕਿ ਲੋਕਾਂ ਨੂੰ 600 ਯੂਨਿਟ ਬਿਜਲੀ ਮੁਆਫੀ ਦੇਣ ਦੇ ਬਾਵਜੂਦ ਵੀ ਵਿਭਾਗ 311 ਕਰੋੜ ਰੁਪਏ ਦੇ ਮੁਨਾਫੇ ਵਿੱਚ ਹੈ।ਭਗਵੰਤ ਸਿੰਘ ਮਾਨ ਵੱਲੋਂ ਘਰ ਘਰ ਦਿੱਤੀਆਂ ਜਾ ਰਹੀਆਂ ਸਰਕਾਰੀ ਨੌਕਰੀਆਂ ਦਾ ਜ਼ਿਕਰ ਕਰਦੇ ਉਹਨਾਂ ਦੱਸਿਆ ਕਿ ਹੁਣ ਤੱਕ 53206 ਵਾਸੀਆਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ, ਜਿਨਾਂ ਵਿੱਚੋਂ ਅੱਠ ਬੱਚੇ ਇਸ ਪਿੰਡ ਦੇ ਵੀ ਸ਼ਾਮਲ ਹਨ।ਉਹਨਾਂ ਕਿਹਾ ਕਿ ਸਾਡੀ ਸਰਕਾਰ ਲੋਕਾਂ ਦੇ ਦੁੱਖ ਸੁੱਖ ਦੀ ਭਾਈਵਾਲ ਹੈ, ਕਿਸੇ ਮਾਫੀਏ ਦੀ ਨਹੀਂ, ਜਿਸ ਸਦਕਾ ਅਸੀਂ ਲੋਕਾਂ ਦੇ ਦੁੱਖ ਨੂੰ ਸਮਝਦੇ ਹੋਏ ਕੰਮ ਕਰ ਰਹੇ ਹਾਂ। ਉਹਨਾਂ ਬੱਚਿਆਂ ਨੂੰ ਮੁਖ਼ਾਤਿਬ ਹੁੰਦੇ ਕਿਹਾ ਕਿ ਤਰੱਕੀ ਦਾ ਇੱਕੋ ਇੱਕ ਹਥਿਆਰ ਸਿੱਖਿਆ ਹੈ, ਇਸ ਲਈ ਸਿੱਖਿਆ ਲੈ ਕੇ ਸਮੇਂ ਦੇ ਹਾਣੀ ਬਣੋ ਤਾਂ ਹੀ ਤੁਹਾਡੇ ਪਰਿਵਾਰਾਂ ਦੀ ਤਰੱਕੀ ਹੋ ਸਕੇਗੀ। ਉਹਨਾਂ ਕਿਹਾ ਕਿ ਹੁਣ ਸਰਕਾਰੀ ਸਕੂਲਾਂ ਦੇ ਬੱਚੇ ਮੈਰਿਟ ਵਿੱਚ ਆਉਂਦੇ ਹਨ, ਸਰਕਾਰੀ ਨੌਕਰੀਆਂ ਵਿੱਚੋਂ ਹੀ ਆਪਣਾ ਹਿੱਸਾ ਲੈਂਦੇ ਹਨ।ਉਹਨਾਂ ਅਧਿਆਪਕਾਂ ਨੂੰ ਦਿਲੋਂ ਜਾਨ ਨਾਲ ਮਿਹਨਤ ਕਰਨ ਦੀ ਲੋੜ ਉੱਤੇ ਜ਼ੋਰ ਦਿੱਤਾ।ਇਸ ਮੌਕੇ ਉਹਨਾਂ ਨਾਲ ਪ੍ਰਿੰਸੀਪਲ ਕੰਵਲਜੀਤ ਸਿੰਘ, ਚੇਅਰਮੈਨ ਸ਼ਨਾਖ ਸਿੰਘ, ਸਰਪੰਚ ਜਗਜੀਤ ਸਿੰਘ, ਰਣਜੀਤ ਸਿੰਘ, ਸੂਬੇਦਾਰ ਹਰਜਿੰਦਰ ਸਿੰਘ, ਦਿਲਬਾਗ ਸਿੰਘ ਲਕਸਮਣ ਸਿੰਘ, ਬਲਵਿੰਦਰ ਸਿੰਘ ਰਾਣਾ ਅਤੇ ਚੇਅਰਮੈਨ ਗੁਰਵਿੰਦਰ ਸਿੰਘ ਵੀ ਹਾਜ਼ਰ ਸਨ।

ਸਿੱਖਿਆ ਕ੍ਰਾਂਤੀ ਪ੍ਰੋਗਰਾਮ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ'ਤੀ : ਰਮਨ ਬਹਿਲ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਦੇ ਯਤਨਾਂ ਸਦਕਾ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੇ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਦਿੱਤੀ ਹੈ। ਇਸ ਤਹਿਤ ਵਿਧਾਨ ਸਭਾ ਹਲਕਾ ਗੁਰਦਾਸਪੁਰ ਨਾਲ ਸੰਬੰਧਿਤ ਵੱਖ ਵੱਖ ਸਕੂਲਾਂ ਵਿੱਚ ਕਰੋੜਾਂ ਰੁਪਏ ਦੇ ਪ੍ਰਭਾਵਸ਼ਾਲੀ ਅਤੇ ਕ੍ਰਾਂਤੀਕਾਰੀ ਵਿਕਾਸ ਕਾਰਜ ਕਰਵਾਏ ਗਏ ਹਨ ਜਿਨ੍ਹਾਂ ਦੇ ਉਦਘਾਟਨ ਕਰਨ ਲਈ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਹਲਕਾ ਗੁਰਦਾਸਪੁਰ ਦੇ ਇੰਚਾਰਜ ਰਮਨ ਬਹਿਲ ਵੱਲੋਂ 7 ਅਪ੍ਰੈਲ ਤੋਂ ਪ੍ਰੋਗਰਾਮਾਂ ਦਾ ਆਗਾਜ਼ ਕੀਤਾ ਜਾ ਰਿਹਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਪੰਜਾਬ ਅੰਦਰ ਸਿੱਖਿਆ ਨੂੰ ਸਰਵੋਤਮ ਵਿਦਿਅਕ ਮਿਆਰਾਂ ਦੇ ਹਾਣੀ ਬਣਾਉਣ ਲਈ ਸਰਕਾਰੀ ਸਕੂਲਾਂ ਵਿੱਚ ਨਵੇਂ ਕਲਾਸ ਰੂਮ ਬਣਾਏ ਗਏ ਹਨ ਅਤੇ ਨਾਲ ਹੀ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਵੀ ਬਦਲ ਦਿੱਤਾ ਗਿਆ ਹੈ।ਉਹਨਾਂ ਕਿਹਾ ਕਿ ਬੱਚਿਆਂ ਨੂੰ ਆਧੁਨਿਕ ਕਿਸਮ ਦੀ ਪੜ੍ਹਾਈ ਕਰਵਾਉਣ ਲਈ ਡਿਜੀਟਲ ਸਹੂਲਤਾਂ ਵੀ ਦਿੱਤੀਆਂ ਗਈਆਂ ਹਨ ਅਤੇ ਵੱਖ-ਵੱਖ ਸਕੂਲਾਂ ਨੂੰ ਹਾਈਟੈਕ ਕੀਤਾ ਗਿਆ ਹੈ।ਸਕੂਲਾਂ ਦੇ ਪ੍ਰਬੰਧਕਾਂ ਦੀ ਹੌਸਲਾ ਅਫਜਾਈ ਕਰਨ ਅਤੇ ਨਵੇਂ ਬਣੇ ਕਲਾਸ ਰੂਮਾਂ ਸਮੇਤ ਹੋਰ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਲਈ 7 ਅਪ੍ਰੈਲ ਤੋਂ ਵੱਖ-ਵੱਖ ਪ੍ਰੋਗਰਾਮ ਸ਼ੁਰੂ ਕੀਤੇ ਜਾਣਗੇ ਜਿਸ ਤਹਿਤ 7 ਅਪ੍ਰੈਲ ਨੂੰ ਸਵੇਰੇ 10 ਵਜੇ ਸਰਕਾਰੀ ਮਿਡਲ ਸਕੂਲ ਮੁਸਤਫਾਬਾਦ ਜੱਟਾਂ ਵਿਖੇ, 10:30 ਵਜੇ ਸਰਕਾਰੀ ਮਿਡਲ ਸਕੂਲ ਬਾਹੀਆਂ ਵਿਖੇ, 11 ਵਜੇ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਤੇ ਤਿੱਬੜ ਵਿਖੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਜਾਣਗੇ।ਬਹਿਲ ਨੇ ਦੱਸਿਆ ਕਿ 9 ਅਪ੍ਰੈਲ ਨੂੰ ਸਰਕਾਰੀ ਪ੍ਰਾਇਮਰੀ ਸਕੂਲ ਜੋਈਆਂ ਵਿਖੇ ਸਵੇਰੇ 10 ਵਜੇ, ਸਰਕਾਰੀ ਪ੍ਰਾਇਮਰੀ ਸਕੂਲ ਇੰਦਰਾਵਾਲ ਵਿਖੇ ਸਵੇਰੇ 10:30 ਵਜੇ, ਸਰਕਾਰੀ ਪ੍ਰਾਇਮਰੀ ਸਕੂਲ ਲੰਗਾਹ ਜੱਟਾਂ ਵਿਖੇ 11 ਵਜੇ ਅਤੇ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਜੌੜਾ ਛਿੱਤਰਾਂ ਵਿਖੇ ਸਵੇਰੇ 11.30 ਵਜੇ ਨਵੇਂ ਬਣੇ ਕਲਾਸ ਰੂਮਾਂ ਅਤੇ ਹੋਰ ਪ੍ਰੋਜੈਕਟਾਂ ਦੇ ਰਸਮੀ ਉਦਘਾਟਨ ਕੀਤੇ ਜਾਣਗੇ। ਇਸੇ ਤਰ੍ਹਾਂ 11 ਅਪ੍ਰੈਲ ਨੂੰ ਸਰਕਾਰੀ ਪ੍ਰਾਇਮਰੀ ਸਕੂਲ ਕੋਟਲੀ ਮੋਹੀਆਂ, ਸਰਕਾਰੀ ਪ੍ਰਾਇਮਰੀ ਸਕੂਲ ਚੌੜ ਸਿੱਧਵਾਂ, ਸਰਕਾਰੀ ਪ੍ਰਾਇਮਰੀ ਸਕੂਲ ਵਰਸੋਲਾ ਅਤੇ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਵਰਸੋਲਾ ਵਿਖੇ ਵੀ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਲਈ ਵੱਖ-ਵੱਖ ਪ੍ਰੋਗਰਾਮ ਕਰਵਾਏ ਜਾਣਗੇ। ਉਹਨਾਂ ਕਿਹਾ ਕਿ ਇਹ ਪ੍ਰੋਗਰਾਮ 31 ਮਈ ਤੱਕ ਚੱਲਣਗੇ ਜਿਸ ਤਹਿਤ ਹਲਕੇ ਦੇ ਵੱਖ-ਵੱਖ ਸਕੂਲਾਂ ਨੂੰ ਕਵਰ ਕੀਤਾ ਜਾਵੇਗਾ।

ਯੋਧਿਆਂ ਤੇ ਸ਼ਹੀਦਾਂ ਦੀ ਧਰਤੀ ਨੂੰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ : ਕਟਾਰੀਆ

ਅੰਮ੍ਰਿਤਸਰ, ਚੇਤਨਪੁਰਾ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ/ਨਰਿੰਦਰਜੀਤ ਸਿੰਘ, ਸੁਖਵੰਤ ਚੇਤਨਪੁਰੀ)-ਯੁੱਧ ਨਸ਼ਿਆਂ ਵਿਰੁੱਧ ਦੇ ਸੰਕਲਪ ਨੂੰ ਲੈ ਕੇ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਪੈਦਲ ਮਾਰਚ ਕਰ ਰਹੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੰਮ੍ਰਿਤਸਰ ਜਿਲ੍ਹੇ ਵਿੱਚ ਲਗਾਤਾਰ ਦੂਸਰੇ ਦਿਨ ਪੈਦਲ ਮਾਰਚ ਦੀ ਅਗਵਾਈ ਕਰਦੇ ਹੋਏ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਨਸ਼ੇ ਦੇ ਵਿਰੁੱਧ ਜਹਾਦ ਖੜਾ ਕਰਨ ਲਈ ਉੱਠ ਪੈਣ।ਉਹਨਾਂ ਕਿਹਾ ਕਿ ਪੰਜਾਬ ਜੋ ਆਪਣੀ ਦੇਸ਼ ਭਗਤੀ, ਸੂਰਬੀਰਾਂ, ਸ਼ਹੀਦਾਂ, ਯੋਧਿਆਂ ਦੀਆਂ ਲਾਸਾਨੀ ਕੁਰਬਾਨੀਆਂ ਕਰਕੇ ਜਾਣਿਆ ਜਾਂਦਾ ਹੈ, ਦੀ ਧਰਤੀ ਨੂੰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ।ਉਹਨਾਂ ਕਿਹਾ ਕਿ ਦੁਸ਼ਮਣ ਦੇਸ਼ ਤੋਂ ਨਸ਼ਾ ਤਸਕਰੀ ਜਾਰੀ ਹੈ ਪਰ ਇਸ ਨੂੰ ਫੜਨ ਲਈ ਸਾਡੀਆਂ ਫੋਰਸਾਂ ਵੀ ਦਿਨ ਰਾਤ ਕੰਮ ਕਰ ਰਹੀਆਂ ਹਨ।ਇਸ ਤੋਂ ਇਲਾਵਾ ਪਿੰਡਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਣਾਈਆਂ ਗਈਆਂ ਪਿੰਡ ਪੱਧਰ ਦੀਆਂ ਸੁਰੱਖਿਆ ਕਮੇਟੀਆਂ ਵੀ ਬਹੁਤ ਚੌਕਸੀ ਨਾਲ ਇਸ ਤਸਕਰੀ ਨੂੰ ਰੋਕਣ ਲਈ ਕੰਮ ਕਰ ਰਹੀਆਂ ਹਨ। ਉਹਨਾਂ ਕਿਹਾ ਕਿ ਪੰਜਾਬ ਕਿਉਂਕਿ ਸਰਹੱਦੀ ਸੂਬਾ ਹੈ ਅਤੇ ਇਥੋਂ ਨਸ਼ੇ ਦੀ ਤਸਕਰੀ ਆਸਾਨੀ ਨਾਲ ਹੋ ਜਾਂਦੀ ਹੈ, ਇਸ ਲਈ ਦੁਸ਼ਮਣ ਇਸ ਦਾ ਮੌਕਾ ਉਠਾਉਂਦੇ ਹੋਏ ਸਪਲਾਈ ਕਰ ਰਹੇ ਹਨ, ਜਿਸ ਨੂੰ ਰੋਕਣ ਲਈ ਪਹਿਲਾਂ ਵੀ ਸਰਹੱਦ ਉੱਤੇ ਐਂਟੀ ਡਰੋਨ ਸਿਸਟਮ ਲਗਾਏ ਗਏ ਸਨ ਅਤੇ ਹੁਣ ਹੋਰ ਵਧਾਏ ਜਾ ਰਹੇ ਹਨ।ਇਸ ਤੋਂ ਇਲਾਵਾ ਪੰਜਾਬ ਸਰਕਾਰ ਵੀ ਐਂਟੀ ਡਰੋਨ ਸਿਸਟਮ ਲਗਾਉਣ ਲਈ ਉਪਰਾਲੇ ਕਰ ਰਹੀ ਹੈ। ਉਹਨਾਂ ਸ਼ਹੀਦ ਭਗਤ ਸਿੰਘ ਗਰੁੱਪ ਆਫ ਕਾਲਜ ਫਤਿਹਗੜ੍ਹ ਚੂੜੀਆਂ ਰੋਡ ਵਿਖੇ ਸਮਾਗਮ ਨੂੰ ਸੰਬੋਧਨ ਕਰਦਿਆਂ ਬੱਚਿਆਂ ਅਤੇ ਮੋਹਤਬਰਾਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਆਲੇ ਦੁਆਲੇ ਨੂੰ ਨਸ਼ਾ ਮੁਕਤ ਕਰਨ ਲਈ ਯੋਗਦਾਨ ਪਾਉਣ।ਉਨ੍ਹਾ ਕਿਹਾ ਕਿ ਨਸ਼ਾ ਕੇਵਲ ਮੇਰੇ ਪੈਦਲ ਮਾਰਚ ਨਾਲ ਜਾਂ ਸਰਕਾਰ ਦੀਆਂ ਕੋਸ਼ਿਸ਼ਾਂ ਨਾਲ ਖਤਮ ਨਹੀਂ ਹੋ ਸਕਦਾ, ਇਸ ਨੂੰ ਖਤਮ ਕਰਨ ਲਈ ਜਨਤਾ ਦਾ ਸਾਥ ਹੋਣਾ ਬਹੁਤ ਜਰੂਰੀ ਹੈ।ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਬੱਚਿਆਂ ਨੂੰ ਗੁਰੂ ਘਰਾਂ ਅਤੇ ਮੰਦਰਾਂ ਨਾਲ ਜੋੜਨਾ ਵੀ ਨਸ਼ਾ ਮੁਕਤੀ ਲਈ ਬਹੁਤ ਵੱਡਾ ਉਪਰਾਲਾ ਹੋ ਸਕਦਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਬੱਚਿਆਂ ਨੇ ਪੈਦਲ ਮਾਰਚ ਵਿੱਚ ਹਿੱਸਾ ਲਿਆ। ਆਕਸਫੋਰਡ ਸਕੂਲ ਤੋਂ ਚੱਲ ਕੇ ਇਹ ਯਾਤਰਾ ਸ਼ਹੀਦ ਭਗਤ ਸਿੰਘ ਗਰੁੱਪ ਆਫ ਕਾਲਜ ਵਿੱਚ ਆ ਕੇ ਸਮਾਪਤ ਹੋਈ। ਇਸ ਮੌਕੇ ਰਾਜਪਾਲ ਪੰਜਾਬ ਦੇ ਪ੍ਰਿੰਸੀਪਲ ਸੈਕਟਰੀ ਵਿਵੇਕ ਪ੍ਰਤਾਪ ਸਿੰਘ, ਅੰਤਰਰਾਸ਼ਟਰੀ ਅਥਲੀਟ ਬਹਾਦਰ ਸਿੰਘ, ਅੰਤਰਰਾਸ਼ਟਰੀ ਹਾਕੀ ਖਿਡਾਰੀ ਬਲਜੀਤ ਸਿੰਘ, ਰੋਇੰਗ ਖਿਡਾਰੀ ਚੰਦਨਦੀਪ ਸਿੰਘ, ਡੀਆਈਜੀ ਸ੍ਰੀ ਸਤਿੰਦਰ ਸਿੰਘ, ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ, ਜਿਲਾ ਪੁਲਿਸ ਮੁਖੀ ਸ ਮਨਿੰਦਰ ਸਿੰਘ, ਰੈਡ ਕ੍ਰਾਸ ਦੇ ਸਟੇਟ ਸੈਕਟਰੀ ਸ੍ਰੀ ਸ਼ਿਵਦਲਾਰ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਸਰੀਨ ਐਸਡੀਐਮ ਰਵਿੰਦਰ ਸਿੰਘ ਅਰੋੜਾ, ਸਹਾਇਕ ਕਮਿਸ਼ਨਰ ਗੁਰ ਸਿਮਰਨ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਧਿਕਾਰੀ ਹਾਜ਼ਰ ਸਨ।

ਰਿਵਾਲਵਰ ਤੇ ਰੌਂਦਾਂ ਸਮੇਤ ਤਿੰਨ ਕਾਬੂ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) ਥਾਣਾ ਕੱਥੂਨੰਗਲ ਦੀ ਪੁਲਸ ਗਸ਼ਤ ਦੌਰਾਨ ਚੌਕੀ ਚਵਿੰਡਾ ਦੇਵੀ ਤੋਂ ਪਿੰਡ ਸ਼ਹਿਜਾਦਾ, ਕੈਰੋਨੰਗਲ ਆਦਿ ਪਿੰਡਾਂ ਨੂੰ ਜਾ ਰਹੇ ਸੀ ਜਦ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪੁੱਲ ਸੂਆ ਚਵਿੰਡਾ ਦੇਵੀ ਵਿਖੇ ਪੁੱਜੀ ਤਾਂ ਸੂਆ ਦੀ ਪਟੜੀ ਪਿੰਡ ਚਵਿੰਡਾ ਦੇਵੀ ਵਾਲੀ ਸਾਇਡ ਤੋਂ ਇਕ ਮੋਟਰ ਸਾਇਕਲ 'ਤੇ ਦੋ ਨੌਜਵਾਨ ਆਉਂਦੇ ਦਿਖਾਈ ਦਿੱਤੇ, ਜਿਨ੍ਹਾਂ ਨੇ ਪੁਲਸ ਨੂੰ ਵੇਖ ਕੇ ਆਪਣਾ ਮੋਟਰ ਸਾਇਕਲ ਪਿੱਛੇ ਮੋੜ ਕੇ ਭੱਜਣ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਨੇ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਮੋਟਰ ਸਾਇਕਲ ਚਾਲਕ ਨੇ ਆਪਣਾ ਨਾਂਅ ਮੋਹਿਤ ਉਰਫ ਮੋਤੀ ਵਾਸੀ ਮਕਾਨ ਨੰਬਰ 3363/7, ਗਲੀ ਨੰਬਰ 01, ਗਲਵਾਰੀ ਗੇਟ, ਭਗਤਾ ਵਾਲਾ ਰੋਡ, ਅੰਮ੍ਰਿਤਸਰ ਅਤੇ ਮੋਟਰਸਾਈਕਲ ਦੇ ਪਿੱਛੇ ਬੈਠੇ ਨੌਜਵਾਨ ਨੇ ਆਪਣਾ ਨਾਂਅ ਸ਼ਾਗਰ ਵਾਸੀ ਮਕਾਨ ਨੰਬਰ 176, ਗਲਵਾਰੀ ਗੇਟ, ਨਗਰ ਨਿਗਮ ਕਾਲੋਨੀ, ਭਗਤਾਂ ਵਾਲਾ ਰੋਡ ਅੰਮ੍ਰਿਤਸਰ ਹਾਲ ਵਾਸੀ ਮਕਾਨ ਨੰਬਰ 807, ਗਲੀ ਨੰਬਰ 2, ਸਹੀਦ ਉਧਮ ਸਿੰਘ ਨਗਰ, ਤਰਨਤਾਰਨ ਰੋਡ ਅੰਮ੍ਰਿਤਸਰ ਅਤੇ ਰਾਜਾ ਵਾਸੀ ਅੰਮ੍ਰਿਤਸਰ ਦੱਸਿਆ।ਜਿਨ੍ਹਾਂ ਦੀ ਤਲਾਸ਼ੀ ਕਰਨ 'ਤੇ ਸ਼ਾਗਰ ਦੀ ਡੱਬ 'ਚੋਂ ਇਕ ਪਿਸਟਲ 32 ਬੋਰ ਬਿਨਾਂ ਨੰਬਰੀ ਬਿਨਾਂ ਮਾਰਕਾ ਜਿਸਦੇ ਬੱਟ ਦੇ ਦੋਵੇਂ ਪਾਸੇ ਸਟਾਰ ਦਾ ਨਿਸ਼ਾਨ ਬ੍ਰਾਮਦ ਹੋਇਆ।ਜੀਨ ਦੀ ਪੈਂਟ ਦੀ ਜੇਬ 'ਚੋਂ ਇੱਕ ਮੈਗਜ਼ੀਨ ਬ੍ਰਾਮਦ ਹੋਇਆ ਜੋ ਮੈਗਜ਼ੀਨ ਅਣਲੋਡ ਕਰਨ 'ਤੇ ਉਸ 'ਚੋਂ 5 ਜਿੰਦਾ ਰੌਂਦ 32 ਬੋਰ ਬ੍ਰਾਮਦ ਹੋਏ।ਸ਼ਾਗਰ ਅਤੇ ਮੋਹਿਤ ਉਰਫ ਮੋਤੀ ਦੇਖ ਖ਼ਿਲਾਫ਼ ਥਾਣਾ ਕੱਥੂਨੰਗਲ ਦੀ ਪੁਲਸ ਵੱਲੋਂ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਲੇਹਲ 'ਚ ਦੋ ਰੋਜ਼ਾ ਗੁਰਮਤਿ ਸਮਾਗਮ 12 ਤੇ 13 ਨੂੰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਗੁਰੂ ਕਲਗੀਧਰ ਫਾਊਂਡੇਸ਼ਨ ਰਜਿ. ਫੱਜੂਪੁਰ ਧਾਰੀਵਾਲ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਨੂੰ ਸਪਰਪਤ ਸਲਾਨਾ 17ਵਾਂ ਦੋ ਰੋਜ਼ਾ ਗੁਰਮਿਤ ਸਮਾਗਮ ਪਿੰਡ ਲੇਹਲ ਵਿਖੇ 12 ਤੇ 13 ਅਪਰੈਲ ਨੂੰ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਫਾਊਂਡੇਸ਼ਨ ਦੇ ਸੇਵਾਦਾਰ ਭਾਈ ਪ੍ਰਸ਼ੋਤਮ ਸਿੰਘ ਫੌਜੀ, ਮਾਸਟਰ ਗੁਰਦੇਵ ਸਿੰਘ, ਭਾਈ ਨਰਿੰਦਰਜੀਤ ਸਿੰਘ, ਡਾ. ਜਰਨੈਲ ਸਿੰਘ, ਰਣਧੀਰ ਸਿੰਘ, ਇਕਬਾਲ ਸਿੰਘ ਲੱਕੀ, ਡਾ. ਰਾਣਾ ਲੇਹਲ, ਪ੍ਰਿਥੀਪਾਲ ਸਿੰਘ, ਪਲਵਿੰਦਰ ਸਿੰਘ ਵਿੱਕੀ, ਡਾ. ਬਿਕਰਮਜੀਤ ਸਿੰਘ, ਸ਼ਮੇਸ਼ਰ ਸਿੰਘ ਲੇਹਲ, ਸਿਮਰਪ੍ਰੀਤ ਸਿੰਘ ਆਦਿ ਨੇ ਸਾਂਝੇ ਤੌਰ 'ਤੇ ਦਿੱਤੀ। ਉਨ੍ਹਾਂ ਨੇ ਦੱਸਿਆ 10 ਅਪਰੈਲ ਨੂੰ ਖਾਲਸਾ ਸਾਜਨਾ ਦਿਵਸ ਸਬੰਧੀ ਮਹਾਨ ਨਗਰ ਕੀਰਤਨ ਗੁਰਦੁਆਰਾ ਸਿੰਘ ਸਭਾ ਫੱਜੂਪੁਰ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਜਾਵੇਗਾ। ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਅਰੰਭ ਹੋ ਕੇ ਨੇੜਲੇ ਪਿੰਡਾਂ ਤੋਂ ਹੁੰਦਾ ਹੋਇਆ ਇਤਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ ਨਤਮਸਤਕ ਹੋਣ ਉਪਰੰਤ ਮੁੜ ਵਾਪਸ ਵੱਖ ਵੱਖ ਥਾਵਾਂ ਤੋਂ ਹੁੰਦਾ ਹੋਇਆ ਆਰੰਭਿਕ ਸਥਾਨ 'ਤੇ ਸਮਾਪਤ ਹੋਵੇਗਾ। 11 ਅਪਰੈਲ ਨੂੰ ਬੱਚਿਆਂ ਦੇ ਗੁਰਬਾਣੀ ਕੰਠ ਅਤੇ ਦਸਤਾਰ ਮੁਕਾਬਲੇ ਕਰਵਾਏ ਜਾਣਗੇ ਅਤੇ 12 ਅਤੇ 13 ਅਪਰੈਲ ਨੂੰ ਸ਼ਾਮ 7 ਵਜੇ ਤੋਂ ਰਾਤ 11 ਵਜੇ ਤੱਕ ਪਿੰਡ ਲੇਹਲ ਵਿਖੇ ਧਾਰਮਿਕ ਸਜਾਏ ਜਾਣਗੇ।

ਜੁਆਇੰਟ ਸੈਕਟਰੀ ਸੱਚ

7 Apr Page-12.qxd 4/6/2025 9:32 PM Page 1

ਵਿਕਾਸ ਦੇ ਨਾਅ 'ਤੇ ਆਦਿਵਾਸੀ ਲੋਕਾਂ ਦੀ ਨਸਲਕੁਸ਼ੀ ਬੰਦ ਕਰੇ ਕੇਂਦਰ ਸਰਕਾਰ : ਹਿਮਾਂਸ਼ੂ ਕੁਮਾਰ

ਜਲੰਧਰ : ਭਾਜਪਾ ਦੀ ਕੇਂਦਰ ਸਰਕਾਰ ਦੀ ਸਿੱਧੀ ਨਿਗਰਾਨੀ ਹੇਠ ਮੁਲਕ ਦੇ ਕੁਦਰਤੀ ਵਸੀਲਿਆਂ, ਜਲ-ਜੰਗਲ-ਜ਼ਮੀਨ ਅਤੇ ਵਡਮੁੱਲੇ ਖਣਿਜਾਂ ਨੂੰ ਦੇਸੀ-ਵਿਦੇਸ਼ੀ ਕਾਰਪੋਰੇਟ ਘਰਾਣਿਆ ਤੇ ਬਹੁਕੌਮੀ ਕੰਪਨੀਆਂ ਦੇ ਹਵਾਲੇ ਕਰਨ ਲਈ ਆਦਿਵਾਸੀ ਲੋਕਾਂ ਉੱਪਰ ਭਾਰੀ ਕਹਿਰ ਢਾਹਿਆ ਜਾ ਰਿਹਾ ਹੈ।ਜਿਸ ਨੂੰ ਰੋਕਣ ਲਈ ਭਾਰਤ ਦੇ ਹਰ ਇਨਸਾਫ਼ਪਸੰਦ ਨਾਗਰਿਕ ਨੂੰ ਡੱਟਕੇ ਆਵਾਜ਼ ਉਠਾਉਣੀ ਚਾਹੀਦੀ ਹੈ।ਆਪਣੇ ਹੀ ਲੋਕਾਂ ਵਿਰੁੱਧ ਇਹ ਜੰਗ ਬਸਤਰ ਦੇ ਜੰਗਲਾਂ ਤੱਕ ਸੀਮਤ ਨਹੀਂ ਰਹੇਗੀ, ਸਭ ਤੋਂ ਉਪਜਾਊ ਖੇਤੀ ਖੇਤਰਾਂ ਉੱਪਰ ਕਬਜ਼ਾ ਕਰਨ ਲਈ ਇਹ ਜੰਗ ਆਉਣ ਵਾਲੇ ਦਿਨਾਂ 'ਚ ਪੰਜਾਬ ਵਰਗੇ ਖੇਤਰਾਂ 'ਚ ਵੀ ਪਹੁੰਚੇਗੀ। ਇਹ ਵਿਚਾਰ ਇੱਥੇ ਦੇਸ਼ਭਗਤ ਯਾਦਗਾਰ ਹਾਲ ਵਿਖੇ ਜਮਹੂਰੀ ਅਧਿਕਾਰ ਸਭਾ ਦੀ ਜ਼ਿਲ੍ਹਾ ਇਕਾਈ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਆਯੋਜਤ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਉੱਘੇ ਗਾਂਧੀਵਾਦੀ ਚਿੰਤਕ ਤੇ ਸਮਾਜਿਕ ਕਾਰਕੁੰਨ ਹਿਮਾਂਸ਼ੂ ਕੁਮਾਰ ਨੇ ਪੇਸ਼ ਕੀਤੇ।ਪ੍ਰਧਾਨਗੀ ਮੰਡਲ ਵਿਚ ਮੁੱਖ ਵਕਤਾ ਹਿਮਾਂਸ਼ੂ ਕੁਮਾਰ, ਡਾਕਟਰ ਜਗਜੀਤ ਚੀਮਾ, ਸੁਰਿੰਦਰ ਕੁਮਾਰੀ ਕੋਛੜ, ਪ੍ਰਿਤਪਾਲ ਸਿੰਘ, ਡਾਕਟਰ ਮੰਗਤ ਰਾਏ, ਬੂਟਾ ਸਿੰਘ ਮਹਿਮੂਦਪੁਰ ਅਤੇ ਜਸਵਿੰਦਰ ਸਿੰਘ ਭੋਗਲ ਸ਼ੁਸ਼ੋਭਿਤ ਸਨ।ਹਿਮਾਂਸ਼ੂ ਕੁਮਾਰ ਓਪਰੇਸ਼ਨ ਗਰੀਨ ਹੰਟ ਵਿਰੋਧੀ ਫਰੰਟ ਦੇ ਸੱਦੇ 'ਤੇ ਵਿਸ਼ੇਸ਼ ਫੇਰੀ 'ਤੇ ਹਨ ਅਤੇ 22 ਮਾਰਚ ਤੋਂ ਲੈ ਕੇ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿਚ ਜਨਤਕ ਜਮਹੂਰੀ ਇਕੱਠਾਂ ਨੂੰ

ਸੰਬੋਧਨ ਕਰਕੇ ਛੱਤੀਸਗੜ ਦੇ ਬਸਤਰ ਖੇਤਰ 'ਚ ਭਗਵਾ ਹਕੂਮਤ ਵਲੋਂ ਕਰਵਾਏ ਜਾ ਰਹੇ ਆਦਿਵਾਸੀ ਲੋਕਾਂ ਦੇ ਕਤਲੇਆਮ ਦੀ ਦਿਲ ਦਹਿਲਾਊ ਜਾਣਕਾਰੀ ਸਾਂਝੀ ਕਰਕੇ ਇਸ ਦਾ ਵਿਰੋਧ ਕਰਨ ਦਾ ਮਾਨਵਵਾਦੀ ਫਰਜ਼ ਪਛਾਨਣ ਦਾ ਹੋਕਾ ਦੇ ਰਹੇ ਹਨ। ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਹਿਮਾਂਸ਼ੂ ਕੁਮਾਰ ਨੇ ਕਿਹਾ ਕਿ ਫਾਸ਼ੀਵਾਦੀ ਹਕੂਮਤ ਨੇ ਆਪਣੇ ਹੀ ਆਦਿਵਾਸੀ ਲੋਕਾਂ ਵਿਰੁੱਧ ਨਸਲਕੁਸ਼ੀ ਦੀ ਜੰਗ ਵਿੱਢੀ ਹੋਈ ਹੈ ਜਿਸ ਤਹਿਤ 2009 ਤੋਂ ਲੈ ਕੇ ਹਜ਼ਾਰਾਂ ਲੋਕਾਂ ਦਾ ਕਤਲੇਆਮ, ਔਰਤਾਂ ਨਾਲ ਬਲਾਤਕਾਰਾਂ, ਬੱਚਿਆਂ ਦੇ ਕਤਲ, ਲੱਖਾਂ ਲੋਕਾਂ ਦਾ ਉਜਾੜਾ, ਸੈਂਕੜੇ ਪਿੰਡਾਂ ਵਿਚ ਸਾੜਸਤੀ ਆਮ ਗੱਲ ਬਣ ਚੁੱਕੀ ਹੈ। ਜੰਗਲਾਂ ਵਿਚ ਚੱਪੇ-ਚੱਪੇ 'ਤੇ ਨੀਮ-ਫ਼ੌਜੀ ਤਾਕਤਾਂ ਦੇ ਕੈਂਪ ਬਣਾਏ ਗਏ ਹਨ ਅਤੇ ਸਮੁੱਚੇ ਬਸਤਰ ਨੂੰ ਵਿਆਪਕ ਫ਼ੌਜੀ ਛਾਉਣੀ ਬਣਾ ਦਿੱਤਾ ਗਿਆ ਹੈ।ਆਦਿਵਾਸੀਆਂ ਨੂੰ ਦਹਿਸ਼ਤਜ਼ਦਾ ਕਰਕੇ ਜੰਗਲਾਂ ਵਿੱਚੋਂ ਉਜਾੜਨ ਲਈ ਨੀਮ-ਫੌਜੀ ਹੈਲੀਕਾਪਟਰਾਂ ਤੇ ਡਰੋਨਾਂ ਨਾਲ ਆਦਿਵਾਸੀ ਲੋਕਾਂ ਉੱਪਰ ਬੰਬਾਰੀ ਕਰ ਰਹੇ ਹਨ ਅਤੇ ਆਮ ਲੋਕਾਂ ਨੂੰ ਮਾਓਵਾਦੀ ਦਾ ਠੱਪਾ ਲਾ ਕੇ 'ਮੁਕਾਬਲਿਆਂ' 'ਚ ਮਾਰ ਰਹੇ ਹਨ।ਉਹਨਾਂ ਕਿਹਾ ਕਿ ਕਾਰਪੋਰੇਟ ਹਿਤੈਸ਼ੀ ਆਰਥਕ ਮਾਡਲ ਥੋਪਣ ਲਈ ਭਾਜਪਾ ਅਤੇ ਕਾਂਗਰਸ ਹਕੂਮਤਾਂ ਇੱਕੋ ਤਰੀਕੇ ਅਪਣਾਉਂਦੀਆਂ ਹਨ।ਆਮ ਲੋਕਾਂ ਲਈ ਕੋਈ ਕਾਨੂੰਨ ਨਹੀਂ ਹੈ। ਅਦਾਲਤੀ ਪ੍ਰਣਾਲੀ ਆਦਿਵਾਸੀ ਲੋਕਾਂ ਨੂੰ ਇਨਸਾਫ਼ ਦੇਣ ਦੀ ਬਜਾਏ ਇਨਸਾਫ਼ ਦੀ ਮੰਗ ਕਰਨ ਵਾਲਿਆਂ ਖਿਲਾਫ਼ ਹੀ ਧੱਕੜ ਫ਼ੈਸਲੇ ਸੁਣਾ ਰਹੀ ਹੈ। ਜੇ ਇਸ ਫਾਸ਼ੀਵਾਦੀ ਵਰਤਾਰੇ ਵਿਰੁੱਧ ਦੇਸ਼ ਦੀ ਦੱਬੀਕੁਚਲੀ ਤੇ ਲੁੱਟੀਪੁੱਟੀ ਲੋਕਾਈ ਇਕਜੁੱਟ ਹੋ ਕੇ ਇਸ ਨੂੰ ਠੱਲ ਪਾਉਣ ਲਈ ਅੱਗੇ ਨਹੀਂ ਆਉਂਦੀ ਤਾਂ ਇਹ ਜਾਬਰ ਹਮਲਾ ਛੇਤੀ ਹੀ ਮੁਲਕ ਦੇ ਸਾਰੇ ਖਿੱਤਿਆਂ ਨੂੰ ਆਪਣੀ ਲਪੇਟ ਵਿਚ ਲੈ ਲਵੇਗਾ। ਇਸ ਮੌਕੇ ਇਕੱਠ ਨੂੰ ਜਮਹੂਰੀ ਅਧਿਕਾਰ ਸਭਾ ਦੇ ਜਨਰਲ ਸਕੱਤਰ ਪ੍ਰਿਤਪਾਲ ਸਿੰਘ, ਜ਼ਿਲ੍ਹਾ ਪ੍ਰਧਾਨ ਜਗਜੀਤ ਚੀਮਾ, ਓਪਰੇਸ਼ਨ ਗਰੀਨ ਹੰਟ ਵਿਰੋਧੀ ਫਰੰਟ ਦੇ ਸੂਬਾਈ ਆਗੂ ਬੂਟਾ ਸਿੰਘ ਮਹਿਮੂਦਪੁਰ ਆਦਿ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਗੁਰਮੀਤ ਕੋਟਲੀ ਵਲੋਂ ਮਤੇ ਪੇਸ਼ ਕੀਤੇ ਗਏ।ਇਹਨਾ ਮਤੀਆਂ ਵਿਚ ਮੰਗ ਕੀਤੀ ਗਈ ਕਿ 'ਵਿਕਾਸ' ਦੇ ਨਾਂ 'ਤੇ ਆਦਿਵਾਸੀ ਲੋਕਾਂ ਦੀ ਨਸਲਕੁਸ਼ੀ ਕਰਨਾ ਅਤੇ ਮਾਓਵਾਦੀ ਕਾਰਕੁਨਾਂ ਨੂੰ 'ਮੁਕਾਬਲਿਆਂ' 'ਚ ਮਾਰਨਾ ਬੰਦ ਕੀਤਾ ਜਾਵੇ, ਬਸਤਰ ਅਤੇ ਹੋਰ ਆਦਿਵਾਸੀ ਇਲਾਕਿਆਂ ਵਿਚ 'ਓਪਰੇਸ਼ਨ ਕਗਾਰ' ਅਤੇ ਹੋਰ ਨਾਵਾਂ ਹੇਠ ਨਸਲਕੁਸ਼ੀ, ਤਬਾਹੀ ਅਤੇ ਉਜਾੜੇ ਦੀ ਜੰਗ ਬੰਦ ਕੀਤੀ ਜਾਵੇ। 'ਅਮਨ-ਕਾਨੂੰਨ' ਦੀ ਜਾਬਰ ਨੀਤੀ ਤੁਰੰਤ ਬੰਦ ਕਰਕੇ ਬੁਨਿਆਦੀ ਮਸਲਿਆਂ ਦੇ ਹੱਲ ਲਈ ਗੱਲਬਾਤ ਦਾ ਰਾਜਨੀਤਕ ਅਮਲ ਸ਼ੁਰੂ ਕੀਤਾ ਜਾਵੇ। ਕਨਵੈਨਸ਼ਨ ਵਿੱਚ ਪ੍ਰੋਫੈਸਰ ਤਰਸੇਮ ਸਾਗਰ, ਮਾਸਟਰ ਲਵਿੰਦਰ ਸਿੰਘ, ਅਮੋਲਕ ਸਿੰਘ, ਕਾਮਰੇਡ ਗੁਰਮੀਤ, ਹਰਮੇਸ਼ ਮਾਲੜੀ, ਮੋਹਣ ਸਿੰਘ ਬੱਲ, ਡਾਕਟਰ ਸੈਲੇਸ਼, ਸੰਤੋਖ ਸਿੰਘ ਸੰਧੂ, ਹੰਸ ਰਾਜ ਪਬਵਾਂ, ਬਿਹਾਰੀ ਲਾਲ ਛਾਬੜਾ, ਰਾਜਿੰਦਰ ਸਿੰਘ ਹੁਸ਼ਿਆਰਪੁਰ, ਪਰਮਜੀਤ ਆਦਮਪੁਰ ਗੁਰਦੇਵ ਸਿੰਘ, ਮਾਸਟਰ ਗੁਰਮੇਲ ਸਿੰਘ, ਮਾਸਟਰ ਕਰਨੈਲ ਸਿੰਘ, ਮਾਸਟਰ ਜੋਗਿੰਦਰ ਸਿੰਘ, ਜਸਵੀਰ ਜੱਸੀ, ਰਾਜ ਕੁਮਾਰ, ਕਸ਼ਮੀਰੀ ਲਾਲ, ਬੇਅੰਤ ਅੌਜਲਾ, ਸੁਮਨ ਲਤਾ, ਗੰਰਵ ਕੋਟਲਾ ਸਮੇਤ ਬਹੁਤ ਸਾਰੇ ਜਨਤਕ ਜਮਹੂਰੀ ਜੱਥੇਬੰਦੀਆਂ ਦੇ ਆਗੂ ਅਤੇ ਲੋਕਪੱਖੀ ਜਮਹੂਰੀ ਸ਼ਖ਼ਸੀਅਤਾਂ ਹਾਜ਼ਰ ਸਨ।ਮੰਚ ਸੰਚਾਲਨ ਦੀ ਭੂਮਿਕਾ ਡਾ. ਮੰਗਤ ਰਾਏ ਨੇ ਨਿਭਾਈ।

ਹੈਰੋਇਨ ਤੇ 150 ਨਸ਼ੀਲੀਆਂ ਗੋਲੀਆਂ ਸਮੇਤ ਦੋ ਕਾਬੂ

ਆਦਮਪੁਰ (ਪਰਮਜੀਤ ਸਿੰਘ)- ਪੁਲਸ ਵੱਲੋਂ ਦੋ ਨੌਜਵਾਨਾ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋ 07 ਗ੍ਰਾਮ ਹੈਰੋਇਨ ਅਤੇ 150 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ।ਇਸ ਸੰਬੰਧੀ

ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਕੁਲਵੰਤ ਸਿੰਘ ਪੀ ਪੀ ਐਸ ਉਪ ਪੁਲਸ ਕਪਤਾਨ ਸਬ ਡਵੀਜਨ ਆਦਮਪੁਰ ਨੇ ਦੱਸਿਆ ਕਿ ਥਾਣਾ ਮੁਖੀ ਹਰਦੇਵਪ੍ਰੀਤ ਦੀ ਅਗਵਾਈ ਹੇਠ ਏ ਐਸ ਆਈ ਪਰਮਜੀਤ ਸਿੰਘ ਅਤੇ ਪੁਲਸ ਪਾਰਟੀ ਗਸ਼ਤ ਸੰਬੰਧੀ ਅਲਾਵਲਪੁਰ ਨੇੜੇ ਮੁਹੱਲਾ ਠੱਠੀ ਚੌਂਕ ਜਾ ਰਹੇ ਸੀ ਤਾਂ ਸਾਹਮਣੇ ਤੋਂ ਦੋ ਨੌਜਵਾਨ ਮੋਟਰਸਾਈਕਲ 'ਤੇ ਅਉਂਦੇ ਦਿਖਾਈ ਦਿੱਤੇ ਜੋ ਪੁਲਸ ਪਾਰਟੀ ਨੂੰ ਦੇਖਕੇ ਮੋਟਰਸਾਈਕਲ ਖੜਾ ਕਰਕੇ ਪਿੱਛੋਂ ਨੂੰ ਭੱਜਣ ਲੱਗੇ ਤਾਂ ਰਾਣਾ ਅਤੇ ਸਾਵਨ ਦੋਨਾ ਨੌਜਵਾਨਾ ਨੇ ਆਪਣੀਆਂ ਪਹਿਨੀਆਂ ਪੈਂਟਾਂ ਦੀਆਂ ਜੇਬਾਂ 'ਚੋਂ 02 ਮੋਮੀ ਲਿਫਾਫੇ ਕੱਢ ਕੇ ਸੜਕ 'ਤੇ ਸੁੱਟ ਦਿੱਤੇ ਜਿਨ੍ਹਾਂ ਨੂੰ ਕਾਬੂ ਕਰਕੇ ਲਿਫਾਫਿਆਂ ਨੂੰ ਚੈੱਕ ਕਰਨ ਤੇ ਵਿੱਚੋਂ 07 ਗ੍ਰਾਮ ਹੈਰੋਇਨ ਅਤੇ 150 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ, ਜਿਸ 'ਤੇ ਮੁਕੱਦਮਾ ਦਰਜ ਕਰ ਕੇ ਦੋਵਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

ਕੈਬਨਿਟ ਮੰਤਰੀਆਂ ਨੇ ਸ੍ਰੀ ਰਾਮ ਨੌਮੀ ਮੌਕੇ ਸ਼ੋਭਾ ਯਾਤਰਾ 'ਚ ਕੀਤੀ ਸ਼ਿਰਕਤ

ਜਲੰਧਰ (ਸ਼ੈਲੀ ਐਲਬਰਟ) ਸ਼੍ਰੀ ਰਾਮ ਨੌਮੀ ਮੌਕੇ ਅੱਜ ਸ਼ਹਿਰ ਵਿੱਚ ਕੱਢੀ ਗਈ ਸ਼ੋਭਾ ਯਾਤਰਾ ਵਿੱਚ ਪੰਜਾਬ ਦੇ ਕੈਬਨਿਟ ਮੰਤਰੀਆਂ ਕੁਲਦੀਪ ਸਿੰਘ ਧਾਲੀਵਾਲ, ਲਾਲ ਚੰਦ ਕਟਾਰੂਚੱਕ, ਗੁਰਮੀਤ ਸਿੰਘ ਖੁੱਡੀਆਂ, ਬਰਿੰਦਰ ਕੁਮਾਰ ਗੋਇਲ, ਹਰਦੀਪ ਸਿੰਘ ਮੁੰਡੀਆਂ, ਤਰੁਨਪ੍ਰੀਤ ਸਿੰਘ ਸੌਂਦ ਅਤੇ ਮਹਿੰਦਰ ਭਗਤ ਨੇ ਸ਼ਿਰਕਤ ਕਰਦਿਆਂ ਸੂਬਾ ਵਾਸੀਆਂ ਨੂੰ ਸ਼੍ਰੀ ਰਾਮ ਨੌਮੀ ਦੇ ਪਵਿੱਤਰ ਦਿਹਾੜੇ ਦੀਆਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਭਗਵਾਨ ਸ਼੍ਰੀ ਰਾਮ ਜੀ ਦੇ ਜੀਵਨ ਤੋਂ ਸਾਨੂੰ ਸੱਚ ਦੇ ਮਾਰਗ 'ਤੇ ਚੱਲਣ ਅਤੇ ਆਪਣੇ ਫਰਜ਼ਾਂ ਨੂੰ ਪੂਰੀ ਜ਼ਿੰਮੇਵਾਰੀ ਨਾਲ ਨਿਭਾਉਣ ਦੀ ਸਿੱਖਿਆ ਮਿਲਦੀ ਹੈ। ਉਨ੍ਹਾਂ ਲੋਕਾਂ ਨੂੰ ਭਗਵਾਨ ਸ਼੍ਰੀ ਰਾਮ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸ਼੍ਰੀ ਰਾਮ ਨੌਮੀ ਉਤਸਵ ਕਮੇਟੀ ਨੂੰ ਪ੍ਰਧਾਨ ਵਿਜੇ ਚੋਪੜਾ ਦੀ ਅਗਵਾਈ ਵਿੱਚ ਹਰ ਸਾਲ ਕੀਤੇ ਜਾਂਦੇ ਇਸ ਪਵਿੱਤਰ ਉਪਰਾਲੇ ਲਈ ਵਧਾਈ ਦਿੱਤੀ ਅਤੇ ਲੋਕਾਂ ਨੂੰ ਖੁਸ਼ਹਾਲ ਅਤੇ ਬਰਾਬਰੀ ਵਾਲੇ ਸਮਾਜ ਦੇ ਨਿਰਮਾਣ ਲਈ ਸ਼੍ਰੀ ਰਾਮ ਜੀ ਦੇ ਪੂਰਨਿਆਂ 'ਤੇ ਚੱਲਣ ਦਾ ਸੱਦਾ ਦਿੱਤਾ।ਇਸ ਮੌਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਤੇ ਰਮਨ ਅਰੋੜਾ, ਸੀਨੀਅਰ ਆਪ ਆਗੂ ਰਾਜਵਿੰਦਰ ਕੌਰ ਥਿਆੜਾ, ਪਵਨ ਕੁਮਾਰ ਟੀਨੂੰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਆਦਿ ਵੀ ਮੌਜੂਦ ਸਨ।

ਸਤਿਗੁਰੂ ਰਵਿਦਾਸ ਜੀ ਦਾ 648ਵਾਂ ਪ੍ਰਕਾਸ਼ ਪੁਰਬ ਹਰਿਦੁਆਰ ਵਿਖੇ ਸ਼ਰਧਾ ਪੂਰਵਕ ਮਨਾਇਆ

ਹੁਸ਼ਿਆਰਪੁਰ/ ਹਰਿਦੁਆਰ (ਓਮ ਪ੍ਰਕਾਸ਼ ਰਾਣਾ) ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਪੁਰਬ ਨਿਰਮਲਾ ਛਾਉਣੀ ਆਸ਼ਰਮ ਹਰਿਦੁਆਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰਛਾਇਆ ਹੇਠ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਮਨਾਏ ਗਏ। ਪਹਿਲਾਂ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਤੋਂ ਉਪਰੰਤ ਰਾਗੀ ਜਥਿਆਂ, ਸੰਤਾਂ ਮਹਾਂਪੁਰਸ਼ਾਂ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ ਦੀ ਸਰਪ੍ਰਸਤੀ ਹੇਠ ਸਜਾਏ ਗਏ ਵਿਸ਼ਾਲ ਸਮਾਗਮਾਂ ਦੌਰਾਨ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ, ਸੰਤ ਇੰਦਰ ਦਾਸ ਸੋਖੇ ਜਨਰਲ ਸਕੱਤਰ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ ਵੱਲੋਂ ਸਮੂਹ ਸੰਤਾਂ, ਮਹਾਂਪੁਰਸ਼ਾਂ ਅਤੇ ਸੰਗਤਾਂ, ਹਰਿਦੁਆਰ ਪੁਲਿਸ, ਪ੍ਰਸ਼ਾਸਨ ਦਾ ਸੁਚੱਜੇ ਪ੍ਰਬੰਧਾਂ ਤੇ ਸਹਿਯੋਗ ਲਈ ਧੰਨਬਾਦ ਕੀਤਾ। ਇਸ ਮੌਕੇ ਸੁਸਾਇਟੀ ਵਲੋਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਜਥੇਬੰਦੀਆਂ ਦੇ ਆਗੂਆਂ ਦਾ ਸਿਰਪਾਓ ਤੇ ਮਮੈਂਟੋ ਭੇਟ ਕਰਕੇ

ਸਨਮਾਨਿਤ ਕੀਤਾ।ਇਸ ਮੌਕੇ ਉਤਰਾਖੰਡ ਸਰਕਾਰ ਦੇ ਕੈਬਨਿਟ ਮੰਤਰੀ ਦੇਸ਼ ਰਾਜ ਕਰਨਵਾਲ, ਰਾਜੀਵ ਸਵਰੂਪ ਆਈ ਜੀ ਗੜਵਾਲ ਮੰਡਲ ਉਤਰਾਖੰਡ ਨੇ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਇਸ ਮੌਕੇ ਸੰਤ ਬਲਵੰਤ ਸਿੰਘ ਡਿੰਗਰੀਆਂ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸੰਤ ਧਰਮਪਾਲ ਸ਼ੇਰਗੜ, ਸੰਤ ਰਮੇਸ਼ ਦਾਸ ਡੇਰਾ ਕਲਰਾਂ ਸ਼ੇਰਪੁਰ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਪ੍ਰਗਟ ਨਾਥ ਬਾਲਯੋਗੀ, ਸੰਤ ਵਿਨੈ ਮੁਨੀ ਜੰਮੂ, ਸੰਤ ਜਸਵੰਤ ਦਾਸ ਰਾਵਲਪਿੰਡੀ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਬੀਬੀ ਕਮਲੇਸ਼ ਕੁਮਾਰੀ ਨਾਹਲਾਂ,ਸੰਤ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਹਰਮੀਤ ਸਿੰਘ, ਬਣਾ ਸਾਹਿਬ, ਪ੍ਰੀਤ ਰਵਿਦਾਸੀਆ ਜਥਾ ਹਰਿਆਣਾ, ਸੰਤ ਭਗਵਾਨ ਦਾਸ ਅਬਾਦਪੁਰਾ, ਸੰਤ ਦਿਲਦਾਰ ਸਿੰਘ, ਸੰਤ ਸਤੀਸ਼ ਦਾਸ ਹਾਬਜੀ ਮੋੜ ਪੁਡਰੀ, ਸੰਤ ਗੁਰਨਾਮ ਦਾਸ ਪੁਡਰੀ ਕੈਥਲ, ਸੰਤ ਗੁਰਮੀਤ ਦਾਸ, ਰਜੇਸ਼ ਦਾਸ ਬਜਵਾੜਾ, ਸੰਤ ਮਨੋਹਰ ਦਾਸ ਲਿੱਧੜਾਂ, ਵੀ ਹਾਜਰ ਸਨ।ਇਸ ਮੌਕੇ ਡਾ. ਰਾਹੁਲ ਭਾਰਤੀ ਰਾਸ਼ਟਰੀ ਪ੍ਰਧਾਨ ਸਮਾਜਵਾਦੀ ਪਾਰਟੀ, ਆਸ਼ੂ ਨਿਰਮਲ ਸਟੇਟ ਪ੍ਰਧਾਨ ਆਮ ਆਦਮੀ ਪਾਰਟੀ, ਰਾਜਵੀਰ ਸਿੰਘ ਇੰਸਪੈਕਟਰ ਗਾਜ਼ੀਆਬਾਦ, ਪੁਸ਼ਪਿੰਦਰ ਰਾਵਤ ਸਾਬਕਾ ਪ੍ਰਧਾਨ, ਰਾਮ ਕੁਮਾਰ ਰਾਣਾ ਸਟੇਟ ਪ੍ਰਧਾਨ ਬਸਪਾ, ਬਿਰਜੇਸ਼ ਕੁਮਾਰ ਜਿਲਾ ਪ੍ਰਧਾਨ ਬਸਪਾ ਹਰਿਦੁਆਰ, ਵਿਜੇ ਪਾਲ ਸਿੰਘ ਮੰਡਲ ਪ੍ਰਧਾਨ ਭਾਜਪਾ ਵੀ ਹਾਜ਼ਰ ਸਨ।

ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨ ਵਿਖੇ 'ਦ ਮੈਨੇਜਮੈਂਟ ਕਾਰਨੀਵਲ-ਕ੍ਰਿਤੀਜ 4.0'

ਜਲੰਧਰ (ਸ਼ੈਲੀ ਐਲਬਰਟ) ਸੀ ਟੀ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਇੰਫਰਮੇਸ਼ਨ ਟੈਕਨੋਲੋਜੀ ਨੌਰਥ ਕੈਂਪਸ, ਮਕਸੂਦਾਂ ਦੇ ਪ੍ਰਬੰਧਨ ਅਧਿਐਨ ਵਿਭਾਗ ਨੇ ਆਪਣੇ ਪ੍ਰਮੁੱਖ ਇਵੈਂਟ 'ਦ ਮੈਨੇਜਮੈਂਟ ਕਾਰਨੀਵਲ - ਕ੍ਰਿਤੀਜ 4.0' ਦਾ ਚੌਥਾ ਸੰਸਕਰਣ ਸਫਲਤਾਪੂਰਵਕ ਆਯੋਜਿਤ ਕੀਤਾ। ਇਸ ਰੰਗੀਨ ਤਿਉਹਾਰ ਵਿੱਚ ਵਿਦਿਆਰਥੀਆਂ ਨੇ ਮਜ਼ੇ ਅਤੇ ਸਿੱਖਿਆ ਦਾ ਅਨੋਖਾ ਮੇਲ ਦੇਖਿਆ, ਜਿਸ ਨੇ ਕਾਲਜ ਜੀਵਨ ਦੀ ਅਸਲ ਭਾਵਨਾ ਨੂੰ ਪੇਸ਼ ਕੀਤਾ।ਕਾਰਨੀਵਲ ਵਿੱਚ ਰਚਨਾਤਮਕਤਾ, ਟੀਮਵਰਕ ਅਤੇ ਸਮੱਸਿਆ-ਹੱਲ ਕਰਨ ਦੇ ਹੁਨਰ ਨੂੰ ਵਧਾਉਣ ਵਾਲੀਆਂ ਕਈ ਗਤੀਵਿਧੀਆਂ ਸ਼ਾਮਲ ਸਨ।ਬਿਜ਼ਨੈਸ ਰੰਗੋਲੀ, ਬਿਜ਼ਨੈਸ ਕੁਵਿੱਜ਼, ਮਹਿੰਦੀ, ਤਸਵੀਰ ਵਿਆਖਿਆ, ਕੋਲਾਜ ਬਣਾਉਣਾ, ਬੇਸਟ ਆਊਟ ਆਫ਼ ਵੇਸਟ, ਸੋਲੋ ਗਾਉਣ, ਸੋਲੋ ਡਾਂਸ, ਗਰੁੱਪ ਡਾਂਸ ਅਤੇ ਫੈਸ਼ਨ ਸ਼ੋ ਵਰਗੀਆਂ ਪ੍ਰਤੀਯੋਗਤਾਵਾਂ ਨੇ ਵਿਦਿਆਰਥੀ